ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 13 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੩੦ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ਤੋਂ ਮਨੀਕਰਨ ਗਏ ਪਰਿਵਾਰ ਨਾਲ ਵਾਪਰਿਆ ਹਾਦਸਾ ! 3 ਜੀਆਂ ਦੀ ਮੌਤ

**ਕੁੱਲੂ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਕੁੱਲੂ ਜ਼ਿਲ੍ਹੇ 'ਚ ਪੰਜਾਬੀ ਪਰਿਵਾਰ ਨਾਲ ਦਰਦਨਾਕ ਸੜਕ ਹਾਦਸਾ ਵਾਪਰਿਆ ਹੈ। ਮਨੀਕਰਨ ਘਾਟੀ ਦੇ ਸਰਸਾੜੀ ਵਿੱਚ ਇੱਕ ਕਾਰ ਬੇਕਾਬੂ ਹੋ ਕੇ ਹਾਦਸੇ ਦਾ ਸ਼ਿਕਾਰ ਹੋ ਗਈ, ਜਿਸ 'ਚ ਸਵਾਰ 5 ਸੈਲਾਨੀਆਂ ਵਿੱਚੋਂ 3 ਦੀ ਮੌਤ ਹੋ ਗਈ ਹੈ। ਇਸ ਹਾਦਸੇ ਵਿੱਚ ਇੱਕ 8 ਸਾਲ ਦੀ ਬੱਚੀ ਸਮੇਤ 2 ਲੋਕ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਕਾਫੀ ਉਚਾਈ ਤੋਂ ਹੇਠਾਂ ਪਾਰਵਤੀ ਨਦੀ ਦੇ ਕਿਨਾਰੇ ਜਾ ਪਹੁੰਚੀ। ਹਾਦਸੇ ਤੋਂ ਬਾਅਦ ਕਾਰ ਦੀ ਹਾਲਤ ਬੁਰੀ ਤਰ੍ਹਾਂ ਵਿਗੜ ਗਈ 'ਤੇ ਇਸ ਵਿੱਚ ਸਵਾਰ ਲੋਕ ਅੰਦਰ ਹੀ ਬੁਰੀ ਤਰ੍ਹਾਂ ਫਸ ਗਏ ਸਨ। ਦੱਸਿਆ ਜਾ ਰਿਹਾ ਹੈ ਕਿ ਇਹ ਕਾਰ ਪੰਜਾਬ ਦੇ ਜਲੰਧਰ ਨੰਬਰ ਦੀ ਸੀ ਤੇ ਅਜਿਹਾ ਲੱਗਦਾ ਹੈ ਕਿ ਇਹ ਸਾਰੇ ਇੱਕੋ ਪਰਿਵਾਰ ਦੇ ਮੈਂਬਰ ਸਨ। ਹਾਦਸੇ ਤੋਂ ਤੁਰੰਤ ਬਾਅਦ ਮੌਕੇ 'ਤੇ ਮੌਜੂਦ ਸਥਾਨਕ ਲੋਕ ਮਦਦ ਲਈ ਮੌਕੇ 'ਤੇ ਪੁੱਜੇ। ਕਾਰ ਬੁਰੀ ਤਰ੍ਹਾਂ ਭੰਨ੍ਹੀ ਹੋਣ ਕਾਰਨ ਉਸ ਦੀਆਂ ਖਿੜਕੀਆਂ ਨਹੀਂ ਖੁੱਲ੍ਹ ਰਹੀਆਂ ਸਨ, ਜਿਸ ਕਾਰਨ ਲੋਕਾਂ ਨੂੰ ਕਾਰ ਤੋੜ ਕੇ ਫਸੇ ਹੋਏ ਲੋਕਾਂ ਨੂੰ ਬਾਹਰ ਕੱਢਣਾ ਪਿਆ। ਲੋਕਾਂ ਨੇ ਤੁਰੰਤ ਇੱਕ ਬੱਚੇ ਨੂੰ ਰੈਸਕਿਊ ਕੀਤਾ ਤੇ ਬਾਕੀਆਂ ਨੂੰ ਕੱਢਣ ਲਈ ਕਾਫੀ ਮੁਸ਼ੱਕਤ ਕਰਨੀ ਪਈ। ਬਚਾਅ ਕਾਰਜ ਦੌਰਾਨ ਜਦੋਂ ਲੋਕਾਂ ਨੇ ਉਨ੍ਹਾਂ ਨੂੰ ਬਾਹਰ ਕੱਢਿਆ ਤਾਂ ਦੋ ਲੋਕਾਂ ਦੇ ਸਾਹ ਚੱਲ ਰਹੇ ਸਨ। ਹਾਲਾਂਕਿ ਇੱਕ ਜ਼ਖ਼ਮੀ ਨੇ ਇਲਾਜ ਲਈ ਹਸਪਤਾਲ ਲਿਜਾਂਦੇ ਸਮੇਂ ਰਸਤੇ ਵਿੱਚ ਹੀ ਦਮ ਤੋੜ ਦਿੱਤਾ। ਬਾਕੀ 2 ਜ਼ਖ਼ਮੀਆਂ ਨੂੰ ਭੂੰਤਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ।

# ਨੇਪਾਲ 'ਚ ਵਾਪਰਿਆ ਵੱਡਾ ਬੱਸ ਹਾਦਸਾ

# 8 ਲੋਕਾਂ ਦੀ ਹੋਈ ਮੌਤ



**ਕਾਠਮੰਡੂ , 12 ਜੂਨ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਦੇ ਕਾਵੇਰਪਲਾਂਚੌਕ ਜ਼ਿਲ੍ਹੇ ਵਿੱਚ ਸ਼ੁੱਕਰਵਾਰ ਨੂੰ ਇੱਕ ਯਾਤਰੀ ਬੱਸ ਦੇ ਖੱਡ ਵਿੱਚ ਡਿੱਗਣ ਕਾਰਨ ਅੱਠ ਲੋਕਾਂ ਦੀ ਮੌਤ ਹੋ ਗਈ ਅਤੇ 16 ਹੋਰ ਜ਼ਖਮੀ ਹੋ ਗਏ। ਪੁਲਸ ਨੇ ਦੱਸਿਆ ਕਿ ਬੱਸ ਬਨੇਪਾ ਤੋਂ ਰੋਸ਼ੀ ਪੇਂਡੂ ਨਗਰਪਾਲਿਕਾ ਦੇ ਸੁੰਗੁਰ ਜਾ ਰਹੀ ਸੀ ਜਦੋਂ ਕਾਠਮੰਡੂ ਤੋਂ ਲਗਭਗ 60 ਕਿਲੋਮੀਟਰ ਪੂਰਬ ਵਿੱਚ ਬਨੇਪਾ-ਬਰਦੀਬਾਸ (ਬੀਪੀ) ਹਾਈਵੇਅ ਦੇ ਨਾਲ ਬੁਚਾਕੋਟ ਨੇੜੇ ਸੈਲਫੀ ਪਹਾੜੀ 'ਤੇ ਹਾਦਸੇ ਦਾ ਸ਼ਿਕਾਰ ਹੋ ਗਈ। ਬੱਸ ਪਹਾੜੀ ਸੜਕ ਤੋਂ 200 ਮੀਟਰ ਹੇਠਾਂ ਡਿੱਗਣ ਵੇਲੇ ਉਸ ਵਿੱਚ 24 ਲੋਕ ਸਵਾਰ ਸਨ। ਹਾਦਸੇ ਦਾ ਕਾਰਨ ਅਜੇ ਪਤਾ ਨਹੀਂ ਲੱਗ ਸਕਿਆ ਹੈ। ਪੁਲਸ ਦੇ ਅਨੁਸਾਰ ਜ਼ਖਮੀ ਯਾਤਰੀਆਂ ਦਾ ਧੂਲੀਖੇਲ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ।

## ਕਾਕਰੋਚ ਜਨਤਾ ਪਾਰਟੀ ਕਰ ਰਹੀ ਪੰਜਾਬ 'ਚ ਐਂਟਰੀ ! CJP ਨੇ ਅੰਮ੍ਰਿਤਸਰ 'ਚ 13 ਜੂਨ ਨੂੰ ਪ੍ਰਦਰਸ਼ਨ ਦਾ ਕੀਤਾ ਐਲਾਨ

**ਚੰਡੀਗੜ੍ਹ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਅਤੇ ਪੁਣੇ ਵਿੱਚ ਵਿਰੋਧ ਪ੍ਰਦਰਸ਼ਨ ਕਰਨ ਤੋਂ ਬਾਅਦ, ਕਾਕਰੋਚ ਜਨਤਾ ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਸਮੂਹ ਦਾ ਅਗਲਾ ਵਿਰੋਧ ਪ੍ਰਦਰਸ਼ਨ 13 ਜੂਨ ਨੂੰ ਅੰਮ੍ਰਿਤਸਰ ਵਿੱਚ ਹੋਵੇਗਾ। ਨੌਜਵਾਨਾਂ ਦੀ ਅਗਵਾਈ ਵਾਲੀ ਇਹ ਲਹਿਰ, ਜਿਸਨੂੰ ਅਕਸਰ ਭਾਰਤ ਦਾ Gen Z revolt ਕਿਹਾ ਜਾਂਦਾ ਹੈ, ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰ ਰਹੀ ਹੈ ਅਤੇ NEET ਅਤੇ CBSE ਪ੍ਰੀਖਿਆਵਾਂ ਨਾਲ ਸਬੰਧਤ ਮੁੱਦਿਆਂ 'ਤੇ ਜਵਾਬਦੇਹੀ ਦੀ ਮੰਗ ਕਰ ਰਹੀ ਹੈ। ਸੋਸ਼ਲ ਮੀਡੀਆ ਪਲੇਟਫਾਰਮ ਐਕਸ ਅਤੇ ਇੰਸਟਾਗ੍ਰਾਮ 'ਤੇ ਪੋਸਟਾਂ ਵਿੱਚ, ਡਿਪਕੇ ਨੇ ਕਿਹਾ ਕਿ ਸੀਜੇਪੀ 13 ਜੂਨ ਨੂੰ ਸ਼ਾਮ 4 ਵਜੇ ਗੋਲਡਨ ਗੇਟ 'ਤੇ ਇੱਕ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਕਰਨਗੇ। ਉਨ੍ਹਾਂ ਵਿਦਿਆਰਥੀਆਂ ਅਤੇ ਵਲੰਟੀਅਰਾਂ ਨੂੰ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਦੀ ਅਪੀਲ ਵੀ ਕੀਤੀ। ਇਹ ਅੰਦੋਲਨ, ਜੋ ਕਿ ਔਨਲਾਈਨ




ਸ਼ੁਰੂ ਹੋਇਆ ਸੀ ਅਤੇ ਹੁਣ ਸੜਕਾਂ 'ਤੇ ਵਿਰੋਧ ਪ੍ਰਦਰਸ਼ਨਾਂ ਤੱਕ ਫੈਲ ਗਿਆ ਹੈ, ਨੇ ਦੇਸ਼ ਭਰ ਦੇ ਨੌਜਵਾਨਾਂ ਨੂੰ ਇਕੱਠਾ ਕੀਤਾ ਹੈ ਜੋ ਭਾਰਤ ਦੀ ਸਿੱਖਿਆ ਪ੍ਰਣਾਲੀ ਵਿੱਚ ਸਮੱਸਿਆਵਾਂ ਬਾਰੇ ਚਿੰਤਤ ਹਨ। ਇਸਨੇ ਸਿੱਖਿਆ ਸੁਧਾਰਾਂ ਦੀ ਜ਼ਰੂਰਤ ਬਾਰੇ ਵੀ ਚਰਚਾਵਾਂ ਸ਼ੁਰੂ ਕੀਤੀਆਂ ਹਨ। 2027 ਵਿੱਚ ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਦੀ ਤਿਆਰੀ ਦੇ ਨਾਲ, ਰਾਜਨੀਤਿਕ ਪਾਰਟੀਆਂ ਪਹਿਲਾਂ ਹੀ ਆਪਣੇ ਸਮਰਥਨ ਅਧਾਰ ਨੂੰ ਮਜ਼ਬੂਤ ਕਰਨ ਲਈ ਕੰਮ ਕਰ ਰਹੀਆਂ ਹਨ। ਜੇਕਰ ਵਿਰੋਧ ਪ੍ਰਦਰਸ਼ਨ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਆਕਰਸ਼ਿਤ ਕਰਨ ਵਿੱਚ ਸਫਲ ਹੋ ਜਾਂਦਾ ਹੈ, ਤਾਂ ਇਹ ਚੋਣਾਂ ਤੋਂ ਪਹਿਲਾਂ ਰਾਜ ਵਿੱਚ ਇੱਕ ਮਹੱਤਵਪੂਰਨ ਰਾਜਨੀਤਿਕ ਮੁੱਦਾ ਬਣ ਸਕਦਾ ਹੈ।

## ਪੰਜਾਬ ਦਾ ਇਹ ਵੱਡਾ ਰਜਬਾਹਾ ਟੁੱਟਿਆ, 700 ਏਕੜ ਜ਼ਮੀਨ ਪਾਣੀ 'ਚ ਡੁੱਬੀ



**ਫਰੀਦਕੋਟ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਫਰੀਦਕੋਟ ਜ਼ਿਲ੍ਹੇ ਦੇ ਪਿੰਡ ਰਾਮੇਆਣਾ ਵਿਚ ਜੈਤੋ ਰਜਬਾਹਾ ਟੁੱਟਣ ਕਾਰਨ ਕਿਸਾਨਾਂ ਦੀ ਕਰੀਬ 700 ਏਕੜ ਜ਼ਮੀਨ ਰਕਬੇ ਵਿਚ ਪਾਣੀ ਭਰਨ ਨਾਲ ਕਿਸਾਨਾਂ ਨੂੰ ਵੱਡੀਆਂ ਸਮਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ। ਕਿਸਾਨਾਂ ਦੀ ਕਈ ਏਕੜ ਝੋਨੇ ਦੀ ਪਨੀਰੀ, ਕਰੀਬ 100 ਏਕੜ ਲਗਾਇਆ ਹੋਇਆ ਝੋਨਾ, ਮੱਕੀ ਹਰਾ ਚਾਰਾ, ਮੂੰਗੀ ਦੀ ਫਸਲ ਅਤੇ ਖੇਤਾਂ ਵਿਚ ਪਈ ਸੈਂਕੜੇ ਟਨ ਤੂੜੀ ਬਰਬਾਦ ਹੋ ਗਈ। ਗੱਲਬਾਤ ਕਰਦਿਆ ਕਿਸਾਨਾਂ ਨੇ ਦੱਸਿਆ ਕਿ ਰਜਬਾਹੇ ਦੀ ਹਾਲਤ ਬਹੁਤ ਨਾਜ਼ੁਕ ਹੈ, ਕੱਲ੍ਹ ਤੇਜ਼ ਹਨੇਰੀ ਕਾਰਨ ਸੂਏ ਵਿਚ ਦਰਖ਼ਤਾਂ ਦੀਆਂ ਟਾਹਣੀਆਂ ਟੁੱਟ ਕੇ ਡਿੱਗੀਆਂ ਸਨ, ਜੋ ਇਥੇ ਬੰਦ ਪਏ ਪੁਰਾਣੇ ਪੁਲ ਵਿਚ ਫਸਣ ਕਾਰਨ ਪਿੱਛੇ ਪਾਣੀ ਦਾ ਪੱਧਰ ਵੱਧ ਗਿਆ ਅਤੇ ਸੂਆ ਖਸਤਾ ਹਾਲ ਹੋਣ ਕਾਰਨ ਟੁੱਟ ਗਿਆ ਜਿਸ ਨਾਲ ਉਨ੍ਹਾਂ ਦੇ ਕਰੀਬ 700 ਏਕੜ ਰਕਬੇ ਵਿਚ ਪਾਣੀ ਭਰ ਗਿਆ, ਕਿਸਾਨਾਂ ਨੇ ਦੱਸਿਆ ਕਿ ਰਜਬਾਹੇ ਨੂੰ ਟੁੱਟਿਆ ਲਗਭਗ 12 ਘੰਟੇ ਤੋਂ ਵੱਧ ਦਾ ਸਮਾਂ ਹੋ ਗਿਆ ਪਰ ਹਾਲੇ ਤੱਕ ਪ੍ਰਸ਼ਾਸਨ ਵੱਲੋਂ ਪਾੜ ਨੂੰ ਪੂਰਨ ਲਈ ਨਾ ਤਾਂ ਕੋਈ ਪ੍ਰਬੰਧ ਕੀਤੇ ਗਏ ਅਤੇ ਨਾ ਹੀ ਰਜਬਾਹੇ ਵਿਚ ਪਾਣੀ ਘਟਾਇਆ ਗਿਆ। ਕਿਸਾਨਾਂ ਨੇ ਕਿਹਾ ਕਿ ਉਨ੍ਹਾਂ ਦੀ ਕਈ ਏਕੜ ਝੋਨੇ ਦੀ ਪਨੀਰੀ, ਹਰਾ ਚਾਰਾ, ਮੱਕੀ ਅਤੇ ਮੂੰਗੀ ਦੀ ਫਸਲ ਅਤੇ ਤੂੜੀ ਦਾ ਨੁਕਸਾਨ ਹੋਇਆ, ਮੋਟਰਾਂ ਦਾ ਨੁਕਸਾਨ ਹੋਇਆ, ਜਿਸ ਦਾ ਸਰਕਾਰ ਮੁਆਵਜ਼ਾ ਦੇਵੇ।

ਇਸ ਪੂਰੇ ਮਾਮਲੇ ਸਬੰਧੀ ਗੱਲਬਾਤ ਕਰਦਿਆਂ ਮੌਕੇ ਤੇ ਪਹੁੰਚੇ ਨਹਿਰ ਵਿਭਾਗ ਦੇ ਜੇ. ਈ. ਨਵਨੀਤ ਸਿੰਘ ਨੇ ਦੱਸਿਆ ਕਿ ਝੱਖੜ ਕਾਰਨ ਦਰੱਖਤ ਡਿੱਗੇ ਸਨ, ਜਿਨ੍ਹਾਂ ਦੇ ਪੱਤੇ, ਟਾਹਣੀਆਂ ਰਜਬਾਹੇ ਵਿਚ ਡਿੱਗਣ ਕਾਰਨ ਰਜਬਾਹਾ ਟੁਟਿਆ ਹੈ। ਉਨ੍ਹਾਂ ਕਿਹਾ ਕਿ ਪਾਣੀ ਬੰਦ ਕਰ ਦਿੱਤਾ ਗਿਆ ਹੈ ਅਤੇ ਪਿੰਡ ਵਾਲਿਆਂ ਨਾਲ ਮਿਲ ਕੇ ਬਚਾਅ ਕਾਰਜ ਸ਼ੁਰੂ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਰਜਬਾਹੇ ਦੀ ਹਾਲਤ ਖਸਤਾ ਹੈ ਅਤੇ ਇਸ ਦੀ ਰੀਲਾਈਨਿੰਗ ਦਾ ਪ੍ਰੋਜੈਕਟ ਪਾਸ ਹੋ ਚੁੱਕਿਆ ਜਲਦ ਹੀ ਇਸ ਦਾ ਨਵੀਨੀਕਰਨ ਕੀਤਾ ਜਾਵੇਗਾ।

## ਟੋਰਾਂਟੋ ਹਵਾਈ ਅੱਡੇ 'ਤੇ ਰੋਕੇ ਗਏ ਅਕਾਲੀ ਆਗੂ ਬੰਟੀ ਰੋਮਾਣਾ, ਵਾਪਸ ਭਾਰਤ ਪਰਤੇ

**ਟੋਰਾਂਟੋ/ਚੰਡੀਗੜ੍ਹ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸੀਨੀਅਰ ਆਗੂ ਅਤੇ ਪਾਰਟੀ ਦੇ ਮੁੱਖ ਬੁਲਾਰੇ ਪਰਮਬੰਸ ਸਿੰਘ 'ਬੰਟੀ' ਰੋਮਾਣਾ ਨੂੰ ਕੈਨੇਡਾ ਦੇ ਟੋਰਾਂਟੋ ਹਵਾਈ ਅੱਡੇ 'ਤੇ ਦਾਖ਼ਲੇ ਤੋਂ ਰੋਕ ਦਿੱਤਾ ਗਿਆ, ਜਿਸ ਕਾਰਨ ਉਨ੍ਹਾਂ ਨੂੰ ਵਾਪਸ ਭਾਰਤ ਪਰਤਣਾ ਪਿਆ। ਪਾਰਟੀ ਸੂਤਰਾਂ ਅਨੁਸਾਰ, ਬੰਟੀ ਰੋਮਾਣਾ ਅਕਾਲੀ ਦਲ ਦੇ ਇੱਕ ਵਫ਼ਦ ਨਾਲ ਕੈਨੇਡਾ ਦੌਰੇ 'ਤੇ ਪਹੁੰਚੇ ਸਨ, ਜਿੱਥੇ ਉਨ੍ਹਾਂ ਨੇ ਪਾਰਟੀ ਦੇ ਸਮਰਥਕਾਂ ਅਤੇ ਐਨਆਰਆਈ ਭਾਈਚਾਰੇ ਨਾਲ ਵੱਖ-ਵੱਖ ਪ੍ਰੋਗਰਾਮਾਂ



ਵਿੱਚ ਸ਼ਮੂਲੀਅਤ ਕਰਨੀ ਸੀ। ਹਾਲਾਂਕਿ ਟੋਰਾਂਟੋ ਪਹੁੰਚਣ 'ਤੇ ਕੈਨੇਡੀਅਨ ਇਮੀਗ੍ਰੇਸ਼ਨ ਅਧਿਕਾਰੀਆਂ ਨੇ ਉਨ੍ਹਾਂ ਨੂੰ ਹਵਾਈ ਅੱਡੇ 'ਤੇ ਹੀ ਰੋਕ ਲਿਆ। ਜਾਣਕਾਰੀ ਮੁਤਾਬਕ, ਕਿਸੇ ਸ਼ਿਕਾਇਤ ਦੇ ਆਧਾਰ 'ਤੇ ਅਧਿਕਾਰੀਆਂ ਨੇ ਰੋਮਾਣਾ ਤੋਂ ਲੰਬੀ ਪੁੱਛਗਿੱਛ ਕੀਤੀ। ਇਸ ਦੌਰਾਨ ਉਨ੍ਹਾਂ ਦੇ ਖ਼ਿਲਾਫ਼ ਦਰਜ ਮਾਮਲਿਆਂ, ਅਦਾਲਤੀ ਕਾਰਵਾਈਆਂ ਅਤੇ ਕੈਨੇਡਾ ਦੌਰੇ ਦੇ ਮਕਸਦ ਸਬੰਧੀ ਸਵਾਲ ਕੀਤੇ ਗਏ। ਕਈ ਘੰਟਿਆਂ ਤੱਕ ਜਾਂਚ ਚੱਲਣ ਦੇ ਬਾਵਜੂਦ ਉਨ੍ਹਾਂ ਨੂੰ ਦੇਸ਼ ਵਿੱਚ ਦਾਖ਼ਲ ਹੋਣ ਦੀ ਮਨਜ਼ੂਰੀ ਨਹੀਂ ਦਿੱਤੀ ਗਈ। ਸੂਤਰਾਂ ਦਾ ਕਹਿਣਾ ਹੈ ਕਿ ਸ਼ਿਕਾਇਤ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਰੋਮਾਣਾ ਖ਼ਿਲਾਫ਼ ਭਾਰਤ ਵਿੱਚ ਕੁਝ ਮਾਮਲੇ ਦਰਜ ਹਨ ਅਤੇ ਉਹ ਇੱਕ ਰਾਜਨੀਤਿਕ ਦੌਰੇ 'ਤੇ ਕੈਨੇਡਾ ਆਏ ਹਨ। ਇਸ ਦੇ ਨਾਲ ਹੀ ਉਨ੍ਹਾਂ ਬਾਰੇ ਕੁਝ ਹੋਰ ਇਤਰਾਜ਼ ਵੀ ਕੈਨੇਡੀਅਨ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦੇ ਗਏ ਸਨ, ਜਿਨ੍ਹਾਂ ਦੇ ਆਧਾਰ 'ਤੇ ਉਨ੍ਹਾਂ ਦੀ ਵਧੇਰੇ ਜਾਂਚ ਕੀਤੀ ਗਈ। ਅਕਾਲੀ ਦਲ ਨਾਲ ਜੁੜੇ ਸੂਤਰਾਂ ਅਨੁਸਾਰ, ਕਈ ਘੰਟਿਆਂ ਦੀ ਉਡੀਕ ਤੋਂ ਬਾਅਦ ਵੀ ਜਦੋਂ ਸਥਿਤੀ ਸਪੱਸ਼ਟ ਨਾ ਹੋਈ ਅਤੇ ਦਾਖ਼ਲੇ ਦੀ ਇਜਾਜ਼ਤ ਨਹੀਂ ਮਿਲੀ ਤਾਂ ਬੰਟੀ ਰੋਮਾਣਾ ਨੇ ਭਾਰਤ ਵਾਪਸ ਮੁੜਨ ਦਾ ਫ਼ੈਸਲਾ ਕਰ ਲਿਆ। ਇਸ ਘਟਨਾ ਤੋਂ ਬਾਅਦ ਕੈਨੇਡਾ ਵਿੱਚ ਰਹਿੰਦੇ ਅਕਾਲੀ ਸਮਰਥਕਾਂ ਅਤੇ ਕੁਝ ਭਾਈਚਾਰਕ ਆਗੂਆਂ ਵੱਲੋਂ ਵੀ ਅਧਿਕਾਰੀਆਂ ਨਾਲ ਸੰਪਰਕ ਕਰਕੇ ਮਾਮਲੇ ਦਾ ਹੱਲ ਲੱਭਣ ਦੀ ਕੋਸ਼ਿਸ਼ ਕੀਤੀ ਗਈ, ਪਰ ਕੋਈ ਨਤੀਜਾ ਨਹੀਂ ਨਿਕਲ ਸਕਿਆ। ਉੱਧਰ, ਕੈਨੇਡਾ ਸਰਕਾਰ ਜਾਂ ਇਮੀਗ੍ਰੇਸ਼ਨ ਅਧਿਕਾਰੀਆਂ ਵੱਲੋਂ ਅਜੇ ਤੱਕ ਇਸ ਮਾਮਲੇ ਸਬੰਧੀ ਕੋਈ ਅਧਿਕਾਰਕ ਬਿਆਨ ਜਾਰੀ ਨਹੀਂ ਕੀਤਾ ਗਿਆ। ਇਸ ਲਈ ਬੰਟੀ ਰੋਮਾਣਾ ਨੂੰ ਦਾਖ਼ਲਾ ਨਾ ਮਿਲਣ ਦੇ ਅਸਲ ਕਾਰਨਾਂ ਬਾਰੇ ਹਾਲੇ ਤੱਕ ਸਪੱਸ਼ਟਤਾ ਨਹੀਂ ਹੈ। ਇਸ ਘਟਨਾ ਨੇ ਪੰਜਾਬ ਦੀ ਸਿਆਸਤ ਅਤੇ ਵਿਦੇਸ਼ਾਂ ਵਿੱਚ ਸਰਗਰਮ ਪੰਜਾਬੀ ਸਿਆਸੀ ਧਿਰਾਂ ਦੇ ਕੰਮਕਾਜ ਨੂੰ ਲੈ ਕੇ ਨਵੀਂ ਚਰਚਾ ਛੇੜ ਦਿੱਤੀ ਹੈ।

## ਦਰਬਾਰ ਸਾਹਿਬ ਕੰਪਲੈਕਸ ਵਿਖੇ ਗੁਰਦੁਆਰਾ ਸਾਹਿਬ 'ਚ ਬੇਅਦਬੀ ਦੀ ਕੋਸ਼ਿਸ਼ ਕਰਨ ਦੇ ਮਾਮਲੇ 'ਚ ਵੱਡਾ ਖੁਲਾਸਾ




**ਅੰਮ੍ਰਿਤਸਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਦਰਬਾਰ ਸਾਹਿਬ ਕੰਪਲੈਕਸ ਸਥਿਤ ਗੁਰਦੁਆਰਾ ਸ਼ਹੀਦ ਗੁਰਬਖਸ਼ ਸਿੰਘ ਵਿਖੇ ਬੇਅਦਬੀ ਦੀ ਕੋਸ਼ਿਸ਼ ਕਰਨ ਵਾਲੇ ਮੁਲਜ਼ਮ ਨੂੰ ਲੈ ਕੇ ਵੱਡਾ ਖ਼ੁਲਾਸਾ ਹੋਇਆ ਹੈ। ਮੁਲਜ਼ਮ ਦੀ ਇਕ ਵੀਡੀਓ ਸਾਹਮਣੇ ਆਈ ਹੈ, ਜਿਸ ਵਿਚ ਉਹ ਇਹ ਆਖਦਾ ਨਜ਼ਰ ਆ ਰਿਹਾ ਹੈ ਕਿ ਅੰਬਾਲਾ ਵਿਖੇ ਉਸ ਦੀ ਗੱਡੀ ਦਾ ਚਲਾਨ ਕੱਟਿਆ ਗਿਆ ਸੀ, ਜਿਸ ਤੋਂ ਬਾਅਦ ਉਹ ਬੱਸ ਰਾਹੀਂ ਪਹਿਲਾਂ ਜਲੰਧਰ ਆਇਆ ਅਤੇ ਫਿਰ ਅੰਮ੍ਰਿਤਸਰ ਪਹੁੰਚਿਆ। ਮੁਲਜ਼ਮ ਨੇ ਦੱਸਿਆ ਕਿ ਉਹ ਇਕੱਲਾ ਹੀ ਹੈ। ਮੁਲਜ਼ਮ ਇਹ ਵੀ ਕਹਿੰਦਾ ਸੁਣਾਈ ਦੇ ਰਿਹਾ ਹੈ ਕਿ ਉਸ ਨੂੰ ਮਰਨ ਤੋਂ ਡਰ ਨਹੀਂ ਲੱਗਦਾ ਹੈ, ਜੇ ਉਸ ਨੇ ਕੋਈ ਗ਼ਲਤੀ ਕੀਤੀ ਹੈ ਤਾਂ ਉਸ ਨੂੰ ਮਾਰ ਦਿੱਤਾ ਜਾਵੇ। ਮੁੱਢਲੀ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਦੋਸ਼ੀ ਉੱਤਰ ਪ੍ਰਦੇਸ਼ ਦਾ ਰਹਿਣ ਵਾਲਾ ਹੈ। ਪੁਲਸ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਕੇਸ ਦਰਜ ਕਰ ਲਿਆ ਹੈ ਅਤੇ ਉਸ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਨਾਲ ਹੀ ਇਹ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਉਸ ਦੀ ਇਸ ਹਰਕਤ ਦੇ ਪਿੱਛੇ ਕੋਈ ਨਿੱਜੀ ਮਨਸ਼ਾ ਸੀ ਜਾਂ ਕਿਸੇ ਵੱਡੀ ਸਾਜ਼ਿਸ਼ ਦਾ ਹਿੱਸਾ।

### ਕਿਵੇਂ ਵਾਪਰੀ ਘਟਨਾ

ਜਾਣਕਾਰੀ ਅਨੁਸਾਰ ਕਰੀਬ 35 ਸਾਲਾ ਇਕ ਵਿਅਕਤੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਲਈ ਪਹੁੰਚਿਆ ਸੀ। ਆਮ ਸ਼ਰਧਾਲੂ ਵਾਂਗ ਦਰਸ਼ਨ ਕਰਨ ਅਤੇ ਨਤਮਸਤਕ ਹੋਣ ਤੋਂ ਬਾਅਦ ਉਸ ਦੀਆਂ ਹਰਕਤਾਂ ਅਚਾਨਕ ਸ਼ੱਕੀ ਹੋ ਗਈਆਂ। ਦੱਸਿਆ ਜਾ ਰਿਹਾ ਹੈ ਕਿ ਗੁਰਦੁਆਰਾ ਬਾਬਾ ਗੁਰਬਖਸ਼ ਸਿੰਘ ਵਿਖੇ ਉਹ ਵਿਅਕਤੀ ਗੁਰੂ ਸਾਹਿਬ ਦੇ ਅਗਲੇ ਪਾਸੇ ਸਜਾਏ ਗਏ ਪਵਿੱਤਰ ਸ਼ਸਤਰਾਂ ਨੂੰ ਚੁੱਕਣ ਦੀ ਕੋਸ਼ਿਸ਼ ਕਰਨ ਲੱਗਾ। ਉੱਥੇ ਡਿਊਟੀ ਨਿਭਾਅ ਰਹੇ ਸੇਵਾਦਾਰਾਂ ਨੇ ਫੁਰਤੀ ਨਾਲ ਕਾਰਵਾਈ ਕਰਦਿਆਂ ਉਸ ਨੂੰ ਤੁਰੰਤ ਕਾਬੂ ਕਰ ਲਿਆ ਅਤੇ ਮਾਮਲੇ ਦੀ ਜਾਣਕਾਰੀ ਸੁਰੱਖਿਆ ਕਰਮਚਾਰੀਆਂ ਅਤੇ ਪੁਲਸ ਨੂੰ ਦਿੱਤੀ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਦਮਦਮੀ ਟਕਸਾਲ

ਨਾਮ ਜਪੋ | ਕਿਰਤ ਕਰੋ | ਵੰਡ ਛਕੋ

Naam Japo | Kirat Karo | Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ॥
ਨਾ ਸਰੋ ਮਨਸੂਰ ਗੁਰੂ ਗੋਬਿੰਦ ਸਿੰਘ ਜੀ॥

# ਪੰਥ ਅਕਾਲੀ ਤਰਨਾ ਦਲ

ਚਲਦਾ ਵਹੀਰ ਚੱਕਰਵਤੀ ਨਿਹੰਗ ਸਿੰਘ ਪੰਜਾਬ ਹਿੰਦੁਸਤਾਨ
ਰਜਿ: ਨੋਟੀਫਿਕੇਸ਼ਨ ਨੰ: ਐਕਸ.ਐਕਸ.ਆਈ. ੧੮੬੦ ਗੌਰਮਿੰਟ ਮਿਸਲ ਸ਼ਹੀਦ ਬਾਬਾ ਬੋਤਾ ਸਿੰਘ ਜੀ
ਬਾਬਾ ਗਰਜਾ ਸਿੰਘ ਜੀ ਪੜਾਅ ਨਿਹੰਗ ਸਿੰਘ ਛਾਉਣੀ

## ਸੱਦਾ ਪੱਤਰ

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਪਾ:੧ ਅਤੇ
ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਪਾ:੬ ਦੀ ਚਰਨ ਛੂਹ ਪ੍ਰਾਪਤ

## ਗੁਰਦੁਆਰਾ ਟਿੱਬਾ ਸਾਹਿਬ, ਪਿੰਡ ਭੋਲ ਬਾਘੇ



ਸੱਚਖੰਡ ਵਾਸੀ ਸਿੰਘ ਸਾਹਿਬ ਬਾਬਾ ਦਲਬੀਰ ਸਿੰਘ ਜੀ
ਮੁਕਤਸਰ ਸਾਹਿਬ ਵਾਲੇ

ਤਹਿ: ਬਟਾਲਾ, ਗੁਰਦਾਸਪੁਰ ਵਿਖੇ

# ਉਸਾਰੀ ਦਾ ਨੀਂਹ ਪੱਥਰ

## 16 ਜੂਨ 2026, ਦਿਨ ਮੰਗਲਵਾਰ ਨੂੰ

## ਸੰਗਤਾਂ ਦੇ ਸਹਿਯੋਗ ਅਤੇ ਬੜੀ ਸਰਧਾ ਭਾਵਨਾ ਨਾਲ ਰੱਖਿਆ ਜਾਵੇਗਾ।

:: ਪਹੁੰਚ ਰਹੇ ਮਹਾਂਪੁਰਸ਼ ::

ਸਿੰਘ ਸਾਹਿਬ ਜੱਥੇਦਾਰ ਕੁਲਦੀਪ ਸਿੰਘ ਗੱੜਗੱਜ
ਸ੍ਰ. ਹਰਜਿੰਦਰ ਸਿੰਘ ਧਾਮੀ, ਪ੍ਰਧਾਨ SGPC
ਸ੍ਰੀ ਮਾਨ ਸੰਤ ਜੀਤ ਸਿੰਘ ਜੀ ਜੌਹਲਾਂ ਵਾਲੇ
ਸ੍ਰੀ ਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਦਲ ਪੰਥ ਬਾਬਾ ਬਿਧੀ ਚੰਦ ਜੀ
ਸ੍ਰੀ ਮਾਨ ਜੱਥੇਦਾਰ ਬਾਬਾ ਜੋਗਾ ਸਿੰਘ ਜੀ, ਮੁਖੀ ਤਰਨਾ ਦਲ, ਬਾਬਾ ਬਕਾਲਾ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਮਾਨ ਸੰਤ ਬਾਬਾ ਪਰਮਜੀਤ ਸਿੰਘ ਜੀ, ਹੰਸਾਲੀ ਵਾਲੇ
ਸ੍ਰੀ ਮਾਨ ਜੱਥੇਦਾਰ ਸੰਤ ਬਾਬਾ ਜਗਿੰਦਰ ਸਿੰਘ ਜੀ, ਰਕਬੇ ਵਾਲੇ
ਸ੍ਰੀ ਮਾਨ ਜੱਥੇਦਾਰ ਸੰਤ ਬਾਬਾ ਮੇਜਰ ਸਿੰਘ ਜੀ, ਮੁਖੀ ਦਸ਼ਮੇਸ਼ ਤਰਨਾ ਦਲ
ਸ੍ਰੀ ਮਾਨ ਸੰਤ ਬਾਬਾ ਲੀਡਰ ਸਿੰਘ ਜੀ, ਸੈਫਲਾਬਾਦ ਵਾਲੇ
ਸ੍ਰੀ ਮਾਨ ਸੰਤ ਬਾਬਾ ਸੁੱਖਾ ਸਿੰਘ ਜੀ, ਰੜ੍ਹਾ ਸਾਹਿਬ, ਪੱਕਾ ਪੁਲ੍ਹ ਵਾਲੇ



ਮੁੱਖ ਜਥੇਦਾਰ ਬਾਬਾ ਰਣਜੀਤ ਸਿੰਘ ਜੀ
ਮੁਕਤਸਰ ਸਾਹਿਬ ਵਾਲੇ



ਜੱਥੇਦਾਰ ਸੰਤ ਬਾਬਾ ਗੁਰਬਚਨ ਸਿੰਘ ਜੀ
ਅਣਖੀ, ਲੀਵਰ ਪੂਲ ਯੂ.ਕੇ



ਜਥੇਦਾਰ ਬਾਬਾ ਗੁਰਪ੍ਰੀਤ ਸਿੰਘ ਜੀ
ਮੁਕਤਸਰ ਸਾਹਿਬ ਵਾਲੇ



ਜੱਥੇਦਾਰ ਬਾਬਾ ਕਰਨ ਸਿੰਘ ਜੀ
ਹਜ਼ਾਰਾ, ਯੂ.ਕੇ

**M: 81464 29412, 76269-10039, 88729 29799**


1984 ਦੇ ਸ਼ਹੀਦਾਂ ਦੀ ਯਾਦ ਵਿੱਚ ਔਟਵਾ ਪਾਰਲੀਮੈਂਟ ਹਿੱਲ ਤੇ
42 YEARS OF INJUSTICE
THE WORLD HAS NOT FORGOTTEN
JUNE 1984
OTTAWA PARLIAMENT HILL
Rememberance Event
Saturday June 13th 2026 @12pm
ਸਲਾਨਾ
ਇਕੱਠ
ਆਵਾਜ਼ਿ ਕੌਮ
AWAZE QAUM
International Newspaper & WEB TV

### ਮੁੱਖ ਮੰਤਰੀ ਦੇਵੇਂਦਰ ਫੜਨਵੀਸ ਵੱਲੋਂ ਮੰਤਰੀ ਗਿਰੀਸ਼ ਮਹਾਜਨ ਦੇ ਮਹਿਤਾ ਚੌਂਕ ’ਚ ਦਿੱਤੇ

# ਭਾਸ਼ਣ ਦਾ ਸਮਰਥਨ ਸ਼ਲਾਘਾਯੋਗ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਪੰਜਾਬ ਦੇ ਬੁਲਾਰੇ ਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਹੈ ਕਿ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਵੱਲੋਂ ਆਪਣੇ ਮੰਤਰੀ ਮੰਡਲ ਦੇ ਸਾਥੀ ਮੰਤਰੀ ਗਿਰੀਸ਼ ਮਹਾਜਨ ਦੇ ਹੱਕ ਵਿੱਚ ਦਿੱਤਾ ਗਿਆ ਸਪੱਸ਼ਟ ਅਤੇ ਦ੍ਰਿੜ੍ਹ ਸਮਰਥਨ ਸ਼ਲਾਘਾ ਦੇ ਯੋਗ ਹੈ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਦੇ ਮੁੱਖ ਦਫ਼ਤਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਮਹਿਤਾ ਚੌਂਕ ਵਿਖੇ ਆਯੋਜਿਤ ਸ਼ਹੀਦੀ ਸਮਾਗਮ ਦੌਰਾਨ ਸ੍ਰੀ ਮਹਾਜਨ ਵੱਲੋਂ ਦਿੱਤੇ ਗਏ ਸੰਬੋਧਨ ਸਬੰਧੀ ਮੁੱਖ ਮੰਤਰੀ ਫੜਨਵੀਸ ਦਾ ਬੇਬਾਕੀ ਨਾਲ ਇਹ ਕਹਿਣਾ ਕਿ ਇਸ ਵਿੱਚ “ਕੁਝ ਵੀ ਗ਼ਲਤ ਨਹੀਂ ਸੀ÷, ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਪ੍ਰਤੀ ਉਨ੍ਹਾਂ ਦੀ ਸੰਵੇਦਨਸ਼ੀਲਤਾ ਅਤੇ ਨੈਤਿਕ ਸਪਸ਼ਟਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਫੜਨਵੀਸ ਵੱਲੋਂ ਜੂਨ 1984 ਦੀਆਂ ਦੁਖਦਾਈ ਘਟਨਾਵਾਂ ਅਤੇ ਉਸ ਤੋਂ ਬਾਅਦ ਹੋਏ ਸਿੱਖ ਵਿਰੋਧੀ ਹਿੰਸਕ ਘਟਨਾਕ੍ਰਮ ਬਾਰੇ ਖੁੱਲ੍ਹ ਕੇ ਆਪਣੀ ਗੱਲ ਰੱਖਣਾ ਇੱਕ ਜ਼ਿੰਮੇਵਾਰ, ਸੰਵੇਦਨਸ਼ੀਲ, ਦ੍ਰਿੜ੍ਹ ਇੱਛਾ-ਸ਼ਕਤੀ ਰੱਖਣ ਵਾਲੇ ਅਤੇ ਸਿਧਾਂਤਾਂ ਪ੍ਰਤੀ ਵਚਨਬੱਧ ਰਾਜਨੇਤਾ ਦੀ ਵਿਲੱਖਣ ਪਹਿਚਾਣ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਰਾਜਨੀਤਿਕ ਅਵਸਰਵਾਦ ਤੋਂ ਉੱਪਰ ਉੱਠ ਕੇ ਪੀੜਤ ਭਾਈਚਾਰੇ ਦੇ ਦਰਦ ਨੂੰ ਸਮਝਣ ਵਾਲੇ ਆਪਣੇ ਸਾਥੀ ਮੰਤਰੀ ਸ੍ਰੀ ਮਹਾਜਨ ਨਾਲ ਚਟਾਨ ਵਾਂਗ ਸਾਬਤ ਕਦਮੀ ਖੜ੍ਹੇ ਰਹਿਣਾ ਹਰ ਕਿਸੇ ਸਿਆਸੀ ਆਗੂ ਦੇ ਵੱਸ ਦੀ ਗੱਲ ਨਹੀਂ ਹੁੰਦੀ।

**• ਮੁੱਖ ਮੰਤਰੀ ਫੜਨਵੀਸ ਦਾ ਬੇਬਾਕੀ ਨਾਲ ਇਹ ਕਹਿਣਾ ਕਿ ਸ੍ਰੀ ਮਹਾਜਨ ਦੇ ਸੰਬੋਧਨ ’ਚ “ਕੁਝ ਵੀ ਗਲਤ ਨਹੀਂ ਸੀ, ਸਿੱਖਾਂ ਪ੍ਰਤੀ ਸੰਵੇਦਨਸ਼ੀਲਤਾ ਅਤੇ ਨੈਤਿਕ ਸਪਸ਼ਟਤਾ ਨੂੰ ਦਰਸਾਉਂਦਾ ਹੈ • ਸਿੱਖ ਵਿਰੋਧੀ ਅੱਤਿਆਚਾਰਾਂ ਬਾਰੇ ਸੱਚ ਬੋਲਣਾ ਇੱਕ ਜ਼ਿੰਮੇਵਾਰ, ਸੰਵੇਦਨਸ਼ੀਲ, ਦ੍ਰਿੜ੍ਹ ਤੇ ਸਾਬਤ ਕਦਮੀ ਆਗੂ ਦੀ ਪਹਿਚਾਣ**

ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਫੜਨਵੀਸ ਅਤੇ ਸ੍ਰੀ ਮਹਾਜਨ ਵੱਲੋਂ ’ਹਾਅ’ ਦਾ ਨਾਅਰਾ ਮਾਰਦਿਆਂ ਸਿੱਖ ਭਾਈਚਾਰੇ ਨਾਲ ਪ੍ਰਗਟਾਈ ਗਈ ਇਹ ਇੱਕਜੁੱਟਤਾ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਜੀ ਦੀ ਦੂਰਅੰਦੇਸ਼ੀ ਸੋਚ ਦਾ ਵੀ ਪ੍ਰਤੀਕ ਹੈ, ਜਿਨ੍ਹਾਂ ਨੇ ਸਿੱਖਾਂ ਅਤੇ ਹਿੰਦੂਆਂ ਦਰਮਿਆਨ ਆਪਸੀ ਸਮਝ, ਸਤਿਕਾਰ ਅਤੇ ਸਦਭਾਵਨਾ ਦਾ ਮਾਹੌਲ ਸਿਰਜਣ ਲਈ ਨਿਰੰਤਰ ਯਤਨ ਕੀਤੇ ਹਨ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਅਤੇ ਭਾਜਪਾ ਮਿਲ ਕੇ ਪੰਜਾਬ ਅਤੇ ਦੇਸ਼ ਭਰ ਵਿੱਚ ਹਿੰਦੂ-ਸਿੱਖ ਭਾਈਚਾਰਕ ਸਾਂਝ ਅਤੇ ਸਮਾਜਿਕ ਸਦਭਾਵਨਾ ਨੂੰ ਹੋਰ ਮਜ਼ਬੂਤ ਕਰਨ ਲਈ ਯਤਨਸ਼ੀਲ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਹੈ ਕਿ ਕਿਸੇ ਸੀਨੀਅਰ ਭਾਜਪਾ ਆਗੂ ਅਤੇ ਸੂਬੇ ਦੇ ਪ੍ਰਭਾਵਸ਼ਾਲੀ ਮੰਤਰੀ ਨੇ ਸ੍ਰੀ ਦਰਬਾਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਸ੍ਰੀਮਤੀ ਇੰਦਰਾ ਗਾਂਧੀ ਵੱਲੋਂ ਧੱਕੇ ਨਾਲ ਕੀਤੀ ਗਈ ਫ਼ੌਜੀ ਕਾਰਵਾਈ ਨੂੰ ’ਹਮਲਾ’ ਕਿਹਾ ਹੋਵੇ। ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ 10 ਅਗਸਤ 2023 ਨੂੰ ਸੰਸਦ ਵਿੱਚ ਇਸ ਵਰਤਾਰੇ ਨੂੰ ’ਹਮਲਾ’ ਕਰਾਰ ਦੇ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦਾ ਦ੍ਰਿੜ੍ਹ ਸੰਕਲਪ ਇਸ ਗੱਲ ਦਾ ਮਹੱਤਵਪੂਰਨ ਸੰਦੇਸ਼ ਹੈ ਕਿ ਇਤਿਹਾਸ ਦੇ ਕਾਲੇ ਅਧਿਆਵਾਂ ਨੂੰ ਰਾਜਨੀਤਿਕ ਸਹੂਲਤ ਦੇ ਨਾਮ ’ਤੇ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਉਨ੍ਹਾਂ ਕਿਹਾ ਕਿ ਜੂਨ 1984 ਦੀਆਂ ਘਟਨਾਵਾਂ ਅਤੇ ਉਸ ਤੋਂ ਬਾਅਦ ਹੋਏ ਸਿੱਖ ਵਿਰੋਧੀ ਦੰਗਿਆਂ ਨੇ ਸਿੱਖ ਮਨ ’ਤੇ ਡੂੰਘੇ ਅਤੇ ਸਥਾਈ ਜ਼ਖ਼ਮ ਛੱਡੇ ਹਨ। ਅੱਜ ਵੀ ਹਜ਼ਾਰਾਂ ਪਰਿਵਾਰ ਇਨਸਾਫ਼ ਦੀ ਉਡੀਕ ਕਰ ਰਹੇ ਹਨ। ਅਜਿਹੇ ਸਮੇਂ ਵਿੱਚ ਜਦੋਂ ਦੇਸ਼ ਦਾ ਕੋਈ ਮੁੱਖ ਮੰਤਰੀ ਨਿਡਰ ਹੋ ਕੇ ਇਨ੍ਹਾਂ ਵਧੀਕੀਆਂ ਦੀ ਨਿੰਦਾ ਕਰਦਾ ਹੈ, ਤਾਂ ਇਹ ਸਿਰਫ਼ ਇੱਕ ਰਾਜਨੀਤਿਕ ਬਿਆਨ ਨਹੀਂ ਰਹਿੰਦਾ, ਸਗੋਂ ਇਤਿਹਾਸਕ ਸੱਚ ਦੀ ਨੈਤਿਕ ਪ੍ਰਮਾਣਿਕਤਾ ਅਤੇ ਨਿਆਂ ਦੇ ਹੱਕ ਵਿੱਚ ਇੱਕ ਸਿਧਾਂਤਕ ਸਟੈਂਡ ਬਣ ਜਾਂਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਫੜਨਵੀਸ ਵੱਲੋਂ ਕਾਂਗਰਸ ਦੀ ਅਗਵਾਈ ਹੇਠ ਸਿੱਖਾਂ ’ਤੇ ਦਿੱਲੀ, ਪੰਜਾਬ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਕਦੇ ਵੀ ਨਾ ਭੁਲਾਏ ਜਾ ਸਕਣ ਵਾਲੇ ਕਤਲੇਆਮ ਅਤੇ ਅੱਤਿਆਚਾਰਾਂ ਖ਼ਿਲਾਫ਼ ਆਵਾਜ਼ ਬੁਲੰਦ ਕਰਦਿਆਂ ਕਾਂਗਰਸ ਦਾ ਜ਼ਿੰਦਗੀ ਦੇ ਆਖ਼ਰੀ ਸਾਹ ਤੱਕ ਵਿਰੋਧ ਕਰਨ ਸਬੰਧੀ ਪ੍ਰਗਟਾਈ ਗਈ ਵਚਨਬੱਧਤਾ ਕਰੋੜਾਂ ਸਿੱਖ ਮਨਾਂ ਨੂੰ ਡੂੰਘਾਈ ਤੱਕ ਛੂਹਣ ਵਾਲੀ ਹੈ। ਸ੍ਰੀ ਫੜਨਵੀਸ, ਸਿੱਖਾਂ ਦੇ ਦਰਦ ਦੀ ਆਵਾਜ਼ ਬਣਦਿਆਂ, ਅੱਜ ਲੱਖਾਂ-ਕਰੋੜਾਂ ਸਿੱਖਾਂ ਦੀਆਂ ਭਾਵਨਾਵਾਂ, ਪੀੜਾ ਅਤੇ ਨਿਆਂ ਦੀ ਆਸ ਦੇ ਤਰਜਮਾਨ ਬਣ ਕੇ ਉੱਭਰੇ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਮੁੱਖ ਮੰਤਰੀ ਫੜਨਵੀਸ ਨੇ ਆਪਣੇ ਸੰਬੋਧਨ ਵਿੱਚ ਮੰਤਰੀ ਗਿਰੀਸ਼ ਮਹਾਜਨ ਵੱਲੋਂ ਸਿੱਖ ਕੌਮ ਦੇ ਗੌਰਵਮਈ ਇਤਿਹਾਸ ਅਤੇ ਭਾਰਤ ਦੀ ਆਜ਼ਾਦੀ, ਰਾਸ਼ਟਰੀ ਸੁਰੱਖਿਆ, ਖੇਤੀਬਾੜੀ, ਉਦਯੋਗ ਅਤੇ ਰਾਸ਼ਟਰ ਨਿਰਮਾਣ ਵਿੱਚ ਉਸ ਦੇ ਅਦੁੱਤੀ ਯੋਗਦਾਨ ਦਾ ਜ਼ਿਕਰ ਕੀਤੇ ਜਾਣ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਸਿੱਖ ਭਾਈਚਾਰੇ ਨੂੰ ਰਾਸ਼ਟਰੀ ਮੁੱਖ ਧਾਰਾ ਨਾਲ ਹੋਰ ਮਜ਼ਬੂਤੀ ਨਾਲ ਜੋੜਨ ਲਈ ਭਾਰਤ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਦਾ ਵੀ ਹਵਾਲਾ ਦਿੱਤਾ ਅਤੇ ਪੰਜਾਬ ਵਿੱਚ ਨਸ਼ਿਆਂ ਦੀ ਵਧ ਰਹੀ ਸਮੱਸਿਆ ਪ੍ਰਤੀ ਚਿੰਤਾ ਜ਼ਾਹਿਰ ਕੀਤੀ।

ਪ੍ਰੋ. ਖਿਆਲਾ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਆਪਣੇ ਪਿਆਰਿਆਂ ਨੂੰ ਗੁਆਇਆ ਹੈ, ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਇਤਿਹਾਸ ਦੇ ਇਨ੍ਹਾਂ ਦੁਖਦਾਈ ਅਧਿਆਵਾਂ ਨੂੰ ਭੁਲਾਇਆ ਨਾ ਜਾਵੇ, ਸਗੋਂ ਉਨ੍ਹਾਂ ਤੋਂ ਸਬਕ ਲੈ ਕੇ ਭਵਿੱਖ ਵਿੱਚ ਅਜਿਹੀਆਂ ਤ੍ਰਾਸਦੀਆਂ ਦੀ ਦੁਹਰਾਈ ਨੂੰ ਰੋਕਿਆ ਜਾਵੇ। ਪ੍ਰਭਾਵਿਤ ਪਰਿਵਾਰਾਂ ਦੇ ਦੁੱਖ ਨੂੰ ਸਮਝਣਾ ਅਤੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਵਚਨਬੱਧ ਰਹਿਣਾ ਹੀ ਕਿਸੇ ਵੀ ਲੋਕਤੰਤਰੀ ਵਿਵਸਥਾ ਦੀ ਅਸਲ ਕਸੌਟੀ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਹਮੇਸ਼ਾ ਭਾਰਤ ਦੀ ਏਕਤਾ, ਅਖੰਡਤਾ ਅਤੇ ਤਰੱਕੀ ਵਿੱਚ ਵਿਲੱਖਣ ਅਤੇ ਮਹੱਤਵਪੂਰਨ ਯੋਗਦਾਨ ਪਾਇਆ ਹੈ। ਇਸ ਲਈ ਸਿੱਖਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨਾ ਅਤੇ ਉਨ੍ਹਾਂ ਦੇ ਇਤਿਹਾਸਕ ਅਨੁਭਵਾਂ ਅਤੇ ਪੀੜਾ ਨੂੰ ਸੰਵੇਦਨਸ਼ੀਲਤਾ ਨਾਲ ਸਮਝਣਾ ਸਮੇਂ ਦੀ ਲੋੜ ਹੋਣ ਦੇ ਨਾਲ-ਨਾਲ ਇੱਕ ਨੈਤਿਕ ਜ਼ਿੰਮੇਵਾਰੀ ਵੀ ਹੈ।

### ਐਡਵੋਕੇਟ ਧਾਮੀ ਦੀ ਅਗਵਾਈ ’ਚ ਸ਼੍ਰੋਮਣੀ ਕਮੇਟੀ ਵਫ਼ਦ ਨੇ

# ਯੂਬਾ ਸਿਟੀ ਵਿਖੇ ਸਥਾਨਕ ਸਿੱਖ ਆਗੂਆਂ ਨਾਲ ਕੀਤੀ ਇਕੱਤਰਤਾ



**ਅੰਮ੍ਰਿਤਸਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ’ਚ ਅਮਰੀਕਾ ਪੁੱਜੇ ਉੱਚ ਪੱਧਰੀ ਵਫ਼ਦ ਨੇ ਸ. ਦੀਦਾਰ ਸਿੰਘ ਬੈਂਸ ਦੇ ਘਰ ਸਥਾਨਕ ਸਿੱਖ ਆਗੂਆਂ ਅਤੇ ਪੰਜਾਬੀ ਭਾਈਚਾਰੇ ਨਾਲ ਇਕੱਤਰਤਾ ਕਰਕੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਣ ਵਾਲੇ ਧਰਮ ਪ੍ਰਚਾਰ ਕਾਰਜਾਂ ਸਬੰਧੀ ਵਿਚਾਰਾਂ ਕੀਤੀਆਂ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਵਿਦੇਸ਼ਾਂ ਅੰਦਰ ਵੱਸਦੇ ਸਿੱਖ ਭਾਈਚਾਰੇ ਨੇ ਆਪਣੀ ਮਿਹਨਤ ਦੇ ਬਲ ’ਤੇ ਵੱਡੀਆਂ ਪ੍ਰਾਪਤੀਆਂ ਹਾਸਲ ਕੀਤੀਆਂ ਹਨ ਅਤੇ ਇਨ੍ਹਾਂ ਦੇਸ਼ਾਂ ਦੇ ਵਿਕਾਸ ਵਿਚ ਵੀ ਜ਼ਿਕਰਯੋਗ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰੇ ਵੱਲੋਂ ਵਿਦੇਸ਼ਾਂ ਅੰਦਰ ਆਪਣੀ ਵਿਰਾਸਤ ਨੂੰ ਸੰਭਾਲਣ ਦੇ ਯਤਨ ਵੀ ਸ਼ਲਾਘਾਯੋਗ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਜਿਥੇ ਦੇਸ਼ ਦੇ ਵੱਖ-ਵੱਖ ਸੂਬਿਆਂ ਅੰਦਰ ਸਿੱਖ ਮਿਸ਼ਨ ਕਾਰਜਸ਼ੀਲ ਹਨ, ਉਥੇ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਵਿਦੇਸ਼ਾਂ ਅੰਦਰ ਵੱਸਦੇ ਸਿੱਖਾਂ ਅਤੇ ਖ਼ਾਸਕਰ ਨੌਜੁਆਨ ਪੀੜ੍ਹੀ ਨੂੰ ਗੁਰਮਤਿ, ਸਿੱਖ ਇਤਿਹਾਸ ਤੇ ਆਪਣੇ ਵਿਰਸੇ ਨਾਲ ਜੋੜਨ ਲਈ ਅਮਰੀਕਾ ਦੇ ਯੂਬਾਸਿਟੀ ਵਿਖੇ ਸਿੱਖ ਸੈਂਟਰ ਸਥਾਪਿਤ ਕੀਤਾ ਜਾ ਰਿਹਾ ਹੈ। ਇਸ ਕਾਰਜ ਲਈ ਸਵਰਗੀ ਸ. ਦੀਦਾਰ ਸਿੰਘ ਬੈਂਸ ਨੇ ਆਪਣੇ ਵੱਲੋਂ 14.5 ਏਕੜ ਜ਼ਮੀਨ ਸ਼੍ਰੋਮਣੀ ਕਮੇਟੀ ਨੂੰ ਦਿੱਤੀ ਸੀ। ਉਨ੍ਹਾਂ ਕਿਹਾ ਕਿ ਸਿੱਖ ਮਿਸ਼ਨ, ਪ੍ਰੈੱਸ ਤੇ ਗੁਰਮਤਿ ਵਿਦਿਆਲਾ ਖੋਲ੍ਹੇ ਜਾਣ ਦੇ ਕਾਰਜ ਲਈ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰ ਲਈਆਂ ਗਈਆਂ ਹਨ ਅਤੇ ਆਰਕੀਟੈਂਕਟਾਂ ਤੋਂ ਨਕਸ਼ੇ ਤਿਆਰ ਕਰਵਾਏ ਜਾ ਰਹੇ ਹਨ ਤੇ ਸੰਗਤਾਂ ਦੇ ਸਹਿਯੋਗ ਨਾਲ ਜਲਦ ਇਸ ਕਾਰਜ ਦੀ ਆਰੰਭਤਾ ਕਰ ਦਿੱਤੀ ਜਾਵੇਗੀ। ਇਸ ਕਾਰਜ ਨੂੰ ਪਹਿਲ ਦੇ ਅਧਾਰ ’ਤੇ ਮੁਕੰਮਲ ਕੀਤਾ ਜਾਵੇਗਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖਾਂ ਦੀ ਨੁਮਾਇੰਦਾ ਸੰਸਥਾ ਹੋਣ ਦੇ ਨਾਤੇ ਵਿਸ਼ਵ ਭਰ ਵਿਚ ਵਸਦੀਆਂ ਸਿੱਖ ਸੰਗਤਾਂ ਨਾਲ ਮਜ਼ਬੂਤ ਰਾਬਤਾ ਬਨਾਉਣ ਲਈ ਵਚਨਬਧ ਹੈ ਅਤੇ ਅਮਰੀਕਾ ਵਿਚ ਖੋਲ੍ਹਿਆ ਜਾਣ ਵਾਲਾ ਸਿੱਖ ਮਿਸ਼ਨ ਧਰਮ ਦੇ ਪ੍ਰਚਾਰ ਪ੍ਰਸਾਰ ਦੇ ਨਾਲ-ਨਾਲ ਸਥਾਨਕ ਸਿੱਖ ਸੰਗਤਾਂ ਅਤੇ ਸ਼੍ਰੋਮਣੀ ਕਮੇਟੀ ਦਰਮਿਆਨ ਮਜ਼ਬੂਤ ਪੁੱਲ ਦਾ ਕੰਮ ਕਰੇਗਾ। ਉਨ੍ਹਾਂ ਸਥਾਨਕ ਸੰਗਤਾਂ ਤੋਂ ਭਰਵੇਂ ਸਹਿਯੋਗ ਦੀ ਆਸ ਪ੍ਰਗਟਾਈ। ਸਥਾਨਕ ਸਿੱਖ ਆਗੂਆਂ ਨੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਪੰਥਕ ਅਤੇ ਲੋਕ ਭਲਾਈ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਸ਼੍ਰੋਮਣੀ ਕਮੇਟੀ ਨੂੰ ਪੂਰਨ ਸਹਿਯੋਗ ਦੀ ਵਚਨਬਧਤਾ ਪ੍ਰਗਟਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਅਮਰੀਕਾ ਨਿਵਾਸੀ ਸ. ਦਿਲਬਾਗ ਸਿੰਘ ਬੈਂਸ, ਸ. ਕਰਮਦੀਪ ਸਿੰਘ ਬੈਂਸ, ਸ. ਅਜੀਤ ਸਿੰਘ ਬੈਂਸ, ਸ. ਕੇਵਲ ਸਿੰਘ ਨਾਗਰਾ, ਸ. ਲਖਬੀਰ ਸਿੰਘ ਨਾਗਰਾ, ਸ. ਹਰਜੀਤ ਸਿੰਘ, ਸ. ਬਲਜਿੰਦਰ ਸਿੰਘ ਢਿੱਲੋਂ, ਸ. ਨਰਿੰਦਰ ਸਿੰਘ ਅਟਵਾਲ, ਸ. ਕੁਲਦੀਪ ਸਿੰਘ ਅਟਵਾਲ, ਸ. ਅਮਰਜੀਤ ਸਿੰਘ ਸੰਘਾ, ਸ. ਕੁਲਤਾਰ ਸਿੰਘ ਅਟਵਾਲ, ਸ. ਹਰਭਜਨ ਸਿੰਘ ਸੰਧੂ, ਸ. ਦਲਬੀਰ ਸਿੰਘ ਗਿੱਲ, ਸ. ਰੁਪਿੰਦਰ ਸਿੰਘ ਗਿੱਲ, ਸ. ਰਮਿੰਦਰ ਸਿੰਘ ਬਿਹਲਾ, ਸ. ਸੁਖਜੀਵਨ ਸਿੰਘ ਬਿਹਲਾ, ਸ. ਜੋਗਿੰਦਰ ਸਿੰਘ ਨਿੱਜਰ, ਸ. ਰੇਸ਼ਮ ਸਿੰਘ ਪੁਰੇਵਾਲ, ਸ. ਦਲਬੀਰ ਸਿੰਘ ਗਿੱਲ, ਸ. ਸੁਰਜੀਤ ਸਿੰਘ ਸੰਘਾ, ਸ. ਕਮਲ ਸਿੰਘ ਧਾਰੀਵਾਲ, ਸ. ਇੰਦਰਜੀਤ ਸਿੰਘ ਕਲਟ, ਸ. ਅਜੀਤ ਸਿੰਘ ਬੈਂਸ, ਸ. ਪਾਉਲ ਸਿੰਘ ਬੱਲ, ਸ. ਸੁਰਿੰਦਰ ਸਿੰਘ ਧਾਮੀ, ਸ. ਬਿੱਕਰ ਸਿੰਘ ਧਾਮੀ ਅਤੇ ਹੋਰ ਮੌਜੂਦ ਸਨ।

**ਸ਼੍ਰੋਮਣੀ ਕਮੇਟੀ ਵੱਲੋਂ ਅਮਰੀਕਾ ’ਚ ਸਿੱਖ ਮਿਸ਼ਨ ਤੇ ਪ੍ਰੈੱਸ ਸਮੇਤ ਹੋਰ ਕਾਰਜ ਜਲਦ ਮੁਕੰਮਲ ਕੀਤੇ ਜਾਣਗੇ- ਐਡਵੋਕੇਟ ਧਾਮੀ**

ਆਵਾਜ਼ਿ ਕੌਮ AWAZE QAUM International Newspaper & WEB TV

# ਗੁ. ਸ੍ਰੀ ਨਾਨਕਿਆਣਾ ਸਾਹਿਬ ਸੰਗਰੂਰ ਵਿਖੇ ਛੋਟੇ ਬੱਚਿਆਂ ਦੇ ਸਮਰ ਕੈਂਪ ਦਾ ਆਯੋਜਨ ਕੀਤਾ ਗਿਆ





**ਸੰਗਰੂਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਮਿਤੀ 12-6-26 ਨੂੰ ਗੁ. ਸ੍ਰੀ ਨਾਨਕਿਆਣਾ ਸਾਹਿਬ ਸੰਗਰੂਰ ਵਿਖੇ ਛੋਟੇ ਬੱਚਿਆਂ ਦੇ ਸਮਰ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਭਾਗ ਲਿਆ ਇਸ ਸਮੇਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਜ਼ੋਨ ਸੰਗਰੂਰ ਅਤੇ ਸੁਖਮਨੀ ਸੇਵਾ ਸਸੋਇਟੀ ਸੰਗਰੂਰ ਵੱਲੋਂ ਵੀ ਭਰਪੂਰ ਸਹਿਯੋਗ ਕੀਤਾ ਗਿਆ ਕੈਂਪ ਦੀ ਅਰੰਭਤਾ ਮੌਕੇ ਸ੍ਰ ਰਜਿੰਦਰ ਸਿੰਘ ਮੈਨੇਜਰ ਗੁ. ਸ੍ਰੀ ਨਾਨਕਿਆਣਾ ਸਾਹਿਬ ਸੰਗਰੂਰ ਵੱਲੋਂ ਜੀ ਆਇਆਂ ਆਖਿਆ ਗਿਆ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਨੇ ਗੁ. ਸਾਹਿਬ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ ਬੱਚਿਆਂ ਨੂੰ ਦੱਸ ਗੁਰੂ ਸਾਹਿਬਾਨਾਂ ਦੀ ਜੀਵਨੀ ਬਾਰੇ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਸਬੰਧੀ ਜਾਣਕਾਰੀ ਸਾਂਝੀ ਕੀਤੀ । ਕੈਂਪ ਦੀ ਸਮਾਪਤੀ ਦੋਰਾਨ ਜਥੇਦਾਰ ਹਰਦੇਵ ਸਿੰਘ ਰੋਗਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੱਚਿਆਂ ਦਾ ਅਤੇ ਸਮੁੱਚੀ ਸੰਗਤ ਦਾ ਧੰਨਵਾਦ ਕੀਤਾ ਗੁਰੂ ਗੋਬਿੰਦ ਸਟੱਡੀ ਸਰਕਲ ਅਤੇ ਸ੍ਰੀ ਸੁਖਮਨੀ ਸੇਵਾ ਸੋਸਾਇਟੀ ਦੇ ਸਮੁੱਚੇ ਮੈਂਬਰਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ ਇਸ ਸਮੇਂ ਵਿਸ਼ੇਸ਼ ਤੌਰ ਤੇ ਜਥੇ ਮਲਕੀਤ ਸਿੰਘ ਚੰਗਾਲ ਮੈਂਬਰ ਸ਼੍ਰੋਮਣੀ ਕਮੇਟੀ ਹਾਜ਼ਰ ਸਨ ਇਹਨਾਂ ਨਾਲ ਸ੍ਰ ਸੁਰਿੰਦਰਪਾਲ ਸਿੰਘ ਸਿਦਕੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਜੋਨ ਸੰਗਰੂਰ ਸ੍ਰ ਹਰਭਜਨ ਸਿੰਘ ਭੱਟੀ ਪ੍ਰਧਾਨ ਸ੍ਰੀ ਸੁਖਮਨੀ ਸੇਵਾ ਸੋਸਇਟੀ ਸੰਗਰੂਰ ਰਾਜਿੰਦਰ ਸਿੰਘ ਲੱਕੀ ਬਲਵੰਤ ਸਿੰਘ ਜਸਵਿੰਦਰ ਸਿੰਘ ਅਤੇ ਹੋਰ ਸੰਗਤਾਂ ਹਾਜ਼ਰ ਸਨ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਦੇ ਪ੍ਰਬੰਧਕ ਵੱਲੋਂ ਬੱਚਿਆਂ ਲਈ ਠੱਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਨਾਲ ਲੰਗਰ ਪ੍ਰਸ਼ਾਦ ਤਿਆਰ ਕੀਤਾ ਗਿਆ ਬੱਚਿਆਂ ਨੇ ਸਮਰ ਕੈਂਪ ਵਿੱਚ ਸ਼ਮੂਲੀਅਤ ਕਰਕੇ ਗੁਰੂ ਇਤਿਹਾਸ ਸੁਣ ਕੇ ਖੁਸ਼ੀ ਖੁਸ਼ੀ ਵਾਪਸੀ ਕੀਤੀ

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲ ਤਖ਼ਤ ਦੀ ਮਰਿਆਦਾ ਤੇ ਖੁਦਮੁਖਤਿਆਰੀ ਨੂੰ ਚੁਣੌਤੀ ਦੇ ਰਹੇ ਹਨ ਹਾਲੀਆ ਘਟਨਾਕ੍ਰਮ: ਜੱਥੇਦਾਰ ਰੇਸ਼ਮ ਸਿੰਘ ਜਰਮਨੀ

## ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮੇ ਤੋਂ ਐਸਆਈਟੀ ਤੱਕ, ਜੱਥੇਦਾਰ ਰੇਸ਼ਮ ਸਿੰਘ ਜਰਮਨੀ ਨੇ ਖੋਲ੍ਹਿਆ ਪੂਰਾ ਮਾਮਲਾ



ਨਵੀਂ ਦਿੱਲੀ 12 ਜੂਨ (ਮਨਪ੍ਰੀਤ ਸਿੰਘ ਖਾਲਸਾ):- ਗਿਆਨੀ ਰਘਬੀਰ ਸਿੰਘ ਵੱਲੋਂ ਸੁਖਬੀਰ ਸਿੰਘ ਬਾਦਲ ਸਬੰਧੀ ਐਸਆਈਟੀ ਅੱਗੇ ਦਿੱਤੇ ਬਿਆਨ ਤੋਂ ਬਾਅਦ ਪੰਥਕ ਅਤੇ ਰਾਜਨੀਤਿਕ ਹਲਕਿਆਂ ਵਿੱਚ ਨਵੀਂ ਬਹਿਸ ਛਿੜ ਗਈ ਹੈ। ਜਥੇਦਾਰ ਰੇਸ਼ਮ ਸਿੰਘ ਨੇ ਕਿਹਾ ਹੈ ਕਿ ਇਸ ਮਾਮਲੇ ਨੂੰ ਕੇਵਲ ਮੌਜੂਦਾ ਵਿਵਾਦ ਦੇ ਦਾਇਰੇ ਵਿੱਚ ਨਹੀਂ ਵੇਖਣਾ ਚਾਹੀਦਾ, ਸਗੋਂ ਇਸ ਦੇ ਪਿੱਛੇ ਰਹੇ ਘਟਨਾਕ੍ਰਮ ਅਤੇ ਸੰਸਥਾਗਤ ਹਾਲਾਤਾਂ ਨੂੰ ਵੀ ਧਿਆਨ ਵਿੱਚ ਰੱਖਣਾ ਲਾਜ਼ਮੀ ਹੈ। ਉਨ੍ਹਾਂ ਅਨੁਸਾਰ 2 ਦਸੰਬਰ 2025 ਦੇ ਹੁਕਮਨਾਮੇ ਨੂੰ ਰੱਦ ਕਰਨ ਦੀ ਘਟਨਾ ਨੇ ਅਕਾਲ ਤਖ਼ਤ ਸਾਹਿਬ ਦੀ ਪ੍ਰਮੁੱਖਤਾ, ਉਸ ਦੀਆਂ ਰਵਾਇਤਾਂ ਅਤੇ ਪੰਥਕ ਸੰਸਥਾਵਾਂ ਦੀ ਖੁਦਮੁਖਤਿਆਰੀ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਜਲਾਵਤਨੀ ਆਗੂ ਜਥੇਦਾਰ ਰੇਸ਼ਮ ਸਿੰਘ ਨੇ ਕਿਹਾ ਕਿ ਪਿਛਲੇ ਕੁਝ ਸਾਲਾਂ ਦੌਰਾਨ ਧਾਰਮਿਕ ਅਤੇ ਰਾਜਨੀਤਿਕ ਸੰਸਥਾਵਾਂ ਦੇ ਆਪਸੀ ਸਬੰਧਾਂ ਨੂੰ ਲੈ ਕੇ ਕਈ ਵਿਵਾਦ ਸਾਹਮਣੇ ਆਏ ਹਨ। ਹੁਕਮਨਾਮਿਆਂ ਤੋਂ ਬਾਅਦ ਹੋਈਆਂ ਤਬਦੀਲੀਆਂ ਅਤੇ ਵੱਖ-ਵੱਖ ਫ਼ੈਸਲਿਆਂ ਨੇ ਇਹ ਪ੍ਰਭਾਵ ਛੱਡਿਆ ਕਿ ਪੰਥਕ ਸੰਸਥਾਵਾਂ ਦੀ ਸੁਤੰਤਰਤਾ ਬਾਰੇ ਚਿੰਤਾਵਾਂ ਲਗਾਤਾਰ ਵਧ ਰਹੀਆਂ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਜੇਕਰ ਸੰਸਥਾਵਾਂ ਦੀ ਸਾਖ ਅਤੇ ਅਧਿਕਾਰ ਨੂੰ ਮਜ਼ਬੂਤ ਕਰਨਾ ਹੈ ਤਾਂ ਫ਼ੈਸਲੇ ਪੰਥਕ ਪਰੰਪਰਾਵਾਂ ਅਤੇ ਮਰਿਆਦਾਵਾਂ ਦੇ ਅਨੁਸਾਰ ਹੀ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਵਿਵਾਦ ਨੂੰ ਕੇਵਲ ਵਿਅਕਤੀਆਂ ਦੇ ਟਕਰਾਅ ਵਜੋਂ ਪੇਸ਼ ਕਰਨ ਦੀ ਬਜਾਏ ਇਸ ਨੂੰ ਪੰਥਕ ਸੰਸਥਾਵਾਂ ਦੀ ਕਾਰਗੁਜ਼ਾਰੀ ਅਤੇ ਜਵਾਬਦੇਹੀ ਨਾਲ ਜੋੜ ਕੇ ਵੇਖਣ ਦੀ ਲੋੜ ਹੈ। ਉਨ੍ਹਾਂ ਨੇ ਪੰਥਕ ਵਿਦਵਾਨਾਂ, ਧਾਰਮਿਕ ਸ਼ਖ਼ਸੀਅਤਾਂ ਅਤੇ ਸਿੱਖ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਵਿਚਾਰ-ਵਟਾਂਦਰੇ ਰਾਹੀਂ ਅਕਾਲ ਤਖ਼ਤ ਸਾਹਿਬ ਦੀ ਪਰੰਪਰਾਗਤ ਮਰਿਆਦਾ ਅਤੇ ਖੁਦਮੁਖਤਿਆਰੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਸਾਂਝੇ ਉਪਰਾਲੇ ਕਰਨ। ਜਥੇਦਾਰ ਰੇਸ਼ਮ ਸਿੰਘ ਨੇ ਇਹ ਵੀ ਕਿਹਾ ਕਿ ਮੌਜੂਦਾ ਜਥੇਦਾਰਾਂ ਨੂੰ ਆਪਣੇ ਫ਼ਰਜ਼ਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਹੋਰ ਗੰਭੀਰਤਾ ਨਾਲ ਧਿਆਨ ਦੇਣ ਦੀ ਲੋੜ ਹੈ ਤਾਂ ਜੋ ਭਵਿੱਖ ਵਿੱਚ ਕਿਸੇ ਨਵੇਂ ਵਿਵਾਦ ਨੂੰ ਜਨਮ ਲੈਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਅਤੀਤ ਦੀਆਂ ਘਟਨਾਵਾਂ ਤੋਂ ਸਬਕ ਲੈ ਕੇ ਪੰਥਕ ਸੰਸਥਾਵਾਂ ਦੀ ਮਜ਼ਬੂਤੀ, ਨਿਰਪੱਖਤਾ ਅਤੇ ਭਰੋਸੇਯੋਗਤਾ ਨੂੰ ਕਾਇਮ ਰੱਖਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਸੁਖਬੀਰ ਸਿੰਘ ਬਾਦਲ ਅਕਾਲ ਤਖ਼ਤ ਸਾਹਿਬ ਤੋਂ ਲਾਈ ਗਈ ਧਾਰਮਿਕ ਸਜ਼ਾ ਭੁਗਤਣ ਤੋਂ ਬਾਅਦ ਇਸ ਮਾਮਲੇ ਉੱਤੇ ਚੁੱਪ ਰਹਿੰਦੇ ਤਾਂ ਅੱਜ ਅਜਿਹੇ ਹਾਲਾਤ ਪੈਦਾ ਨਾ ਹੁੰਦੇ। ਉਨ੍ਹਾਂ ਦਾ ਕਹਿਣਾ ਸੀ ਕਿ ਮੌਜੂਦਾ ਵਿਵਾਦ ਨੇ ਇੱਕ ਵਾਰ ਫਿਰ ਸਿੱਖ ਸੰਸਥਾਵਾਂ ਦੀ ਖੁਦਮੁਖਤਿਆਰੀ ਅਤੇ ਪੰਥਕ ਅਧਿਕਾਰਾਂ ਦੇ ਸਵਾਲ ਨੂੰ ਉਭਾਰ ਦਿੱਤਾ ਹੈ। ਜਥੇਦਾਰ ਰੇਸ਼ਮ ਸਿੰਘ ਨੇ ਕਿਹਾ ਕਿ ਜੇ ਸਿੱਖ ਕੌਮ ਕੋਲ ਆਪਣਾ ਰਾਜ-ਭਾਗ ਹੁੰਦਾ ਤਾਂ ਵਿਰੋਧੀ ਤਾਕਤਾਂ ਦੀਆਂ ਅਦਾਲਤਾਂ ਵੀ ਪੰਥਕ ਮਾਮਲਿਆਂ ਵਿੱਚ ਸਿੱਖਾਂ ਦੇ ਵਿਰੁੱਧ ਵਰਤੀਆਂ ਨਾ ਜਾਂਦੀਆਂ। ਉਨ੍ਹਾਂ ਕਿਹਾ ਕਿ ਪੰਥਕ ਮਸਲਿਆਂ ਦਾ ਹੱਲ ਪੰਥਕ ਪਰੰਪਰਾਵਾਂ ਅਤੇ ਸੰਸਥਾਵਾਂ ਦੇ ਦਾਇਰੇ ਅੰਦਰ ਹੀ ਲੱਭਿਆ ਜਾਣਾ ਚਾਹੀਦਾ ਹੈ, ਤਾਂ ਜੋ ਸਿੱਖ ਕੌਮ ਦੀਆਂ ਸੰਸਥਾਵਾਂ ਦੀ ਮਰਿਆਦਾ ਅਤੇ ਅਧਿਕਾਰ ਬਰਕਰਾਰ ਰਹਿ ਸਕਣ।

## ਪੰਥਕ ਏਕਤਾ ਸਮੇਂ ਦੀ ਮੁੱਖ ਲੋੜ, ਆਪਸੀ ਦੂਸ਼ਣਬਾਜ਼ੀ ਤੋਂ ਬਚ ਕੇ

# ਗੱਲਬਾਤ ਰਾਹੀਂ ਮਸਲੇ ਹੱਲ ਕੀਤੇ ਜਾਣ: ਭਾਈ ਮੋਹਕਮ ਸਿੰਘ











**ਵੈਨਸਫੀਲਡ (ਇੰਗਲੈਂਡ) 12 ਜੂਨ, (ਆਵਾਜ਼ਿ ਕੌਮ ਬਿਊਰੋ)-** ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਵੱਲੋਂ ਦਮਦਮੀ ਟਕਸਾਲ ਨਾਲ ਸੰਬੰਧਿਤ ਪ੍ਰਸਿੱਧ ਪੰਥਕ ਸ਼ਖਸੀਅਤ ਭਾਈ ਮੋਹਕਮ ਸਿੰਘ ਨਾਲ ਇੱਕ ਵਿਸ਼ੇਸ਼ ਮੀਟਿੰਗ ਅਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਖਾਲਸਾ ਪੰਥ ਨੂੰ ਦਰਪੇਸ਼ ਮੌਜੂਦਾ ਚੁਣੌਤੀਆਂ, ਪੰਥਕ ਜਥੇਬੰਦੀਆਂ ਵਿੱਚ ਵਧ ਰਹੀ ਦੂਰੀ, ਆਪਸੀ ਮਤਭੇਦਾਂ ਅਤੇ ਪੰਥਕ ਏਕਤਾ ਦੀ ਲੋੜ ਬਾਰੇ ਖੁੱਲ੍ਹ ਕੇ ਚਰਚਾ ਕੀਤੀ ਗਈ।

ਗੱਲਬਾਤ ਦੌਰਾਨ ਭਾਈ ਮੋਹਕਮ ਸਿੰਘ ਜੀ ਨੇ ਕਿਹਾ ਕਿ ਅੱਜ ਪੰਜਾਬ ਅਤੇ ਵਿਦੇਸ਼ਾਂ ਵਿੱਚ ਕੰਮ ਕਰ ਰਹੀਆਂ ਪੰਥਕ ਜਥੇਬੰਦੀਆਂ ਦੇ ਵਿਚਕਾਰ ਆਪਸੀ ਪਾੜਾ ਅਤੇ ਇੱਕ-ਦੂਜੇ ਪ੍ਰਤੀ ਦੂਸ਼ਣਬਾਜ਼ੀ ਚਿੰਤਾਜਨਕ ਪੱਧਰ ਤੱਕ ਵਧ ਚੁੱਕੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਕੌਮ ਦੀ ਤਾਕਤ ਉਸਦੀ ਏਕਤਾ ਵਿੱਚ ਹੁੰਦੀ ਹੈ ਅਤੇ ਜੇਕਰ ਪੰਥ ਆਪਣੇ ਮਕਸਦਾਂ ਵਿੱਚ ਕਾਮਯਾਬੀ ਹਾਸਲ ਕਰਨਾ ਚਾਹੁੰਦਾ ਹੈ ਤਾਂ ਸਭ ਤੋਂ ਪਹਿਲਾਂ ਆਪਸੀ ਵਿਸ਼ਵਾਸ ਅਤੇ ਸਹਿਯੋਗ ਦਾ ਮਾਹੌਲ ਬਣਾਉਣਾ ਹੋਵੇਗਾ।

ਉਨ੍ਹਾਂ ਕਿਹਾ ਕਿ ਅਸੀਂ ਅਕਸਰ ਆਪਣੀ ਗੱਲ ਕਹਿਣ ਅਤੇ ਦੂਜਿਆਂ ਨੂੰ ਸਮਝਾਉਣ ਦੀ ਕੋਸ਼ਿਸ਼ ਕਰਦੇ ਹਾਂ, ਪਰ ਸਾਨੂੰ ਦੂਜਿਆਂ ਦੀ ਗੱਲ ਸੁਣਨ ਦੀ ਆਦਤ ਵੀ ਪੈਦਾ ਕਰਨੀ ਚਾਹੀਦੀ ਹੈ। ਜਦੋਂ ਵੱਖ-ਵੱਖ ਵਿਚਾਰਧਾਰਾਵਾਂ ਵਾਲੇ ਲੋਕ ਬੈਠ ਕੇ ਗੱਲ ਕਰਦੇ ਹਨ ਤਾਂ ਮਤਭੇਦ ਹੋਣਾ ਸੁਭਾਵਿਕ ਗੱਲ ਹੈ, ਪਰ ਇਹ ਮਤਭੇਦ ਮਨਭੇਦਾਂ ਵਿੱਚ ਨਹੀਂ ਬਦਲਣੇ ਚਾਹੀਦੇ। ਉਨ੍ਹਾਂ ਕਿਹਾ ਕਿ ਹਰ ਜਥੇਬੰਦੀ ਅਤੇ ਹਰ ਕਾਰਕੁਨ ਆਪਣੀ ਸਮਰੱਥਾ ਅਨੁਸਾਰ ਪੰਥ ਦੀ ਸੇਵਾ ਕਰ ਰਿਹਾ ਹੈ। ਕੋਈ ਵੱਧ ਯੋਗਦਾਨ ਪਾ ਸਕਦਾ ਹੈ ਅਤੇ ਕੋਈ ਘੱਟ, ਪਰ ਕਿਸੇ ਦੇ ਯੋਗਦਾਨ ਨੂੰ ਘੱਟ ਨਹੀਂ ਅੰਕਣਾ ਚਾਹੀਦਾ।

ਭਾਈ ਮੋਹਕਮ ਸਿੰਘ ਜੀ ਨੇ ਕਿਹਾ ਕਿ ਇਹ ਸੋਚ ਛੱਡਣੀ ਹੋਵੇਗੀ ਕਿ ਕੇਵਲ ਇੱਕ ਹੀ ਜਥੇਬੰਦੀ ਜਾਂ ਇੱਕ ਹੀ ਧਿਰ ਪੰਥ ਦੀ ਅਸਲ ਨੁਮਾਇੰਦਗੀ ਕਰਦੀ ਹੈ। ਉਨ੍ਹਾਂ ਕਿਹਾ ਕਿ ਪੰਥ ਦੀ ਤਾਕਤ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਵਿੱਚ ਹੈ ਅਤੇ ਸਮੇਂ ਦੀ ਲੋੜ ਹੈ ਕਿ ਸਾਰੀਆਂ ਪੰਥਕ ਧਿਰਾਂ ਆਪਸੀ ਸਨਮਾਨ ਅਤੇ ਸਹਿਯੋਗ ਨਾਲ ਕੰਮ ਕਰਨ।

ਚਰਚਾ ਦੌਰਾਨ ਪੰਜਾਬ ਦੇ ਰਾਜਨੀਤਿਕ ਅਤੇ ਸਮਾਜਿਕ ਮਸਲਿਆਂ ਬਾਰੇ ਵੀ ਵਿਚਾਰ ਕੀਤਾ ਗਿਆ। ਭਾਈ ਮੋਹਕਮ ਸਿੰਘ ਜੀ ਨੇ ਕਿਹਾ ਕਿ ਪੰਥਕ ਧਿਰਾਂ ਨੂੰ ਸਿਧਾਂਤਕ ਏਕਤਾ ਕਾਇਮ ਕਰਕੇ ਸਾਂਝੀ ਰਣਨੀਤੀ ਅਪਣਾਉਣੀ ਚਾਹੀਦੀ ਹੈ ਤਾਂ ਜੋ ਪੰਜਾਬ ਦੇ ਲੰਬੇ ਸਮੇਂ ਤੋਂ ਲਟਕਦੇ ਮਸਲਿਆਂ ਨੂੰ ਲੋਕਤੰਤਰਿਕ ਅਤੇ ਸੰਵਿਧਾਨਕ ਢੰਗ ਨਾਲ ਹੱਲ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਪੰਥਕ ਤਾਕਤਾਂ ਇਕੱਠੀਆਂ ਹੋਣ ਤਾਂ ਪੰਜਾਬ ਦੇ ਹਿੱਤਾਂ ਨਾਲ ਜੁੜੇ ਕਈ ਅਹਿਮ ਮੁੱਦਿਆਂ ਨੂੰ ਵਿਧਾਨਿਕ ਪੱਧਰ ‘ਤੇ ਉਠਾਇਆ ਜਾ ਸਕਦਾ ਹੈ।

ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੀ ਸ਼ਹਾਦਤ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਭਾਈ ਮੋਹਕਮ ਸਿੰਘ ਜੀ ਨੇ ਕਿਹਾ ਕਿ ਦਮਦਮੀ ਟਕਸਾਲ ਅਤੇ ਪੰਥ ਵੱਲੋਂ 1986 ਦੇ ਸਰਬੱਤ ਖਾਲਸਾ ਵਿੱਚ ਹੀ ਸੰਤਾਂ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾ ਚੁੱਕਾ ਸੀ ਅਤੇ ਉਨ੍ਹਾਂ ਦੇ ਪਰਿਵਾਰ ਦਾ ਵੀ ਸਨਮਾਨ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਪੰਥ ਦਾ ਸਟੈਂਡ ਕਾਫੀ ਸਮੇਂ ਪਹਿਲਾਂ ਹੀ ਸਪਸ਼ਟ ਕੀਤਾ ਜਾ ਚੁੱਕਾ ਹੈ।

ਭਾਈ ਮੋਹਕਮ ਸਿੰਘ ਜੀ ਨੇ ਸੋਸ਼ਲ ਮੀਡੀਆ ‘ਤੇ ਚੱਲ ਰਹੀ ਨਕਾਰਾਤਮਕ ਪ੍ਰਚਾਰ ਮੁਹਿੰਮ ‘ਤੇ ਵੀ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਅੱਜਕੱਲ੍ਹ ਕੁਝ ਲੋਕ ਅਤੇ ਧਿਰਾਂ ਸੋਸ਼ਲ ਮੀਡੀਆ ਰਾਹੀਂ ਇੱਕ-ਦੂਜੇ ਖ਼ਿਲਾਫ਼ ਪ੍ਰਚਾਰ ਕਰ ਰਹੀਆਂ ਹਨ, ਜਿਸ ਨਾਲ ਆਮ ਸੰਗਤਾਂ ਵਿੱਚ ਭਰਮ ਅਤੇ ਨਿਰਾਸ਼ਾ ਪੈਦਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਕਿਸੇ ਜਥੇਬੰਦੀ ਜਾਂ ਵਿਅਕਤੀ ਨਾਲ ਮਤਭੇਦ ਹੈ ਤਾਂ ਉਸਦਾ ਹੱਲ ਜਨਤਕ ਬਿਆਨਬਾਜ਼ੀ ਜਾਂ ਸੋਸ਼ਲ ਮੀਡੀਆ ਰਾਹੀਂ ਨਹੀਂ, ਸਗੋਂ ਆਪਸੀ ਬੈਠਕਾਂ ਅਤੇ ਗੱਲਬਾਤ ਰਾਹੀਂ ਕੱਢਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਪੰਥਕ ਕਾਰਕੁਨਾਂ ਲਈ ਸਭ ਤੋਂ ਪਹਿਲਾਂ ਆਪਣੇ ਜੀਵਨ ਨੂੰ ਗੁਰਮਤਿ ਅਨੁਸਾਰ ਢਾਲਣਾ ਜ਼ਰੂਰੀ ਹੈ। ਗੁਰੂ ਸਾਹਿਬਾਨ ਵੱਲੋਂ ਦਿੱਤੀ ਸਿੱਖਿਆ, ਨਿਮਰਤਾ, ਸਹਿਣਸ਼ੀਲਤਾ ਅਤੇ ਸੇਵਾ ਦੇ ਸਿਧਾਂਤਾਂ ਨੂੰ ਅਪਣਾਏ ਬਿਨਾਂ ਪੰਥਕ ਏਕਤਾ ਅਤੇ ਤਰੱਕੀ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਾਨੂੰ ਹਰ ਹਾਲਤ ਵਿੱਚ ਨਰਮ ਅਤੇ ਸਹਿਜ ਸੁਭਾਅ ਨਾਲ ਇੱਕ-ਦੂਜੇ ਨਾਲ ਗੱਲਬਾਤ ਕਰਨੀ ਚਾਹੀਦੀ ਹੈ।

ਇੰਗਲੈਂਡ ਵਿੱਚ ਸਿੱਖੀ ਦੇ ਪ੍ਰਚਾਰ-ਪਸਾਰ ਬਾਰੇ ਗੱਲ ਕਰਦਿਆਂ ਭਾਈ ਮੋਹਕਮ ਸਿੰਘ ਜੀ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ ਨੇ ਪੰਥਕ ਜਾਗਰੂਕਤਾ ਅਤੇ ਸਿੱਖੀ ਦੇ ਪ੍ਰਚਾਰ ਲਈ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਨੇ ਭਾਈ ਜਸਬੀਰ ਸਿੰਘ ਵੱਲੋਂ 1984 ਤੋਂ ਬਾਅਦ ਨੌਜਵਾਨਾਂ ਨੂੰ ਸਿੱਖੀ ਅਤੇ ਪੰਥਕ ਸਰੋਕਾਰਾਂ ਨਾਲ ਜੋੜਨ ਲਈ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਯਤਨਾਂ ਦੇ ਨਤੀਜੇ ਵਜੋਂ ਅੱਜ ਵੀ ਵੱਡੀ ਗਿਣਤੀ ਵਿੱਚ ਨੌਜਵਾਨ ਵੱਖ-ਵੱਖ ਪੰਥਕ ਅਤੇ ਸਮਾਜਿਕ ਖੇਤਰਾਂ ਵਿੱਚ ਸੇਵਾਵਾਂ ਨਿਭਾ ਰਹੇ ਹਨ।

ਉਨ੍ਹਾਂ ਨੇ ਇਹ ਵੀ ਯਾਦ ਕੀਤਾ ਕਿ ਬਾਬਾ ਠਾਕੁਰ ਸਿੰਘ ਦੇ ਇੰਗਲੈਂਡ ਦੌਰਿਆਂ ਨੇ ਇੱਥੋਂ ਦੇ ਸਿੱਖ ਨੌਜਵਾਨਾਂ ਵਿੱਚ ਅੰਮ੍ਰਿਤ ਛਕਣ ਅਤੇ ਗੁਰਸਿੱਖੀ ਜੀਵਨ ਅਪਣਾਉਣ ਦੀ ਲਹਿਰ ਪੈਦਾ ਕੀਤੀ ਸੀ। ਅੱਜ ਵੀ ਉਸ ਦੇ ਨਤੀਜੇ ਵਜੋਂ ਕਈ ਧਾਰਮਿਕ ਕੈਂਪ, ਗੁਰਮਤਿ ਸਮਾਗਮ ਅਤੇ ਨੌਜਵਾਨਾਂ ਨੂੰ ਸਿੱਖੀ ਨਾਲ ਜੋੜਨ ਵਾਲੀਆਂ ਗਤੀਵਿਧੀਆਂ ਸਫਲਤਾਪੂਰਵਕ ਚੱਲ ਰਹੀਆਂ ਹਨ।

ਅੰਤ ਵਿੱਚ ਭਾਈ ਮੋਹਕਮ ਸਿੰਘ ਜੀ ਨੇ ਸਮੂਹ ਪੰਥਕ ਜਥੇਬੰਦੀਆਂ, ਕਾਰਕੁਨਾਂ ਅਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬਾਨ ਦੇ ਸਿਧਾਂਤਾਂ ਨੂੰ ਅਪਣਾਉਂਦੇ ਹੋਏ ਕੌਮ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਮਿਲਜੁਲ ਕੇ ਕੰਮ ਕਰਨ ਅਤੇ ਆਪਸੀ ਮਤਭੇਦਾਂ ਨੂੰ ਗੱਲਬਾਤ ਰਾਹੀਂ ਦੂਰ ਕਰਨ।

ਇਹ ਮੀਟਿੰਗ ਇੰਗਲੈਂਡ ਦੇ ਗੁਰੂ ਨਾਨਕ ਗੁਰਦੁਆਰਾ ਵੈਨਸਫੀਲਡ ਵਿਖੇ ਹੋਈ, ਜਿੱਥੇ ਇੰਟਰਨੈਸ਼ਨਲ ਪੰਥਕ ਦਲ ਦੇ ਮੈਂਬਰਾਂ ਵੱਲੋਂ ਭਾਈ ਮੋਹਕਮ ਸਿੰਘ ਜੀ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਹਾਜ਼ਰ ਮੈਂਬਰਾਂ ਨੇ ਉਨ੍ਹਾਂ ਦੇ ਵਿਚਾਰਾਂ ਨੂੰ ਸਮੇਂ ਦੀ ਲੋੜ ਕਰਾਰ ਦਿੰਦਿਆਂ ਪੰਥਕ ਏਕਤਾ ਲਈ ਅਜਿਹੀਆਂ ਬੈਠਕਾਂ ਨੂੰ ਜਾਰੀ ਰੱਖਣ ਦੀ ਲੋੜ ‘ਤੇ ਵੀ ਜ਼ੋਰ ਦਿੱਤਾ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅੱਜ ਜਨਮ ਦਿਨ 'ਤੇ ਵਿਸ਼ੇਸ਼

# ਮਾਨਵੀ ਗੁਣਾਂ ਦਾ ਮੁਜੱਸਮਾ - ਦਸਮ ਪਿਤਾ ਦਾ ਲਾਡਲਾ ਪੀਰ ਬੁੱਧੂ ਸ਼ਾਹ



**ਧਰਮ** ਦੀਆਂ ਪੱਕੀਆਂ ਤੇ ਤੰਗ ਸੀਮਾਵਾਂ ਤੋਂ ਉੱਪਰ ਦੀ ਸੋਚ ਦੇ ਧਾਰਨੀ ਅਤੇ ਮਾਨਵੀ ਗੁਣਾਂ ਦੇ ਮੁਜੱਸਮੇ ਪੀਰ ਬੁੱਧੂ ਸ਼ਾਹ ਨੂੰ ਹਰ ਸਿੱਖ ਬੜੀ ਸ਼ਰਧਾ ਤੇ ਸਤਿਕਾਰ ਨਾਲ ਯਾਦ ਕਰਦਾ ਹੈ । ਭੰਗਾਣੀ ਦੇ ਯੁੱਧ ਤੋਂ ਉਪਰੰਤ ਪੀਰ ਜੀ ਨੇ ਆਪਣੇ ਚਾਰ ਪੁੱਤਰਾਂ ਵਿੱਚੋਂ ਦੋ ਪੁੱਤਰ ਸੱਯਦ ਅਸ਼ਰਫ ਸ਼ਾਹ ਅਤੇ ਸੱਯਦ ਮੁਹੰਮਦ ਸ਼ਾਹ ਅਤੇ ਸਕੇ ਭਾਈ ਭੂਰੇ ਸ਼ਾਹ ਨੂੰ ਅਤੇ ਸੱਤ ਸੌ ਮੁਰੀਦਾਂ ਵਿੱਚੋਂ ਅਨੇਕਾਂ ਮੁਰੀਦ ਸ਼ਹੀਦ ਕਰਵਾ ਕੇ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਖ਼ਿਸ਼ਸ਼ ਪ੍ਰਾਪਤ ਕੀਤੀ ।ਇਤਿਹਾਸਕ ਹਵਾਲਿਆਂ ਮੁਤਾਬਿਕ ਪੀਰ ਬੁੱਧੂ ਸ਼ਾਹ ਦਾ ਜਨਮ 13 ਜੂਨ, 1647 ਈ: ਨੂੰ ਸੱਯਦ ਗੁਲਾਮ ਸ਼ਾਹ ਦੇ ਘਰ ਅੰਬਾਲਾ ਜ਼ਿਲ੍ਹੇ ਦੇ ਸਢੌਰਾ ਕਸਬੇ ਵਿੱਚ ਹੋਇਆ ।ਪੀਰ ਜੀ ਦਾ ਪੂਰਾ ਨਾਂਅ ਸੱਯਦ ਬਦਰੁੱਦੀਨ ਸ਼ਾਹ ਸੀ । ਪੀਰ ਜੀ ਬਚਪਨ ਤੋਂ ਹੀ ਘੱਟ ਬੋਲਣ ਵਾਲੇ, ਗੰਭੀਰ ਅਤੇ ਸਾਦੇ ਸੁਭਾਅ ਵਾਲੇ ਸਨ । ਇਸੇ ਕਰਕੇ ਲੋਕਾਂ ਨੇ ਪੀਰ ਜੀ ਨੂੰ ਬੁੱਧੂ ਕਹਿਣਾ ਸ਼ੁਰੂ ਕਰ ਦਿੱਤਾ । ਇਹ ਨਾਂਅ ਪੀਰ ਜੀ ਦੇ ਸੁਭਾਅ ਕਰਕੇ ਪੱਕੇ ਤੌਰ 'ਤੇ ਉਨ੍ਹਾਂ ਨਾਲ ਜੁੜ ਗਿਆ ।ਪੀਰ ਜੀ ਦੇ ਵੱਡੇ-ਵਡੇਰੇ ਪਹਿਲਾਂ ਸਮਾਣੇ ਰਹਿੰਦੇ ਸਨ, ਪਰ ਇਸ ਤੋਂ ਪਿੱਛੋਂ ਸਢੌਰੇ ਆ ਵੱਸੇ । ਜਿਸ ਮੁਹੱਲੇ ਵਿੱਚ ਇਹ ਪਰਿਵਾਰ ਆ ਕੇ ਵੱਸਿਆ, ਉਹ ਬਾਅਦ ਵਿੱਚ ਸੱਯਦਾਂ ਵਾਲਾ ਮੁਹੱਲਾ ਕਰਕੇ ਪ੍ਰਸਿੱਧ ਹੋਇਆ ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਪੀਰ ਜੀ ਦੀ ਸ਼ਾਦੀ ਮੁਗਲ ਸੈਨਾ ਦੇ ਇਕ ਵੱਡੇ ਜਰਨੈਲ ਸੈਦ ਖਾਨ ਦੀ ਭੈਣ ਨਸੀਰਾਂ ਨਾਲ ਹੋਈ । ਜਦੋਂ ਬਾਲ ਗੁਰੂ ਗੋਬਿੰਦ ਰਾਏ (ਸਿੰਘ) ਸ੍ਰੀ ਪਟਨਾ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਨੂੰ ਜਾਣ ਸਮੇਂ ਕੁਝ ਸਮਾਂ ਲਖਨੌਰ ਰੁਕੇ ਤਾਂ ਪੀਰ ਭੀਖਣ ਸ਼ਾਹ ਜਦੋਂ ਬਾਲ ਗੁਰੂ ਸਾਹਿਬ ਦੇ ਦਰਸ਼ਨ ਕਰਨ ਲਈ ਆਏ ਤਾਂ ਉਸ ਸਮੇਂ ਪੀਰ ਬੁੱਧੂ ਸ਼ਾਹ ਨੇ ਵੀ ਗੁਰੂ ਸਾਹਿਬ ਦੇ ਦਰਸ਼ਨ ਕੀਤੇ । ਇਸ ਤੋਂ ਪਿੱਛੋਂ ਪੀਰ ਜੀ ਦਿੱਲੀ ਵਿਖੇ ਗੈਸ਼ਾ-ਨਸ਼ੀਨ ਰਹਿਣ ਤੋਂ ਉਪਰੰਤ ਜਦੋਂ ਵਾਪਸ ਸਢੌਰਾ ਆਏ ਤਾਂ ਪੀਰ ਜੀ ਨੂੰ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੀ ਪਾਉਂਟਾ ਸਾਹਿਬ ਦੀ ਆਮਦ ਬਾਰੇ ਪਤਾ ਲੱਗਾ । ਪਿਆਰ ਵਿੱਚ ਬਿਹਬਲ ਪੀਰ ਜੀ ਨੇ ਗੁਰੂ ਨਾਨਕ ਸਾਹਿਬ ਦੇ ਦੱਸਵੇਂ ਸਰੂਪ ਗੁਰੂ ਗੋਬਿੰਦ ਸਿੰਘ ਜੀ ਦੇ ਪਾਉਂਟਾ ਸਾਹਿਬ ਵਿਖੇ ਦਰਸ਼ਨ ਕੀਤੇ । ਆਪ ਗੁਰੂ ਸਾਹਿਬ ਜੀ ਦੀ ਸ਼ਖ਼ਸੀਅਤ ਤੋਂ ਅਜਿਹੇ ਪ੍ਰਭਾਵਿਤ ਹੋਏ ਕਿ ਰੱਬੀ ਗੁਣਾਂ ਦੇ ਮੁਜੱਸਮੇ ਦਸਮ ਪਿਤਾ ਜੀ ਹਮੇਸ਼ਾ ਅੰਗ-ਸੰਗ ਰਹਿਣ ਲਈ ਬੇਨਤੀ ਕਰਨ ਲਈ ਹੱਥ ਜੁੜ ਗਏ । ਇਕ ਵਾਰ ਅਜਿਹਾ ਸਮਾਂ ਆਇਆ, ਜਦੋਂ ਸਮੇਂ ਦੇ ਬਾਦਸ਼ਾਹ ਔਰੰਗਜ਼ੇਬ ਨੇ ਆਪਣੀ ਫੌਜ ਦੇ ਬਹੁਤ ਸਾਰੇ ਪਠਾਣਾਂ ਨੂੰ ਨੌਕਰੀ ਤੋਂ ਜਵਾਬ ਦੇ ਦਿੱਤਾ ।ਉਹ ਸਾਰੇ ਪਠਾਣ ਪੀਰ ਜੀ ਕੋਲ ਆਪਣੇ ਦੁੱਖੜੇ ਰੋਣ ਲਈ ਪਹੁੰਚੇ । ਪੀਰ ਜੀ ਨੇ ਉਨ੍ਹਾਂ ਪਠਾਣਾਂ ਨੂੰ ਨੌਕਰੀ ਦਿਵਾਉਣ ਲਈ ਪਾਉਂਟਾ ਸਾਹਿਬ ਜਾ ਕੇ ਗੁਰੂ ਸਾਹਿਬ ਨੂੰ ਬੇਨਤੀ ਕੀਤੀ ।ਗੁਰੂ ਸਾਹਿਬ ਨੇ ਪੀਰ ਜੀ ਦੀ ਬੇਨਤੀ ਮੰਨਦਿਆਂ ਸਾਰੇ ਪਠਾਣਾਂ ਨੂੰ ਆਪਣੇ ਪਾਸ ਰੱਖ ਲਿਆ ।ਪਰ ਜਦੋਂ ਪਹਾੜੀ ਰਾਜਿਆਂ ਵੱਲੋਂ ਕਲਗੀਧਰ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਨੂੰ ਮਜ਼ਬੂਰ ਕਰਕੇ ਲੜਾਈ ਛੇੜ ਦਿੱਤੀ ਗਈ ਤਾਂ ਇਨ੍ਹਾਂ ਪਠਾਣਾਂ ਵਿੱਚੋਂ ਇਕ ਪਠਾਣ ਜਰਨੈਲ ਕਾਲੇ ਖਾਨ ਤੋਂ ਬਿਨਾਂ ਬਾਕੀ ਤਿੰਨ ਜਰਨੈਲ ਤੀਖਨ ਖਾਨ, ਨਜ਼ਾਬਤ ਖਾਨ ਅਤੇ ਹਯਾਤ ਖਾਨ ਨਮਕ-ਹਰਾਮੀ ਕਰਕੇ ਗੁਰੂ ਸਾਹਿਬ ਨੂੰ ਛੱਡ ਕੇ ਚਲੇ ਗਏ ।ਕੇਵਲ ਛੱਡਿਆ ਹੀ ਨਹੀਂ, ਸਗੋਂ ਪਹਾੜੀ ਰਾਜਿਆਂ ਦੀ ਫੌਜ ਨਾਲ ਜਾ ਰਲੇ । ਜਦੋਂ ਪੀਰ ਜੀ ਨੂੰ ਇਹ ਖਬਰ ਮਿਲੀ ਤਾਂ ਪੀਰ ਜੀ ਆਪਣੇ ਸੱਤ ਸੌ ਮੁਰੀਦਾਂ, ਚਾਰ ਪੁੱਤਰਾਂ ਅਤੇ ਇਕ ਭਰਾ ਸਮੇਤ ਭੰਗਾਣੀ ਦੇ ਮੈਦਾਨ ਵਿੱਚ ਪੁੱਜੇ ਅਤੇ ਇਸ ਗਹਿਗੱਚ ਯੁੱਧ ਵਿੱਚ ਆਪਣਾ ਯੋਗਦਾਨ ਪਾਇਆ । ਇਸ ਯੁੱਧ ਵਿੱਚ ਪੀਰ ਜੀ ਦੇ ਅਨੇਕਾਂ ਮੁਰੀਦਾਂ, ਦੋ ਪੁੱਤਰਾਂ ਅਤੇ ਇਕ ਭਰਾ ਨੇ ਸ਼ਹਾਦਤ ਦਾ ਜਾਮ ਪੀਤਾ ।

ਇਤਿਹਾਸਕ ਤੱਥ ਇਸ ਗੱਲ ਨੂੰ ਬਿਆਨ ਕਰਦੇ ਹਨ, ਜਦੋਂ ਕਲਗੀਧਰ ਪਾਤਸ਼ਾਹ ਨੇ ਯੁੱਧ ਤੋਂ ਉਪਰੰਤ ਬੇਸ਼ਕੀਮਤੀ ਵਸਤੂਆਂ, ਧਨ ਦੌਲਤ ਪੀਰ ਜੀ ਨੂੰ ਬਖ਼ਿਸ਼ਸ ਵਜੋਂ ਲੈਣ ਲਈ ਕਿਹਾ ਤਾਂ ਪੀਰ ਜੀ ਨਿਮਾਣੇ ਸਿੱਖ ਸ਼ਰਧਾਲੂ ਵਜੋਂ ਹੱਥ ਜੋੜ ਕੇ ਗੁਰੂ ਸਾਹਿਬ ਦੇ ਸਨਮੁੱਖ ਖਲੋ ਗਏ, ਇਹ ਵਸਤਾਂ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ ।ਉਸ ਸਮੇਂ ਗੁਰੂ ਸਾਹਿਬ ਕੇਸਾਂ ਨੂੰ ਕੰਘੇ ਨਾਲ ਸੰਵਾਰ ਕੇ ਦਸਤਾਰ ਸਜਾਉਣ ਦੀ ਤਿਆਰੀ ਵਿੱਚ ਸਨ ।ਪੀਰ ਜੀ ਨੇ ਬੜੀ ਅਧੀਨਗੀ ਨਾਲ ਕੰਘੇ ਵਿੱਚ ਫਸੇ ਗੁਰੂ ਸਾਹਿਬ ਦੇ ਰੋਮਾਂ (ਕੇਸਾਂ) ਨੂੰ ਆਪਣੀ ਝੋਲੀ ਫੈਲਾਅ ਕੇ ਪ੍ਰਵਾਨ ਕੀਤਾ ।ਕੰਘੇ ਸਮੇਤ ਕੇਸਾਂ ਨੂੰ ਪ੍ਰਾਪਤ ਕਰਕੇ ਇਸ ਵੱਡਮੁੱਲੇ ਤੋਹਫ਼ੇ ਨੂੰ ਆਪਣੇ ਜੀਵਨ ਦੌਰਾਨ ਸੰਭਾਲ ਕੇ ਰੱਖਣ ਅਤੇ ਦਰਸ਼ਨ-ਦੀਦਾਰੇ ਕਰਨ ਦਾ ਸੁਭਾਗ ਜੀਵਨ ਭਰ ਨਿਭਾਇਆ । ਗੁਰੂ ਸਾਹਿਬ ਨੇ ਭਰੇ ਦੀਵਾਨ ਵਿੱਚ ਪਾਉਂਟਾ ਸਾਹਿਬ ਦੀ ਪਾਵਨ ਧਰਤੀ ਤੋਂ ਇਸ ਵੱਡਮੁੱਲੇ ਤੋਹਫ਼ੇ ਤੋਂ ਇਲਾਵਾ ਇਕ ਛੋਟੀ ਕਿਰਪਾਨ, ਦਸਤਾਰ ਅਤੇ ਹੁਕਮਨਾਮਾ ਵੀ ਪੀਰ ਜੀ ਨੂੰ ਬਖ਼ਸ਼ਿਆ, ਜੋ ਸਮਾਂ ਪੈ ਕੇ ਪੀਰ ਜੀ ਦੇ ਵਾਰਸਾਂ ਨੂੰ ਜਗੀਰ ਪ੍ਰਦਾਨ ਕਰਕੇ ਮਹਾਰਾਜਾ ਨਾਭਾ ਸ ।ਭਰਪੂਰ ਸਿੰਘ ਨੇ ਸ਼ਰਧਾ ਸਹਿਤ ਆਪਣੇ ਮਹਿਲਾਂ ਵਿੱਚ ਇਨ੍ਹਾਂ ਵਸਤਾਂ ਨੂੰ ਸੁਸ਼ੋਭਿਤ ਕੀਤਾ । ਪਰ ਭਰੋਸੇਯੋਗ ਗਵਾਹੀ ਤੋਂ ਪਤਾ ਲੱਗਾ ਹੈ ਕਿ ਇਹ ਛੋਟੀ ਕਿਰਪਾਨ ਪੀਰ ਜੀ ਦੇ ਮੌਜੂਦਾ ਵਾਰਸਾਂ ਪਾਸ ਅਮਰੀਕਾ ਦੇ ਸ਼ਹਿਰ ਲਾਸ ਏਂਜਲਸ ਵਿੱਚ ਸਤਿਕਾਰ ਨਾਲ ਸਾਂਭੀ ਹੋਈ ਹੈ । ਪੀਰ ਜੀ ਵੱਲੋਂ ਗੁਰੂ ਸਾਹਿਬ ਦੀ ਭੰਗਾਣੀ ਦੇ ਯੁੱਧ ਵਿੱਚ ਕੀਤੀ ਸਹਾਇਤਾ ਕਰਕੇ ਬਾਦਸ਼ਾਹ ਔਰੰਗਜ਼ੇਬ ਦੇ ਕੰਨ ਭਰੇ ਗਏ । ਔਰੰਗਜ਼ੇਬ ਨੇ ਸਢੌਰੇ ਦੇ ਹਾਕਮ ਉਸਮਾਨ ਖਾਨ ਨੂੰ ਪੀਰ ਜੀ ਨੂੰ ਕਤਲ ਕਰਨ ਦਾ ਆਦੇਸ਼ ਦਿੱਤਾ । ਸਰਹਿੰਦ ਦੇ ਫੌਜਦਾਨ ਨੇ ਬਾਦਸ਼ਾਹ ਦੇ ਹੁਕਮ ਨੂੰ ਉਸਮਾਨ ਖਾਨ ਤੱਕ ਪਹੁੰਚਾਇਆ । ਪੀਰ ਜੀ ਨੂੰ ਇਹ ਖਬਰ ਪਹਿਲਾਂ ਹੀ ਮਿਲ ਚੁੱਕੀ ਸੀ, ਉਨ੍ਹਾਂ ਆਪਣਾ ਪਰਿਵਾਰ ਨਾਹਨ ਅਤੇ ਸਮਾਣਾ ਭੇਜ ਦਿੱਤਾ ।

ਸਢੌਰੇ ਦੇ ਹਾਕਮ ਉਸਮਾਨ ਖਾਨ ਨੇ 21 ਮਾਰਚ, 1704 ਨੂੰ ਪੀਰ ਬੁੱਧੂ ਸ਼ਾਹ ਨੂੰ ਬੜੀ ਬੇਦਰਦੀ ਨਾਲ ਟੋਟੇ-ਟੋਟੇ ਕਰਕੇ ਸ਼ਹੀਦ ਕੀਤਾ ।ਜਦੋਂ ਬਾਬਾ ਬੰਦਾ ਸਿੰਘ ਬਹਾਦਰ ਪੰਜਾਬ ਵੱਲ ਵਧਿਆ ਤਾਂ ਸਭ ਤੋਂ ਪਹਿਲਾਂ ਉਸ ਨੇ ਸਢੌਰੇ ਦੀ ਇੱਟ ਨਾਲ ਇੱਟ ਖੜਕਾਈ ਅਤੇ ਉਸਮਾਨ ਖਾਨ ਨੂੰ ਮੌਤ ਦੇ ਘਾਟ ਉਤਾਰਿਆ । ਇਤਿਹਾਸ ਦੇ ਖੋਜੀ ਤੱਥਾਂ ਮੁਤਾਬਿਕ ਪੀਰ ਜੀ ਦੀ ਅੰਸ਼-ਵੰਸ਼ ਦੇ ਪਰਿਵਾਰ 1947 ਈ: ਵਿੱਚ ਦੇਸ਼ ਦੀ ਵੰਡ ਸਮੇਂ ਪੱਛਮੀ ਪੰਜਾਬ (ਪਾਕਿਸਤਾਨ) ਦੇ ਝੰਗ ਜ਼ਿਲ੍ਹੇ ਜਾ ਵੱਸੇ ।ਪੀਰ ਜੀ ਦੇ ਜੱਦੀ ਘਰ ਦੀ ਖੋਜ ਕਰਕੇ ਹੁਣ ਇਸ ਅਸਥਾਨ ਨੂੰ ਗੁਰਦੁਆਰਾ ਸਾਹਿਬ ਵਿੱਚ ਬਦਲ ਦਿੱਤਾ ਗਿਆ ਹੈ । ਸਮੁੱਚਾ ਸਿੱਖ ਜਗਤ ਅੱਜ ਪੀਰ ਜੀ ਦੇ ਜਨਮ ਦਿਨ 'ਤੇ ਪੀਰ ਜੀ ਦੀ ਕੁਰਬਾਨੀ, ਸ਼ਰਧਾ, ਗੁਰੂ ਪਿਆਰ ਪ੍ਰਤੀ ਨਤਮਸਤਕ ਹੋ ਰਿਹਾ ਹੈ। ••

# ਪ੍ਰਸਿੱਧ ਅੰਤਰਰਾਸ਼ਟਰੀ ਹਾਕੀ ਖਿਡਾਰੀ ਨਿਰਮਲ ਸਿੰਘ ਦੀ ਅੰਤਿਮ ਅਰਦਾਸ 14 ਜੂਨ ਨੂੰ



**ਚੌਕ ਮਹਿਤਾ, 12 ਜੂਨ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਾਕੀ ਜਗਤ ਲਈ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਸਾਬਤ ਹੋਏ ਪ੍ਰਸਿੱਧ ਅੰਤਰਰਾਸ਼ਟਰੀ ਹਾਕੀ ਖਿਡਾਰੀ ਅਤੇ ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ (ਰਜਿ.) ਅੰਮ੍ਰਿਤਸਰ ਦੇ ਸੀਨੀਅਰ ਵਾਈਸ ਪ੍ਰਧਾਨ ਸ੍ਰੀ ਨਿਰਮਲ ਸਿੰਘ ਜੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਅੰਤਿਮ ਅਰਦਾਸ ਮਿਤੀ 14 ਜੂਨ 2026 (ਐਤਵਾਰ) ਨੂੰ ਗੁਰੂ ਨਾਨਕ ਪ੍ਰਕਾਸ਼, ਡੀ ਬਲਾਕ, ਰਣਜੀਤ ਐਵੀਨਿਊ, ਅੰਮ੍ਰਿਤਸਰ ਵਿਖੇ ਦੁਪਹਿਰ 12:00 ਵਜੇ ਤੋਂ 1:00 ਵਜੇ ਤੱਕ ਹੋਵੇਗੀ। ਜਾਣਕਾਰੀ ਦਿੰਦਿਆ ਉਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਨੇ ਦੱਸਿਆ ਕਿ ਸ੍ਰੀ ਨਿਰਮਲ ਸਿੰਘ ਜੀ 6 ਜੂਨ 2026 ਨੂੰ ਅਚਾਨਕ ਅਕਾਲ ਚਲਾਣਾ ਕਰ ਗਏ ਸਨ, ਜਿਸ ਨਾਲ ਹਾਕੀ ਜਗਤ, ਖੇਡ ਪ੍ਰੇਮੀਆਂ, ਦੋਸਤਾਂ, ਸਨੇਹੀਆਂ ਅਤੇ ਪਰਿਵਾਰ ਨੂੰ ਗਹਿਰਾ ਸਦਮਾ ਪਹੁੰਚਿਆ ਹੈ। ਉਹ ਅੰਮ੍ਰਿਤਸਰ ਦੀ ਧਰਤੀ ਦੇ ਇੱਕ ਮਾਣਯੋਗ ਅਤੇ ਪ੍ਰਤਿਭਾਸ਼ਾਲੀ ਅੰਤਰਰਾਸ਼ਟਰੀ ਹਾਕੀ ਖਿਡਾਰੀ ਸਨ, ਜਿਨ੍ਹਾਂ ਨੇ ਆਪਣੇ ਜੀਵਨ ਦੌਰਾਨ ਹਾਕੀ ਖੇਡ ਦੇ ਵਿਕਾਸ, ਨੌਜਵਾਨ ਖਿਡਾਰੀਆਂ ਦੀ ਰਹਿਨੁਮਾਈ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਵਿਲੱਖਣ ਯੋਗਦਾਨ ਪਾਇਆ ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ (ਰਜਿ.) ਅੰਮ੍ਰਿਤਸਰ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਸ੍ਰੀ ਨਿਰਮਲ ਸਿੰਘ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਵਿਛੋੜਾ ਖੇਡ ਜਗਤ ਲਈ ਇੱਕ ਅਪੂਰਣਯੋਗ ਘਾਟਾ ਹੈ। ਅਕੈਡਮੀ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ ਅਕੈਡਮੀ ਵੱਲੋਂ ਸਮੂਹ ਸੰਗਤ, ਰਿਸ਼ਤੇਦਾਰਾਂ, ਮਿੱਤਰਾਂ ਅਤੇ ਜਾਣੂਆਂ ਨੂੰ ਨਿਮਰ ਬੇਨਤੀ ਕੀਤੀ ਗਈ ਹੈ ਕਿ ਉਹ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕਰਨ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਉਨ੍ਹਾਂ ਦੱਸਿਆ ਕਿ ਅਕੈਡਮੀ ਦੇ ਚੇਅਰਮੈਨ ਸੁਖਮਿੰਦਰ ਸਿੰਘ ਮਾਨ (ਆਈ.ਪੀ.ਐਸ.), ਵਾਈਸ ਚੇਅਰਮੈਨ ਡਾ. ਅਵਤਾਰ ਸਿੰਘ, ਪ੍ਰਧਾਨ ਸਾਹਿਲਜੀਤ ਸਿੰਘ ਸੰਧੂ, ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਰਾਊਂਡ ਗਲਾਸ, ਸੁਖਜੀਤ ਕੌਰ ਸ਼ੰਮੀ, ਅਮਨਦੀਪ ਕੌਰ, ਐਸਪੀ ਅੰਮ੍ਰਿਤਸਰ, ਗੁਰਿੰਦਰ ਸਿੰਘ, ਮੇਜਰ ਸਿੰਘ ਧਾਲੀਵਾਲ, ਕਾਬਲ ਸਿੰਘ ਲਾਲੀ ਔਲਖ, ਬਿਕਰਮਜੀਤ ਸਿੰਘ ਕਾਕਾ (ਇੰਟਰਨੈਸ਼ਨਲ ਖਿਡਾਰੀ ), ਗੁਰਬਖਸ਼ੀਸ਼ ਸਿੰਘ, ਪਰਸ਼ਨ ਸਿੰਘ, ਕੁਲਜੀਤ ਸਿੰਘ ਬਾਬਾ, ਜਗਰੂਪ ਸਿੰਘ, ਐਸ.ਪੀ. ਸਿੰਘ (ਰੇਲਵੇ) ਅਤੇ ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ (ਰਜਿ.) ਅੰਮ੍ਰਿਤਸਰ ਦੇ ਸਮੂਹ ਮੈਂਬਰਾਂ ਅਤੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਸ੍ਰੀ ਨਿਰਮਲ ਸਿੰਘ ਜੀ ਨੂੰ ਭਾਵਭਿੰਨੀ ਸ਼ਰਧਾਂਜਲੀ ਅਰਪਿਤ ਕੀਤੀ ਗਈ ਹੈ।

# ਜਥੇਦਾਰ ਜਾਂ ਪੰਜ ਪਿਆਰਿਆਂ ਕੋਲ ਕੀਤੀ ਆਤਮ- ਸਵੀਕਾਰੋਕਤੀ ਅਦਾਲਤਾਂ ਤੱਕ ਪਹੁੰਚੇਗੀ ਤਾਂ ਕਿਵੇਂ ਬਚੇਗੀ ਪੰਥਕ ਮਰਿਆਦਾ ?: ਰਤਿੰਦਰ ਸਿੰਘ ਇੰਦੌਰ

## ਗਿਆਨੀ ਰਘਬੀਰ ਸਿੰਘ ਧਰਮ ਧ੍ਰੋਹ ਦੇ ਦੋਖੀ, ਪੰਥਕ ਮਰਿਆਦਾ ਤਹਿਤ ਸਖ਼ਤ ਸਜ਼ਾ ਦੇ ਹੱਕਦਾਰ

**ਨਵੀਂ ਦਿੱਲੀ, 12 ਜੂਨ (ਮਨਪ੍ਰੀਤ ਸਿੰਘ ਖਾਲਸਾ)**:-ਸਿੱਖ ਪੰਥ ਵਿੱਚ ਆਤਮ-ਸਵੀਕਾਰੋਕਤੀ ਅਤੇ ਧਾਰਮਿਕ ਗੁਪਤਤਾ ਦੀ ਪਰੰਪਰਾ ਸਦੀਆਂ ਤੋਂ ਕਾਇਮ ਰਹੀ ਹੈ। ਇਸ ਸਬੰਧੀ ਸਮਾਜਿਕ ਚਿੰਤਕ ਅਤੇ ਅਖੰਡ ਕੀਰਤਨੀ ਜਥਾ ਇੰਟਰਨੈਸ਼ਨਲ ਦੇ ਬੁਲਾਰੇ ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਜਿਵੇਂ ਇਸਾਈ ਧਰਮ ਵਿੱਚ ਪਾਦਰੀ ਅੱਗੇ ਕੀਤੀ ਗਈ ਸਵੀਕਾਰੋਕਤੀ ਨੂੰ ਕਦੇ ਵੀ ਸੰਸਾਰੀ ਅਦਾਲਤਾਂ ਵਿੱਚ ਵਿਅਕਤੀ ਦੇ ਖ਼ਿਲਾਫ਼ ਨਹੀਂ ਵਰਤਿਆ ਗਿਆ, ਉਸੇ ਤਰ੍ਹਾਂ ਸਿੱਖ ਧਰਮ ਵਿੱਚ ਵੀ ਪੰਜ ਪਿਆਰਿਆਂ ਜਾਂ ਤਖ਼ਤਾਂ ਦੇ ਜਥੇਦਾਰਾਂ ਅੱਗੇ ਕੀਤੀ ਗਈ ਭੁੱਲ ਦੀ ਸਵੀਕਾਰੋਕਤੀ ਹਮੇਸ਼ਾ ਗੁਪਤ ਅਤੇ ਮਰਿਆਦਿਤ ਮੰਨੀ ਜਾਂਦੀ ਰਹੀ ਹੈ। ਉਨ੍ਹਾਂ ਕਿਹਾ ਕਿ ਭਾਰਤੀ ਕਾਨੂੰਨ ਵਿੱਚ ਵੀ ਪੁਲਿਸ ਅੱਗੇ ਧਾਰਾ 161 ਤਹਿਤ ਦਿੱਤੇ ਬਿਆਨ ਨੂੰ ਅਦਾਲਤ ਵਿੱਚ ਸਬੂਤ ਵਜੋਂ ਸਵੀਕਾਰ ਨਹੀਂ ਕੀਤਾ ਜਾਂਦਾ। ਧਾਰਾ 164 ਤਹਿਤ ਮੈਜਿਸਟ੍ਰੇਟ ਅੱਗੇ ਦਰਜ ਬਿਆਨ ਵੀ ਤਦ ਹੀ ਮੰਨਿਆ ਜਾਂਦਾ ਹੈ ਜਦੋਂ ਇਹ ਸਾਬਤ ਹੋ ਜਾਵੇ ਕਿ ਉਹ ਕਿਸੇ ਦਬਾਅ, ਲਾਲਚ ਜਾਂ ਸਾਜ਼ਿਸ਼ ਦੇ ਅਧੀਨ ਨਹੀਂ ਦਿੱਤਾ ਗਿਆ। ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਟਾਡਾ, ਪੋਟਾ ਅਤੇ ਯੂਏਪੀਏ ਵਰਗੇ ਕਾਨੂੰਨਾਂ ਦੀ ਆਲੋਚਨਾ ਇਸੇ ਕਾਰਨ ਹੁੰਦੀ ਰਹੀ ਹੈ ਕਿਉਂਕਿ ਇਨ੍ਹਾਂ ਵਿੱਚ ਪੁਲਿਸ ਅਧਿਕਾਰੀਆਂ ਅੱਗੇ ਦਿੱਤੇ ਬਿਆਨਾਂ ਨੂੰ ਵੀ ਸਬੂਤ ਵਜੋਂ ਮੰਨਿਆ ਜਾ ਸਕਦਾ ਹੈ। ਉਨ੍ਹਾਂ ਨੇ ਪ੍ਰੋਫੈਸਰ ਦਵਿੰਦਰ ਪਾਲ ਸਿੰਘ ਭੁੱਲਰ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਨ੍ਹਾਂ ਦੇ ਮਾਮਲੇ ਵਿੱਚ ਸਜ਼ਾ ਦਾ ਇੱਕ ਵੱਡਾ ਆਧਾਰ ਪੁਲਿਸ ਅਧਿਕਾਰੀ ਅੱਗੇ ਦਿੱਤਾ ਗਿਆ ਬਿਆਨ ਬਣਿਆ ਸੀ। ਉਨ੍ਹਾਂ ਕਿਹਾ ਕਿ ਜਿਵੇਂ ਸੰਵਿਧਾਨਕ ਅਹੁਦਿਆਂ 'ਤੇ ਬੈਠੇ ਵਿਅਕਤੀ ਅਹੁਦੇ ਅਤੇ ਗੁਪਤਤਾ ਦੀ ਸਹੁੰ ਚੁੱਕਦੇ ਹਨ, ਉਸੇ ਤਰ੍ਹਾਂ ਤਖ਼ਤਾਂ ਦੇ ਜਥੇਦਾਰ ਸਿੱਖ ਪੰਥ ਦੇ ਸਰਵੋਚ ਧਾਰਮਿਕ ਅਹੁਦਿਆਂ 'ਤੇ ਬਿਰਾਜਮਾਨ ਹੁੰਦੇ ਹਨ। ਉਨ੍ਹਾਂ ਅੱਗੇ ਕੀਤੀ ਗਈ ਆਤਮ-ਸਵੀਕਾਰੋਕਤੀ ਜਾਂ ਮਾਫ਼ੀਨਾਮੇ ਨੂੰ ਸੰਸਾਰੀ ਅਦਾਲਤਾਂ ਵਿੱਚ ਵਰਤਣਾ ਉਸ ਅਹੁਦੇ ਦੀ ਮਰਿਆਦਾ ਅਤੇ ਗੁਪਤਤਾ ਦੇ ਸਿਧਾਂਤ ਨਾਲ ਮੇਲ ਨਹੀਂ ਖਾਂਦਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਆਪਣੇ ਦੋਸਤ ਜਾਂ ਪਰਿਵਾਰਕ ਮੈਂਬਰ ਕੋਲ ਕੋਈ ਗੱਲ ਭਰੋਸੇ ਨਾਲ ਸਾਂਝੀ ਕਰੇ ਅਤੇ ਉਹ ਵਿਅਕਤੀ ਬਾਅਦ ਵਿੱਚ ਅਦਾਲਤ ਵਿੱਚ ਜਾ ਕੇ ਉਸੇ ਗੱਲ ਨੂੰ ਉਸਦੇ ਖ਼ਿਲਾਫ਼ ਵਰਤੇ, ਤਾਂ ਸਮਾਜ ਇਸਨੂੰ ਨੈਤਿਕਤਾ ਨਹੀਂ ਮੰਨੇਗਾ। ਇਸ ਲਈ ਪੰਥ ਨੂੰ ਇਸ ਨਵੇਂ ਰੁਝਾਨ ਬਾਰੇ ਗੰਭੀਰ ਆਤਮ-ਚਿੰਤਨ ਕਰਨ ਦੀ ਲੋੜ ਹੈ। ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਬੀਤੇ ਦਿਨੀਂ ਗਿਆਨੀ ਰਘਬੀਰ ਸਿੰਘ ਵੱਲੋਂ ਐਸਆਈਟੀ ਨੂੰ ਦਿੱਤਾ ਗਿਆ ਬਿਆਨ ਸਮੂਹ ਸਿੱਖ ਪੰਥ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਦੇ ਅਨੁਸਾਰ, ਸਾਬਕਾ ਜਥੇਦਾਰ ਨੇ ਕਿਹਾ ਕਿ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਉਨ੍ਹਾਂ ਕੋਲ ਲਿਖਤੀ ਮਾਫ਼ੀਨਾਮਾ ਪੇਸ਼ ਕੀਤਾ ਸੀ, ਜਿਸ ਨੂੰ ਉਨ੍ਹਾਂ ਨੇ ਅੱਗੇ ਅਕਾਲ ਤਖ਼ਤ ਦੇ ਜਥੇਦਾਰ ਕੋਲ ਭੇਜ ਦਿੱਤਾ ਸੀ। ਉਨ੍ਹਾਂ ਇਹ ਵੀ ਕਿਹਾ ਕਿ ਜੇ ਲੋੜ ਪਈ ਤਾਂ ਉਹ ਇਸ ਮਾਮਲੇ ਵਿੱਚ ਸੰਸਾਰੀ ਅਦਾਲਤ ਵਿੱਚ ਗਵਾਹੀ ਦੇਣ ਲਈ ਵੀ ਤਿਆਰ ਹਨ। ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਇਸ ਬਿਆਨ ਨੇ ਪੰਥ ਦੇ ਸਚੇਤ ਅਤੇ ਜਾਗਰੂਕ ਵਰਗ ਨੂੰ ਗੰਭੀਰ ਤੌਰ 'ਤੇ ਝੰਜੋੜਿਆ ਹੈ। ਉਨ੍ਹਾਂ ਦੇ ਅਨੁਸਾਰ, ਕਿਸੇ ਤਖ਼ਤ ਦੇ ਜਥੇਦਾਰ ਵੱਲੋਂ ਆਪਣੇ ਕੋਲ ਪੇਸ਼ ਕੀਤੇ ਗਏ ਮਾਫ਼ੀਨਾਮੇ ਜਾਂ ਆਤਮ-ਸਵੀਕਾਰੋਕਤੀ ਦੇ ਆਧਾਰ 'ਤੇ ਸੰਸਾਰੀ ਅਦਾਲਤ ਵਿੱਚ ਗਵਾਹੀ ਦੇਣ ਦੀ ਇੱਛਾ ਪ੍ਰਗਟ ਕਰਨਾ ਬੇਮਿਸਾਲ ਅਤੇ ਚਿੰਤਾਜਨਕ ਘਟਨਾ ਹੈ। ਅੰਤ ਵਿੱਚ ਉਨ੍ਹਾਂ ਨੇ ਸਿੱਖ ਪੰਥ ਨੂੰ ਇਸ ਮਾਮਲੇ 'ਤੇ ਗੰਭੀਰਤਾ ਨਾਲ ਵਿਚਾਰ ਕਰਨ ਦੀ ਅਪੀਲ ਕੀਤੀ।



ਆਵਾਜ਼ਿ ਕੌਮ AWAZE QAUM International Newspaper & WEB TV

# ਬੇਅਦਬੀਆਂ ਦੇ ਆੜ 'ਚ ਪੰਜਾਬ ਨੂੰ ਅਸ਼ਾਂਤ ਕਰਨ ਦੀ ਸਾਜ਼ਿਸ਼, ਦੋਸ਼ੀ ਤੱਤਾਂ ਨੂੰ ਤੁਰੰਤ ਕੀਤਾ ਜਾਵੇ ਬੇਨਕਾਬ: ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ

## ਬੇਅਦਬੀ ਕਾਂਡਾਂ 'ਚ ਮੋਹਰੇ ਹੀ ਹੁੰਦੇ ਹਨ ਕਾਬੂ, ਪਰਦੇ ਪਿੱਛੇ ਬੈਠੇ ਮਾਸਟਰਮਾਈਂਡ ਹਰ ਵਾਰ ਕਿਵੇਂ ਬਚ ਜਾਂਦੇ ਹਨ..?

ਨਵੀਂ ਦਿੱਲੀ 12 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੂਹ ਅੰਦਰ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਬੇਅਦਬੀ ਕਰਨ ਦੀ ਕੋਸ਼ਿਸ਼ ਦੀ ਘੋਰ ਨਿੰਦਾ ਕਰਦਿਆਂ ਇਸ ਨੂੰ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਉੱਤੇ ਸਿੱਧਾ ਹਮਲਾ ਕਰਾਰ ਦਿੱਤਾ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਅਤੇ ਸ੍ਰੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਉਂਕਾਰ ਸਿੰਘ ਦੇ ਨਾਲ ਭਾਈ ਸ਼ੁਭਦੀਪ ਸਿੰਘ, ਭਾਈ ਅਮਨਦੀਪ ਸਿੰਘ, ਭਾਈ ਸਤਨਾਮ ਸਿੰਘ ਕੋਹਾੜਕਾ, ਭਾਈ ਕਾਰਜ ਸਿੰਘ, ਭਾਈ ਲਖਵਿੰਦਰ ਸਿੰਘ, ਭਾਈ ਗੁਰਵਿੰਦਰ ਸਿੰਘ ਅਨੰਦਪੁਰੀ, ਭਾਈ ਪਲਵਿੰਦਰ ਸਿੰਘ, ਭਾਈ ਸਤਿੰਦਰਬੀਰ ਸਿੰਘ, ਭਾਈ ਨਵਨੀਤ ਸਿੰਘ, ਭਾਈ ਕੰਵਲਦੀਪ ਸਿੰਘ, ਭਾਈ ਬਿਕਰਮਜੀਤ ਸਿੰਘ, ਭਾਈ ਕਰਨੈਲ ਸਿੰਘ, ਭਾਈ ਸਿਮਰਨਜੀਤ ਸਿੰਘ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਿਹਾ ਕਿ ਪਿਛਲੇ ਕੁਝ ਸਾਲਾਂ ਤੋਂ ਪੰਜਾਬ ਅਤੇ ਖਾਸ ਕਰਕੇ ਸਿੱਖ ਧਾਰਮਿਕ ਅਸਥਾਨਾਂ ਨੂੰ ਨਿਸ਼ਾਨਾ ਬਣਾ ਕੇ ਵਾਰ-ਵਾਰ ਬੇਅਦਬੀ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਜਦੋਂ ਕੋਈ ਵਿਅਕਤੀ ਬਿਨਾਂ ਪੂਰੀ ਜਾਂਚ-ਪੜਤਾਲ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨੇੜੇ ਤੱਕ ਪਹੁੰਚ ਜਾਂਦਾ ਹੈ ਤਾਂ ਇਹ ਸੁਰੱਖਿਆ ਪ੍ਰਬੰਧਾਂ ਉੱਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਨੇ ਸਵਾਲ ਕੀਤਾ ਕਿ ਦਸੰਬਰ 2021 ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਈ ਬੇਅਦਬੀ ਦੀ ਕੋਸ਼ਿਸ਼ ਦੇ ਅਸਲ ਸੂਤਰਧਾਰ ਅੱਜ ਤੱਕ ਲੋਕਾਂ ਸਾਹਮਣੇ ਕਿਉਂ ਨਹੀਂ ਲਿਆਂਦੇ ਗਏ। ਸਭਾ ਨੇ ਕਿਹਾ ਕਿ ਬੇਅਦਬੀ ਕਾਂਡਾਂ ਪਿੱਛੇ ਕੰਮ ਕਰ ਰਹੀਆਂ ਤਾਕਤਾਂ ਨੂੰ ਅੱਜ ਤੱਕ ਬੇਨਕਾਬ ਨਾ ਕੀਤਾ ਜਾਣਾ ਚਿੰਤਾ ਦਾ ਵਿਸ਼ਾ ਹੈ। ਰਾਗੀ ਸਭਾ ਨੇ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਕਿਹਾ ਕਿ ਸਿਰਫ਼ ਦੋਸ਼ੀ ਨੂੰ ਗ੍ਰਿਫ਼ਤਾਰ ਕਰਨਾ ਕਾਫ਼ੀ ਨਹੀਂ, ਸਗੋਂ ਇਸ ਮਾਮਲੇ ਨਾਲ ਜੁੜੇ ਸਾਰੇ ਤੱਥ ਅਤੇ ਸਾਜ਼ਿਸ਼ ਵਿੱਚ ਸ਼ਾਮਲ ਲੋਕਾਂ ਨੂੰ ਵੀ ਸਾਹਮਣੇ ਲਿਆਂਦਾ ਜਾਵੇ। ਰਾਗੀ ਸਭਾ ਨੇ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੇ ਸੇਵਾਦਾਰਾਂ ਅਤੇ ਸੁਰੱਖਿਆ ਕਰਮਚਾਰੀਆਂ ਦੀ ਸਚੇਤਤਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਤੁਰੰਤ ਕਾਰਵਾਈ ਕਾਰਨ ਇੱਕ ਵੱਡੀ ਬੇਅਦਬੀ ਹੋਣ ਤੋਂ ਟਲ ਗਈ। ਨਾਲ ਹੀ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਗੁਰੂ ਘਰਾਂ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਇਆ ਜਾਵੇ ਅਤੇ ਹਰ ਸ਼ੱਕੀ ਗਤੀਵਿਧੀ ਉੱਤੇ ਨਿਗਰਾਨੀ ਰੱਖੀ ਜਾਵੇ।



### ਜੰਡਿਆਲਾ ਵਾਸੀਆਂ ਲਈ ਖੁਸ਼ਖਬਰੀ ਪਾਣੀ ਦੀ ਨਿਕਾਸੀ ਲਈ ਬਣੇਗੀ ਸਾਈਡ ਡਰੇਨ : ਈ:ਟੀ:ਓ

# ਜੰਡਿਆਲਾ ਗੁਰੂ ਬਾਈਪਾਸ ਤੇ ਪੁਲ ਤੇ ਆਦਿ ਪ੍ਰਾਜੈਕਟਾਂ ਦੇ ਰੱਖੇ ਨੀਂਹ ਪੱਥਰ



**ਜੰਡਿਆਲਾ ਗੁਰੂ, 12 ਜੂਨ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸੇ ਕੜੀ ਤਹਿਤ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਾਸੀਆਂ ਲਈ ਇਕ ਹੋਰ ਖੁਸ਼ਖਬਰੀ ਤਹਿਤ ਇਕ ਸਾਈਡ ਡਰੇਨ ਦਾ ਨਿਰਮਾਣ ਕੀਤਾ ਜਾਵੇਗਾ ਜਿਸ ਨਾਲ ਕਾਫੀ ਲੰਬੇ ਸਮੇਂ ਤੋਂ ਜੰਡਿਆਲਾ ਗੁਰੂ ਸਰਾਂ ਤੇ ਲੰਬੇ ਸਮੇਂ ਤੋਂ ਚਲਦੀ ਆ ਰਹੀ ਪਾਣੀ ਦੀ ਨਿਕਾਸੀ ਦੀ ਮੁਸ਼ਕਲ ਦਾ ਹੱਲ ਹੋਵੇਗਾ।

ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਸ੍ਰ ਹਰਭਜਨ ਸਿੰਘ ਈ:ਟੀ:ਓ ਨੇ ਅੱਜ ਜੰਡਿਆਲਾ ਗੁਰੂ ਵਿਖੇ ਸਾਈਡ ਡਰੇਨ ਦਾ ਨੀਂਹ ਪੱਥਰ ਰੱਖਦੇ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਇਸ ਡਰੇਨ ਤੇ ਕਰੀਬ 9.31 ਕਰੋੜ ਰੁਪਏ ਦੀ ਲਾਗਤ ਆਵੇਗੀ ਅਤੇ 6 ਮਹੀਨੇ ਦੇ ਅੰਦਰ ਅੰਦਰ ਇਸ ਕੰਮ ਨੂੰ ਮੁਕੰਮਲ ਕਰਨ ਦਾ ਟੀਚਾ ਮਿਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਕੰਮ ਲਈ ਟੈਂਡਰਾਂ ਦਾ ਕੰਮ ਮੁਕੰਮਲ ਹੋ ਚੁੱਕਾ ਅਤੇ ਜਲਦੀ ਹੀ ਇਸ ਕੰਮ ਦੀ ਸ਼ੁਰੂਆਤ ਕਰ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜੰਡਿਆਲਾ ਗੁਰੂ ਜੀ:ਟੀ:ਰੋਡ 'ਤੇ ਬਰਸਾਤਾਂ ਦੌਰਾਨ ਕਾਫੀ ਪਾਣੀ ਖੜ੍ਹਾ ਹੋ ਜਾਂਦਾ ਸੀ ਜਿਸ ਕਾਰਨ ਰਾਹਗੀਰ ਅਤੇ ਦੁਕਾਨਦਾਰਾਂ ਨੂੰ ਇਸ ਸਮੱਸਿਆ ਤੋਂ ਛੁਟਕਾਰਾ ਮਿਲੇਗਾ।ਇਸ ਉਪਰੰਤ ਲੋਕ ਨਿਰਮਾਣ ਮੰਤਰੀ ਵੱਲੋਂ ਅੰਮ੍ਰਿਤਸਰ-ਦਿੱਲੀ ਨੈਸ਼ਨਲ ਹਾਈਵੇ ਤੋਂ ਜੰਡਿਆਲਾ - ਵੈਰੋਵਾਲ ਸੜਕ ਬਣਨ ਵਾਲੇ ਪੁਲ ਦਾ ਨੀਂਹ ਪੱਥਰ ਵੀ ਰੱਖਿਆ।ਉਨ੍ਹਾਂ ਦੱਸਿਆ ਕਿ ਪਿੰਡ ਗੁਣੋਵਾਲ ਵਿਖੇ 81.67 ਲੱਖ ਰੁਪਏ ਦੀ ਲਾਗਤ ਨਾਲ ਇਸ ਪੁਲ ਨੂੰ ਬਣਾਇਆ ਜਾਵੇਗਾ ਅਤੇ ਇਸ ਦੀ ਸਮੇਂ ਸੀਮਾ ਵੀ 6 ਮਹੀਨੇ ਨਿਸ਼ਚਤ ਕੀਤੀ ਜਾ ਚੁੱਕੀ ਹੈ ਅਤੇ ਸਬੰਧਤ ਠੇਕੇਦਾਰ ਨੂੰ ਇਸ ਦਾ ਕੰਮ ਵੀ ਅਲਾਟ ਹੋ ਚੁੱਕਾ ਹੈ। ਸ੍ਰ ਈ:ਟੀ:ਓ ਨੇ ਦੱਸਿਆ ਕਿ ਇਸ ਪੁਲ ਦੀ ਉਸਾਰੀ ਨਾਲ ਆਮ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ।ਸ੍ਰ ਈ.ਟੀ.ਓ. ਨੇ ਨੀਂਹ ਪੱਥਰ ਰੱਖਦਿਆਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਅਤੇ ਸ਼ਹਿਰਾਂ ਦੇ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਹਰੇਕ ਖੇਤਰ ਵਿੱਚ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਕਾਸ ਪ੍ਰੋਜੈਕਟਾਂ ਨੂੰ ਪਹਿਲ ਦਿੱਤੀ ਜਾ ਰਹੀ ਹੈ ਤਾਂ ਜੋ ਲੋਕਾਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਬੁਨਿਆਦੀ ਢਾਂਚਾ ਮੁਹੱਈਆ ਕਰਵਾਇਆ ਜਾ ਸਕੇ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪ੍ਰੋਜੈਕਟ ਦੇ ਨਿਰਮਾਣ ਦੌਰਾਨ ਗੁਣਵੱਤਾ ਦੇ ਮਿਆਰਾਂ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ ਅਤੇ ਕੰਮ ਨੂੰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਦੀ ਨਿਰੰਤਰ ਨਿਗਰਾਨੀ ਕੀਤੀ ਜਾ ਰਹੀ ਹੈ ਤਾਂ ਜੋ ਜਨਤਕ ਧਨ ਦੀ ਸਹੀ ਵਰਤੋਂ ਯਕੀਨੀ ਬਣਾਈ ਜਾ ਸਕੇ।ਇਸ ਮੌਕੇ ਵਿਭਾਗ ਦੇ ਅਧਿਕਾਰੀਆਂ ਨੇ ਜਾਣਕਾਰੀ ਦਿੱਤੀ ਕਿ 81.67 ਲੱਖ ਰੁਪਏ ਦੀ ਲਾਗਤ ਵਾਲਾ ਇਹ ਪ੍ਰੋਜੈਕਟ ਇਲਾਕੇ ਦੀਆਂ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਆਵਾਜਾਈ ਸੰਬੰਧੀ ਲੋੜਾਂ ਨੂੰ ਪੂਰਾ ਕਰੇਗਾ। ਉਨ੍ਹਾਂ ਦੱਸਿਆ ਕਿ ਪੁਲ ਦੇ ਨਿਰਮਾਣ ਨਾਲ ਖਾਸ ਤੌਰ 'ਤੇ ਪਿੰਡ ਗੁਣੋਵਾਲ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਸਿੱਧਾ ਲਾਭ ਮਿਲੇਗਾ।ਸਮਾਗਮ ਦੌਰਾਨ ਹਾਜ਼ਰ ਪਤਵੰਤਿਆਂ ਅਤੇ ਸਥਾਨਕ ਲੋਕਾਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਜੈਕਟ ਖੇਤਰ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਣਗੇ।ਇਸ ਮੌਕੇ ਚੇਅਰਮੈਨ ਸਰਦਾਰ ਅਮਰੀਕ ਸਿੰਘ ਸੋਢੀ,ਸ੍ਰੀ ਸੁਰਿੰਦਰ ਸੋਨੂ ਮਨਜਿੰਦਰ ਹੈਪੀ, ਕੌਂਸਲਰ ਸਰਦਾਰ ਨਰਿੰਦਰ ਸਿੰਘ ਨਿੰਦਾ ਅਵਤਾਰ ਸਿੰਘ ਕਾਲਾ, ਰਾਜ ਕੁਮਾਰ ਮਲਹੋਤਰਾ ,ਸਰਦਾਰ ਸਤਿੰਦਰ ਸਿੰਘ, ਅਮਨ ਵਿਰਕ ਮਨਜਿੰਦਰ ਭੀੜੀ ਚੇਅਰਮੈਨ ਗੁਰਵਿੰਦਰ ਸਿੰਘ ਤੋ ਇਲਾਵਾਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

### ਸ੍ਰੀ ਦਰਬਾਰ ਸਾਹਿਬ ਦੀ ਹਦੂਦ ਅੰਦਰ ਫਿਰ ਬੇਅਦਬੀ ਦੀ ਕੋਸ਼ਿਸ਼

# ਬਹੁਤ ਵੱਡੀ ਸਾਜ਼ਿਸ਼ ਦਾ ਸੰਕੇਤ : ਬਾਪੂ ਤਰਸੇਮ ਸਿੰਘ

## ਸਾਲਾਂ ਬਾਅਦ ਵੀ ਸਾਜ਼ਿਸ਼ਕਾਰਾਂ ਨੂੰ ਨਾਂ ਲੱਭ ਸਕਣ ਵਾਲੀਆਂ ਸਰਕਾਰਾਂ ਸਵਾਲਾਂ ਦੇ ਘੇਰੇ ਵਿੱਚ : ਅਕਾਲੀ ਦਲ ਵਾਰਿਸ ਪੰਜਾਬ ਦੇ



**ਅੰਮ੍ਰਿਤਸਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਪਾਵਨ ਹਦੂਦ ਅੰਦਰ ਸਥਿੱਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਬੇਅਦਬੀ ਕਰਨ ਦੀ ਕੀਤੀ ਗਈ ਕੋਸ਼ਿਸ਼ ਨੇ ਇੱਕ ਵਾਰ ਫਿਰ ਸਿੱਖ ਕੌਮ ਦੇ ਮਨਾਂ ਅੰਦਰ ਡੂੰਘੀ ਚਿੰਤਾ ਅਤੇ ਰੋਸ ਪੈਦਾ ਕੀਤਾ ਹੈ। ਇਹ ਘਟਨਾ ਕੋਈ ਆਮ ਅਪਰਾਧ ਨਹੀਂ, ਸਗੋਂ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ, ਗੁਰੂ ਸਾਹਿਬ ਦੀ ਮਾਣ-ਮਰਿਆਦਾ ਅਤੇ ਪੰਜਾਬ ਦੇ ਅਮਨ 'ਤੇ ਭਾਈਚਾਰਕ ਸਾਂਝ ਨੂੰ ਨਿਸ਼ਾਨਾ ਬਣਾਉਣ ਵਾਲੀ ਇੱਕ ਗੰਭੀਰ ਸਾਜ਼ਿਸ਼ ਦਾ ਹਿੱਸਾ ਪ੍ਰਤੀਤ ਹੁੰਦੀ ਹੈ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਸ ਘਟਨਾਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਜਾਂਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਬਾਪੂ ਤਰਸੇਮ ਸਿੰਘ ਜੀ ਨੇ ਮੁੱਖ ਦਫ਼ਤਰ ਤੋਂ ਜਾਰੀ ਇਕ ਪ੍ਰੈਸ ਨੋਟ ਰਾਹੀਂ ਕੀਤਾ। ਉਹਨਾਂ ਕਿਹਾ ਕਿ ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਅਤੇ ਸ੍ਰੀ ਦਰਬਾਰ ਸਾਹਿਬ ਨਾਲ ਸੰਬੰਧਿਤ ਵਾਪਰੀਆਂ ਗੰਭੀਰ ਘਟਨਾਵਾਂ ਤੋਂ ਬਾਅਦ ਵੀ ਅੱਜ ਤੱਕ ਕਿਸੇ ਵੀ ਸਰਕਾਰ ਨੇ ਕੌਮ ਨੂੰ ਇਹ ਨਹੀਂ ਦੱਸਿਆ ਕਿ ਇਨ੍ਹਾਂ ਪਿੱਛੇ ਅਸਲ ਤਾਕਤਾਂ ਕੌਣ ਹਨ। ਹਰ ਵਾਰ ਕੋਈ ਵਿਅਕਤੀ ਫੜਿਆ ਜਾਂਦਾ ਹੈ, ਪਰ ਉਸ ਨੂੰ ਭੇਜਣ ਵਾਲੇ, ਉਸ ਦੀ ਮਦਦ ਕਰਨ ਵਾਲੇ ਅਤੇ ਪੂਰੀ ਸਾਜ਼ਿਸ਼ ਨੂੰ ਚਲਾਉਣ ਵਾਲੇ ਚਿਹਰੇ ਕਦੇ ਸਾਹਮਣੇ ਨਹੀਂ ਆਉਂਦੇ। ਇਹ ਹਾਲਾਤ ਸਰਕਾਰਾਂ ਦੀ ਕਾਰਗੁਜ਼ਾਰੀ ਉੱਤੇ ਵੱਡੇ ਸਵਾਲ ਖੜੇ ਕਰਦੇ ਹਨ। ਉਹਨਾਂ ਕਿਹਾ ਕਿ ਜੇਕਰ ਸਿੱਖਾਂ ਦੇ ਸਭ ਤੋਂ ਸਰਬਉੱਚ ਧਾਰਮਿਕ ਸਥਾਨ 'ਤੇ ਵਾਰ-ਵਾਰ ਅਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ ਅਤੇ ਸਾਲਾਂ ਬਾਅਦ ਵੀ ਸਾਜ਼ਿਸ਼ਕਾਰਾਂ ਦਾ ਪਤਾ ਨਹੀਂ ਲੱਗਦਾ, ਤਾਂ ਸਰਕਾਰਾਂ ਦੀ ਨੀਯਤ ਤੇ ਸ਼ੱਕ ਪੈਦਾ ਹੋਣਾ ਸੁਭਾਵਿਕ ਹੈ। ਸਰਕਾਰਾਂ ਦੀ ਜ਼ਿੰਮੇਵਾਰੀ ਸਿਰਫ਼ ਘਟਨਾ ਤੋਂ ਬਾਅਦ ਕਿਸੇ ਵਿਅਕਤੀ ਨੂੰ ਗ੍ਰਿਫ਼ਤਾਰ ਕਰਨਾ ਨਹੀਂ, ਸਗੋਂ ਕੌਮ ਨੂੰ ਪੂਰਾ ਸੱਚ ਦੱਸਣਾ ਵੀ ਹੈ, ਜਿਸ ਵਿੱਚ ਉਹ ਲਗਾਤਾਰ ਅਸਫ਼ਲ ਰਹਿ ਰਹੀਆਂ ਹਨ। ਉਹਨਾਂ ਕਿਹਾ ਕਿ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਜਾਂ ਬੇਅਦਬੀ ਦੀ ਕੋਸ਼ਿਸ਼ ਦਾ ਹਰ ਮਾਮਲਾ ਸਿੱਖ ਕੌਮ ਦੀ ਰੂਹ ਉੱਤੇ ਕੀਤਾ ਗਿਆ ਹਮਲਾ ਹੈ। ਜਦੋਂ ਅਜਿਹੀਆਂ ਘਟਨਾਵਾਂ ਵਾਰ-ਵਾਰ ਵਾਪਰਨ ਅਤੇ ਉਨ੍ਹਾਂ ਦੇ ਪਿੱਛੇ ਦੀ ਸੱਚਾਈ ਹਮੇਸ਼ਾਂ ਧੁੰਦ ਵਿੱਚ ਰੱਖੀ ਜਾਵੇ ਤਾਂ ਇਹ ਮਾਮਲਾ ਹੋਰ ਵੀ ਗੰਭੀਰ ਹੋ ਜਾਂਦਾ ਹੈ। ਅੱਜ ਸਮਾਂ ਆ ਗਿਆ ਹੈ ਕਿ ਸਿੱਖ ਕੌਮ ਇਨ੍ਹਾਂ ਘਟਨਾਵਾਂ ਨੂੰ ਇਕੱਲੇ-ਇਕੱਲੇ ਮਾਮਲਿਆਂ ਵਜੋਂ ਦੇਖਣ ਦੀ ਬਜਾਏ ਇੱਕ ਵੱਡੇ ਸੰਦਰਭ ਵਿੱਚ ਵੇਖੇ। ਪੰਜਾਬ, ਪੰਥ ਅਤੇ ਸਿੱਖ ਸੰਸਥਾਵਾਂ ਨੂੰ ਅਸਥਿਰ ਕਰਨ ਲਈ ਚੱਲ ਰਹੀਆਂ ਤਾਕਤਾਂ ਨੂੰ ਪਛਾਣਨਾ ਅਤੇ ਉਨ੍ਹਾਂ ਦੀਆਂ ਚਾਲਾਂ ਨੂੰ ਨਾਕਾਮ ਕਰਨਾ ਸਮੇਂ ਦੀ ਵੱਡੀ ਲੋੜ ਹੈ। ਉਹਨਾਂ ਅਖੀਰ ਵਿੱਚ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਪੱਸ਼ਟ ਕਰਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਾਣ-ਮਰਿਆਦਾ, ਸਤਿਕਾਰ ਅਤੇ ਪਵਿੱਤਰਤਾ ਦੀ ਰੱਖਿਆ ਲਈ ਪਾਰਟੀ ਹਰ ਪੱਧਰ 'ਤੇ ਵਚਨਬੱਧ ਹੈ ਅਤੇ ਕੌਮ ਵਿਰੁੱਧ ਰਚੀਆਂ ਜਾ ਰਹੀਆਂ ਅਜਿਹੀਆਂ ਸਾਜ਼ਿਸ਼ਾਂ ਖ਼ਿਲਾਫ਼ ਆਪਣੀ ਆਵਾਜ਼ ਪਹਿਲਾਂ ਨਾਲੋਂ ਹੋਰ ਮਜ਼ਬੂਤੀ ਨਾਲ ਬੁਲੰਦ ਕਰਦੀ ਰਹੇਗੀ।

# ਸੇਵਾ ਕੇਂਦਰ ਮੁਲਾਜਮਾਂ ਦੀਆਂ ਤਨਖਾਹਾਂ ਵਿੱਚ ਗੈਰਕਾਨੂੰਨੀ ਕਟੌਤੀ ਖ਼ਿਲਾਫ਼ ਸਖ਼ਤ ਰੋਸ

## ਤਨਖਾਹਾਂ 'ਚ ਨਜਾਇਜ਼ ਕਟੌਤੀ ਵਾਪਸ ਅਤੇ ਤਨਖਾਹ ਜਾਰੀ ਨੇ ਕੀਤੀ ਤਾਂ ਹੋਵੇਗਾ ਸਖਤ ਐਕਸ਼ਨ- ਸੂਬਾ ਪ੍ਰਧਾਨ



**ਤਲਵੰਡੀ ਸਾਬੋ/ਬਠਿੰਡਾ, 12 ਜੂਨ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਭਰ ਦੇ ਸੇਵਾ ਕੇਂਦਰ ਮੁਲਾਜਮਾਂ ਵੱਲੋਂ ਇਹ ਗੰਭੀਰ ਮਸਲਾ ਸਾਹਮਣੇ ਲਿਆਂਦਾ ਜਾ ਰਿਹਾ ਹੈ ਕਿ ਸੇਵਾ ਕੇਂਦਰਾਂ ਵਿੱਚ ਕੰਮ ਕਰ ਰਹੇ ਮੁਲਾਜਮਾਂ ਦੀਆਂ ਤਨਖਾਹਾਂ ਅਤੇ ਹੋਰ ਮੁੱਦਿਆਂ ਨੂੰ ਲੈ ਕੇ ਪਹਿਲਾਂ ਮਾਣਯੋਗ ਅਮਨ ਅਰੋੜਾ ਦੀ ਅਗਵਾਈ ਹੇਠ ਕੰਪਨੀਆਂ ਅਤੇ ਸੇਵਾ ਕੇਂਦਰ ਮੁਲਾਜਮਾਂ ਵਿਚਕਾਰ ਇੱਕ ਸਹਿਮਤੀ ਬਣਾਈ ਗਈ ਸੀ। ਪਰੰਤੂ ਇਸ ਸਹਿਮਤੀ ਦੀ ਖੁੱਲ੍ਹੀ ਉਲੰਘਣਾ ਕਰਦੇ ਹੋਏ ਕੰਪਨੀਆਂ ਵੱਲੋਂ ਅੱਜ ਪੰਜਾਬ ਦੇ ਸਾਰੇ ਹੀ ਸੇਵਾ ਕੇਂਦਰ ਮੁਲਾਜਮਾਂ ਦੀਆਂ ਤਨਖਾਹਾਂ ਵਿੱਚ ਬੇਹੱਦ ਕਟੌਤੀ ਕਰ ਦਿੱਤੀ ਗਈ ਹੈ। ਇਸ ਮੌਕੇ ਮੀਡੀਆ ਨਾਲ ਗਲਬਾਤ ਕਰਦਿਆਂ ਸੂਬਾ ਪ੍ਰਧਾਨ ਬਲਜਿੰਦਰ ਸਿੰਘ ਮਾਝਾ, ਜਰਨਲ ਸੈਕਟਰੀ ਗੁਰਸੇਵਕ ਸਿੰਘ, ਵਿਨੋਦ ਚੁੱਘ ਸੂਬਾ ਮੀਤ ਪ੍ਰਧਾਨ ਪੰਜਾਬ ਏਟਕ ਨੇ ਦੱਸਿਆ ਕਿ ਜਿੱਥੇ ਪਹਿਲਾਂ ਤਨਖਾਹ ਲਗਭਗ ਦਸ ਹਜ਼ਾਰ ਪ੍ਰਤੀ ਮਹੀਨਾ ਸੀ, ਉੱਥੇ ਹੁਣ ਕਈ ਮੁਲਾਜਮਾਂ ਨੂੰ ਕੇਵਲ ਛੇ ਹਜ਼ਾਰ ਤੇ ਕਈਆਂ ਨੂੰ ਪਚਾਨਵੇਂ ਸੌ ਜਾਂ ਇਸ ਤੋਂ ਵੀ ਘੱਟ ਤਨਖਾਹ ਜਾਰੀ ਕੀਤੀ ਗਈ ਹੈ। ਇਹ ਕਟੌਤੀ ਤਿੰਨ ਤੋਂ ਚਾਰ ਹਜ਼ਾਰ ਤੱਕ ਕੀਤੀ ਗਈ ਹੈ। ਇਹ ਸਿਰਫ਼ ਸੇਵਾ ਕੇਂਦਰ ਮੁਲਾਜਮਾਂ ਨਾਲ ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ ਅਤੇ ਮਿਹਨਤਕਸ਼ ਵਰਗ ਨਾਲ ਖੁੱਲ੍ਹਾ ਧੱਕਾ ਅਤੇ ਅਨਿਆਇ ਹੈ। ਕੰਪਨੀਆਂ ਵੱਲੋਂ ਪਹਿਲਾਂ ਹੋਈ ਸਹਿਮਤੀ ਨੂੰ ਨਜ਼ਰਅੰਦਾਜ਼ ਕਰਕੇ ਕੀਤੀ ਗਈ ਇਹ ਕਾਰਵਾਈ ਪੂਰੀ ਤਰ੍ਹਾਂ ਨਿੰਦਣਯੋਗ ਹੈ। ਸੇਵਾ ਕੇਂਦਰ ਮੁਲਾਜਮ ਇਸ ਮਾਮਲੇ ਨੂੰ ਬਹੁਤ ਗੰਭੀਰਤਾ ਨਾਲ ਲੈਂਦੇ ਹੋਏ ਚੇਤਾਵਨੀ ਦਿੰਦੇ ਹਨ ਕਿ ਜੇਕਰ ਤੁਰੰਤ ਇਸ ਗੈਰ-ਇਨਸਾਫ਼ੀ ਨੂੰ ਵਾਪਸ ਨਾ ਲਿਆ ਗਿਆ ਅਤੇ ਪਹਿਲਾਂ ਹੋਈ ਸਹਿਮਤੀ ਨੂੰ ਲਾਗੂ ਨਾ ਕੀਤਾ ਗਿਆ ਤਾਂ ਪੰਜਾਬ ਭਰ ਦੇ ਮੁਲਾਜਮ ਸਖ਼ਤ ਸੰਘਰਸ਼ ਅਤੇ ਵੱਡੇ ਪੱਧਰ 'ਤੇ ਅੰਦੋਲਨ ਕਰਨ ਲਈ ਮਜਬੂਰ ਹੋਣਗੇ, ਜਿਸਦੀ ਪੂਰੀ ਜ਼ਿੰਮੇਵਾਰੀ ਸੰਬੰਧਿਤ ਕੰਪਨੀਆਂ ਅਤੇ ਪ੍ਰਸ਼ਾਸਨ ਦੀ ਹੋਵੇਗੀ।ਅਸੀਂ ਮੰਗ ਕਰਦੇ ਹਾਂ ਕਿ ਮੁਲਾਜਮਾਂ ਦੀਆਂ ਤਨਖਾਹਾਂ ਵਿੱਚ ਕੀਤੀ ਗਈ ਇਹ ਨਾਜਾਇਜ਼ ਕਟੌਤੀ ਤੁਰੰਤ ਜਾਰੀ ਕੀਤੀ ਜਾਵੇ ਜੇਕਰ ਤਨਖਾਹ ਤੁਰੰਤ ਜਾਰੀ ਨਾ ਕਰਨ ਤੇ ਸੇਵਾ ਕੇਂਦਰ ਮੁਲਾਜਮ ਯੂਨੀਅਨ ਇਸ ਸਬੰਧੀ ਸਖਤ ਐਕਸ਼ਨ ਲਵੇਗੀ।

# ਪੰਥਕ ਸਿਧਾਂਤਾਂ ਤੋਂ ਭਟਕਾਅ ਜਾਂ ਮਜਬੂਰੀ ? ਗਿਆਨੀ ਰਘਬੀਰ ਸਿੰਘ ਦੇ ਫ਼ੈਸਲੇ ਕਟਹਿਰੇ ਵਿੱਚ: ਬੀਬੀ ਕਿਰਨਜੋਤ ਕੌਰ

## ਗਿਆਨੀ ਰਘਬੀਰ ਸਿੰਘ ਜੀ ਦੀ ਭੂਮਿਕਾ ਪੰਥਕ ਸੰਸਥਾਵਾਂ ਦੀ ਖੁਦਮੁਖਤਿਆਰੀ ਨੂੰ ਮਜ਼ਬੂਤ ਕਰਨ ਦੀ ਬਜਾਏ ਉਨ੍ਹਾਂ ਨੂੰ ਕਮਜ਼ੋਰ ਕਰਨ ਵਾਲੀ



**ਨਵੀਂ ਦਿੱਲੀ, 12 ਜੂਨ (ਮਨਪ੍ਰੀਤ ਸਿੰਘ ਖਾਲਸਾ)**:-ਪਤਾ ਨਹੀਂ ਇਹ ਨਿਵਾਣ ਕਿੱਥੇ ਤੱਕ ਹੈ। ਜਿਨ੍ਹਾਂ ਸਿਧਾਂਤਾਂ ਨੂੰ ਕਦੇ ਠੋਕਰ ਮਾਰੀ ਗਈ, ਅੱਜ ਉਹੀ ਹਾਲਾਤ ਉਨ੍ਹਾਂ ਲੋਕਾਂ ਨੂੰ ਆਪਣੇ ਘੇਰੇ ਵਿੱਚ ਲੈ ਚੁੱਕੇ ਹਨ। ਦੁੱਖ ਦੀ ਗੱਲ ਇਹ ਹੈ ਕਿ ਨਾ ਤਾਂ ਸਿਧਾਂਤਾਂ ਦੀ ਗੱਲ ਕਰਨ ਵਾਲੇ ਬਚੇ ਹਨ ਅਤੇ ਨਾ ਹੀ ਉਨ੍ਹਾਂ ਨੂੰ ਸਮਝਣ ਅਤੇ ਲਾਗੂ ਕਰਨ ਵਾਲੇ।ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਐਸਜੀਪੀਸੀ ਦੇ ਸੀਨੀਅਰ ਮੈਂਬਰ ਬੀਬੀ ਕਿਰਨਜੋਤ ਕੌਰ ਨੇ ਕਿਹਾ ਗਿਆਨੀ ਰਘਬੀਰ ਸਿੰਘ ਵੱਲੋਂ ਪਹਿਲਾਂ ਆਪਣੇ ਹੈਡ ਗ੍ਰੰਥੀ ਦੇ ਅਹੁਦੇ ਨੂੰ ਕਾਇਮ ਰੱਖਣ ਲਈ ਹਾਈ ਕੋਰਟ ਦਾ ਰੁਖ ਕੀਤਾ ਗਿਆ। ਉਸ ਤੋਂ ਬਾਅਦ ਬੇਅਦਬੀ ਦੇ ਮਾਮਲਿਆਂ ਵਿੱਚ ਸਖ਼ਤ ਸਜ਼ਾਵਾਂ ਦੀ ਮੰਗ ਦੇ ਨਾਮ 'ਤੇ ਗੁਰੂ ਗ੍ਰੰਥ ਸਾਹਿਬ ਜੀ ਤੋਂ ਪਾਠ ਕਰਨ ਵਾਲੇ ਵਿਅਕਤੀ ਨੂੰ ਕਾਨੂੰਨੀ ਘੇਰੇ ਵਿੱਚ ਲਿਆਉਣ ਦੇ ਯਤਨਾਂ ਦਾ ਸਮਰਥਨ ਕੀਤਾ ਗਿਆ। ਹੁਣ ਅਕਾਲ ਤਖ਼ਤ ਸਾਹਿਬ ਅਤੇ ਪੰਥਕ ਰਵਾਇਤਾਂ ਨਾਲ ਜੁੜੇ ਮਸਲਿਆਂ ਨੂੰ ਵੀ ਸਰਕਾਰੀ ਕਾਨੂੰਨ ਦੇ ਦਾਇਰੇ ਵਿੱਚ ਲਿਆਂਦਾ ਜਾ ਰਿਹਾ ਹੈ। ਇਹ ਘਟਨਾਵਾਂ ਸਿੱਖ ਪੰਥ ਦੀਆਂ ਰਵਾਇਤੀ ਸੰਸਥਾਵਾਂ ਦੀ ਖੁਦਮੁਖਤਿਆਰੀ ਅਤੇ ਸਰਵਉੱਚਤਾ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਬੀਬੀ ਕਿਰਨਜੋਰ ਕੌਰ ਨੇ ਦਸਿਆ ਕਿ ਸਿੱਖ ਪੰਥ ਦੀ ਆਪਣੀ ਮਰਯਾਦਾ, ਆਪਣੇ ਨਿਯਮ ਅਤੇ ਆਪਣੇ ਫ਼ੈਸਲਾ ਕਰਨ ਦੇ ਇਤਿਹਾਸਕ ਢੰਗ ਰਹੇ ਹਨ। ਜਦੋਂ ਪੰਥਕ ਮਸਲਿਆਂ ਦਾ ਹੱਲ ਪੰਥ ਦੇ ਅੰਦਰ ਕਰਨ ਦੀ ਬਜਾਏ ਬਾਹਰੀ ਸੰਸਥਾਵਾਂ ਅਤੇ ਅਦਾਲਤਾਂ ਰਾਹੀਂ ਲੱਭਿਆ ਜਾਣ ਲੱਗ ਪਏ, ਤਾਂ ਇਹ ਚਿੰਤਾ ਸੁਭਾਵਿਕ ਹੈ ਕਿ ਪੰਥ ਦੀ ਸੰਸਥਾਗਤ ਆਜ਼ਾਦੀ ਅਤੇ ਅਸੂਲਾਂ ਦਾ ਕੀ ਬਣੇਗਾ। ਓਨ੍ਹਾ ਕਿਹਾ ਇਨ੍ਹਾਂ ਸਾਰੀਆਂ ਘਟਨਾਵਾਂ ਨੂੰ ਇਕੱਠਿਆਂ ਵੇਖਣ ਨਾਲ ਬਹੁਤ ਸਾਰੇ ਸਿੱਖਾਂ ਦੇ ਮਨ ਵਿੱਚ ਇਹ ਪ੍ਰਭਾਵ ਬਣ ਰਿਹਾ ਹੈ ਕਿ ਗਿਆਨੀ ਰਘਬੀਰ ਸਿੰਘ ਜੀ ਦੀ ਭੂਮਿਕਾ ਪੰਥਕ ਸੰਸਥਾਵਾਂ ਦੀ ਖੁਦਮੁਖਤਿਆਰੀ ਨੂੰ ਮਜ਼ਬੂਤ ਕਰਨ ਦੀ ਬਜਾਏ ਉਨ੍ਹਾਂ ਨੂੰ ਕਮਜ਼ੋਰ ਕਰਨ ਵਾਲੀ ਨਜ਼ਰ ਆ ਰਹੀ ਹੈ। ਉਨ੍ਹਾਂ ਦੇ ਫ਼ੈਸਲੇ ਅਤੇ ਰਵੱਈਏ ਨੇ ਇਹ ਸਵਾਲ ਖੜ੍ਹਾ ਕਰ ਦਿੱਤਾ ਹੈ ਕਿ ਕੀ ਨਿੱਜੀ ਅਹੁਦਿਆਂ ਅਤੇ ਹਿਤਾਂ ਨੂੰ ਪੰਥਕ ਸਿਧਾਂਤਾਂ ਤੋਂ ਉੱਪਰ ਰੱਖਿਆ ਜਾ ਰਿਹਾ ਹੈ। ਇਸੇ ਕਾਰਨ ਕਈ ਵਰਗਾਂ ਵਿੱਚ ਇਹ ਧਾਰਨਾ ਬਣ ਰਹੀ ਹੈ ਕਿ ਉਨ੍ਹਾਂ ਦਾ ਕਿਰਦਾਰ ਪੰਥਕ ਹਿੱਤਾਂ ਦੇ ਅਨੁਕੂਲ ਨਹੀਂ ਦਿਸਦਾ ਅਤੇ ਉਨ੍ਹਾਂ ਦੀ ਕਾਰਗੁਜ਼ਾਰੀ ਨੇ ਪੰਥ ਦੇ ਅੰਦਰ ਬੇਲੋੜੇ ਵਿਵਾਦ ਅਤੇ ਸ਼ੰਕੇ ਪੈਦਾ ਕੀਤੇ ਹਨ। ਅੰਤ ਵਿਚ ਓਨ੍ਹਾ ਕਿਹਾ ਪੰਥ ਨੂੰ ਅੱਜ ਵਿਅਕਤੀ ਪੂਜਾ ਨਹੀਂ, ਸਗੋਂ ਸਿਧਾਂਤਾਂ ਪ੍ਰਤੀ ਵਚਨਬੱਧਤਾ ਦੀ ਲੋੜ ਹੈ। ਅਹੁਦੇ ਆਉਂਦੇ ਜਾਂਦੇ ਰਹਿੰਦੇ ਹਨ, ਪਰ ਸਿਧਾਂਤ ਅਤੇ ਪੰਥਕ ਮਰਯਾਦਾ ਕਾਇਮ ਰਹਿਣੀ ਚਾਹੀਦੀ ਹੈ। ਇਸ ਲਈ ਸਮਾਂ ਆ ਗਿਆ ਹੈ ਕਿ ਪੰਥ ਦੇ ਸਾਰੇ ਜ਼ਿੰਮੇਵਾਰ ਅਹੁਦੇਦਾਰ ਆਪਣੇ ਫ਼ੈਸਲਿਆਂ ਅਤੇ ਕਦਮਾਂ ਨੂੰ ਗੁਰੂ ਸਾਹਿਬ ਦੇ ਦਰਸਾਏ ਅਸੂਲਾਂ ਅਤੇ ਪੰਥਕ ਰਵਾਇਤਾਂ ਦੀ ਕਸੌਟੀ 'ਤੇ ਪਰਖਣ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਵਪਾਰੀਆਂ ਦੀ ਹਰ ਸਮੱਸਿਆ ਦਾ

# ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ ਨਿਪਟਾਰਾ: ਐਸ.ਡੀ.ਐਮ



**ਮੂਨਕ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਪਾਰੀਆਂ ਅਤੇ ਕਾਰੋਬਾਰੀਆਂ ਨੂੰ ਸਾਜ਼ਗਾਰ ਵਪਾਰਕ ਮਾਹੌਲ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਯਕੀਨੀ ਬਣਾਉਣ ਦੇ ਮੰਤਵ ਨਾਲ ਪੰਜਾਬ ਰਾਜ ਵਪਾਰੀ ਕਮਿਸ਼ਨ ਲਹਿਰਾ (ਪੀ.ਐਸ.ਟੀ.ਸੀ.) ਵੱਲੋਂ ਅੱਜ ਮੂਨਕ ਵਿਖੇ ਵਪਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਪਾਰੀਆਂ ਨੇ ਆਪਣੇ ਕਾਰੋਬਾਰ ਨਾਲ ਸਬੰਧਤ ਵੱਖ-ਵੱਖ ਮੁੱਦੇ ਅਤੇ ਸੁਝਾਅ ਕਮਿਸ਼ਨ ਅਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦੇ। ਇਸ ਮੌਕੇ ਐਸ.ਡੀ.ਐਮ ਰਾਕੇਸ਼ ਪ੍ਰਕਾਸ਼ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਵੱਲੋਂ ਉਠਾਈ ਗਈ ਹਰ ਜਾਇਜ਼ ਸਮੱਸਿਆ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇਗਾ ਅਤੇ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਪੰਜਾਬ ਰਾਜ ਵਪਾਰੀ ਕਮਿਸ਼ਨ ਲਹਿਰਾ ਦੇ ਚੇਅਰਮੈਨ ਪ੍ਰਿੰਸ ਗਰਗ ਨੇ ਕਿਹਾ ਕਿ ਵਪਾਰੀ ਵਰਗ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਨੂੰ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਵਪਾਰੀਆਂ ਅਤੇ ਸਰਕਾਰ ਦਰਮਿਆਨ ਸਿੱਧਾ ਸੰਪਰਕ ਕਾਇਮ ਕਰਨ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸਥਾਨਕ ਪੱਧਰ 'ਤੇ ਸੁਣ ਕੇ ਹੱਲ ਕਰਨ ਲਈ ਟਰੇਡ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਵੱਖ-ਵੱਖ ਇਲਾਕਿਆਂ ਵਿੱਚ ਮੀਟਿੰਗਾਂ ਕਰਕੇ ਵਪਾਰੀਆਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ, ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਬੰਧਤ ਵਿਭਾਗਾਂ ਤੱਕ ਪਹੁੰਚਾ ਕੇ ਉਨ੍ਹਾਂ ਦਾ ਜਲਦ ਤੋਂ ਜਲਦ ਹੱਲ ਕਰਵਾਇਆ ਜਾ ਸਕੇ। ਇਸ ਮੌਕੇ ਕਮਿਸ਼ਨ ਮੈਂਬਰ ਗੌਰਵ ਗਰਗ, ਸਤਿਗੁਰ ਸਿੰਘ, ਰਜਿੰਦਰ ਕੁਮਾਰ, ਮੋਹਿਤ ਕੁਮਾਰ, ਸ਼ਿਵ ਕੁਮਾਰ, ਰਕੇਸ਼ ਗਰਗ, ਕ੍ਰਿਸ਼ਨ ਕੁਮਾਰ ਸਮੇਤ ਵਪਾਰ ਮੰਡਲਾਂ ਦੇ ਨੁਮਾਇੰਦੇ, ਕਮਿਸ਼ਨ ਦੇ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਵਪਾਰੀ ਹਾਜ਼ਰ ਸਨ।

> **ਵਪਾਰੀਆਂ ਅਤੇ ਸਰਕਾਰ ਦਰਮਿਆਨ ਬਿਹਤਰ ਤਾਲਮੇਲ ਸਥਾਪਿਤ ਕਰਨ ਲਈ ਪੰਜਾਬ ਸਰਕਾਰ ਨੇ ਟਰੇਡ ਕਮਿਸ਼ਨ ਦਾ ਗਠਨ ਕੀਤਾ: ਚੇਅਰਮੈਨ ਪ੍ਰਿੰਸ ਗਰਗ**

### ਕੇ.ਵੀ.ਕੇ ਬਠਿੰਡਾ ਵਿਖੇ ਮੁਰਗੀ ਪਾਲਣ ਸਿਖਲਾਈ ਨਾਲ

# ਸਵੈ-ਰੋਜ਼ਗਾਰ ਵੱਲ ਵਧੇ 57 ਨੌਜਵਾਨ ਕਿਸਾਨ



**ਬਠਿੰਡਾ, 12 ਜੂਨ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ ਪੇਂਡੂ ਨੌਜਵਾਨਾਂ, ਕਿਸਾਨਾਂ ਅਤੇ ਕਿਸਾਨ ਬੀਬੀਆਂ ਨੂੰ ਸਵੈ-ਰੋਜ਼ਗਾਰ ਦੇ ਮੌਕੇ ਦੇਣ ਅਤੇ ਮੁਰਗੀ ਪਾਲਣ ਨੂੰ ਇੱਕ ਲਾਭਕਾਰੀ ਕਿੱਤੇ ਵਜੋਂ ਉਤਸ਼ਾਹਿਤ ਕਰਨ ਦੇ ਮੰਤਵ ਨਾਲ 8 ਜੂਨ ਤੋਂ 12 ਜੂਨ 2026 ਤੱਕ ਪੰਜ ਦਿਨਾਂ ਦਾ ਹੁਨਰ ਵਿਕਾਸ ਸਿਖਲਾਈ ਕੋਰਸ ਆਯੋਜਿਤ ਕੀਤਾ ਗਿਆ। ਇਹ ਸਿਖਲਾਈ ਕੋਰਸ ਡਾ. ਗੁਰਦੀਪ ਸਿੰਘ ਸਿੱਧੂ, ਡਿਪਟੀ ਡਾਇਰੈਕਟਰ (ਸਿਖਲਾਈ) ਦੀ ਅਗਵਾਈ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ, ਜਿਸ ਵਿੱਚ ਬਠਿੰਡਾ ਜ਼ਿਲ੍ਹੇ ਦੇ 57 ਸਿੱਖਿਆਰਥੀਆਂ ਨੇ ਭਾਗ ਲਿਆ। ਇਨ੍ਹਾਂ ਵਿੱਚ ਚਾਰ ਮਹਿਲਾ ਭਾਗੀਦਾਰ ਵੀ ਸ਼ਾਮਲ ਸਨ। ਇਸ ਮੌਕੇ ਬੋਲਦਿਆਂ ਡਾ. ਗੁਰਦੀਪ ਸਿੰਘ ਸਿੱਧੂ ਨੇ ਕਿਹਾ ਕਿ ਮੁਰਗੀ ਪਾਲਣ ਇੱਕ ਅਜਿਹਾ ਸਹਾਇਕ ਧੰਦਾ ਹੈ ਜਿਸ ਨੂੰ ਘੱਟ ਜ਼ਮੀਨ ਅਤੇ ਸੀਮਤ ਪੂੰਜੀ ਨਾਲ ਵੀ ਸਫਲਤਾਪੂਰਵਕ ਅਪਣਾਇਆ ਜਾ ਸਕਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਮੁਰਗੀ ਪਾਲਣ ਨੂੰ ਵਿਗਿਆਨਕ ਢੰਗ ਨਾਲ ਅਤੇ ਵਪਾਰਕ ਪੱਧਰ 'ਤੇ ਅਪਣਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਇਹ ਕਿੱਤਾ ਪੇਂਡੂ ਖੇਤਰਾਂ ਵਿੱਚ ਰੋਜ਼ਗਾਰ ਅਤੇ ਆਮਦਨ ਵਧਾਉਣ ਦਾ ਇੱਕ ਮਹੱਤਵਪੂਰਨ ਸਾਧਨ ਬਣ ਸਕਦਾ ਹੈ। ਉਨ੍ਹਾਂ ਸਿੱਖਿਆਰਥੀਆਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਦੀਆਂ ਗਤੀਵਿਧੀਆਂ, ਸੇਵਾਵਾਂ ਅਤੇ ਕਿਸਾਨਾਂ ਲਈ ਚਲਾਏ ਜਾ ਰਹੇ ਵੱਖ-ਵੱਖ ਸਿਖਲਾਈ ਪ੍ਰੋਗਰਾਮਾਂ ਬਾਰੇ ਵੀ ਜਾਣੂ ਕਰਵਾਇਆ। ਡਾ. ਗੁਰਲਾਲ ਸਿੰਘ ਗਿੱਲ, ਸਹਾਇਕ ਪ੍ਰੋਫੈਸਰ ਪਸ਼ੂ ਵਿਗਿਆਨ, ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਨੇ ਸਿਖਲਾਈ ਦੌਰਾਨ ਮੁਰਗੀ ਪਾਲਣ ਨਾਲ ਸਬੰਧਿਤ ਮਹੱਤਵਪੂਰਨ ਵਿਸ਼ਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਵਿਗਿਆਨਕ ਢੰਗ ਨਾਲ ਸ਼ੈਡ ਦੀ ਉਸਾਰੀ, ਮੁਰਗੀਆਂ ਦੀਆਂ ਵੱਖ-ਵੱਖ ਨਸਲਾਂ, ਖ਼ੁਰਾਕ ਪ੍ਰਬੰਧਨ, ਜੈਵਿਕ ਸੁਰੱਖਿਆ ਉਪਾਅ, ਬਿਮਾਰੀਆਂ ਦੀ ਰੋਕਥਾਮ, ਪਸ਼ੂਆਂ ਤੋਂ ਮਨੁੱਖਾਂ ਵਿੱਚ ਫੈਲਣ ਵਾਲੀਆਂ ਬਿਮਾਰੀਆਂ ਅਤੇ ਮੰਡੀਕਰਨ ਰਣਨੀਤੀਆਂ ਬਾਰੇ ਚਰਚਾ ਕੀਤੀ। ਉਨ੍ਹਾਂ ਦੱਸਿਆ ਕਿ ਇਹ ਸਾਰੇ ਪੱਖ ਅਪਣਾਉਣ ਨਾਲ ਮੁਰਗੀ ਫਾਰਮ ਦੀ ਉਤਪਾਦਕਤਾ ਅਤੇ ਮੁਨਾਫ਼ੇ ਵਿੱਚ ਮਹੱਤਵਪੂਰਨ ਵਾਧਾ ਕੀਤਾ ਜਾ ਸਕਦਾ ਹੈ। ਸਿਖਲਾਈ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਵਿਹਾਰਕ ਬਣਾਉਣ ਲਈ ਵੱਖ-ਵੱਖ ਖੇਤਰਾਂ ਦੇ ਮਾਹਿਰਾਂ ਨੂੰ ਵੀ ਸੱਦਾ ਦਿੱਤਾ ਗਿਆ। ਡਾ. ਗੁਰਪ੍ਰੀਤ ਕੌਰ, ਵੈਟਰਨਰੀ ਅਫ਼ਸਰ, ਵੈਟਰਨਰੀ ਪੌਲੀਟੈਕਨਿਕ ਕਾਲਜ, ਕਾਲਝਰਾਨੀ ਨੇ ਮੁਰਗੀਆਂ ਲਈ ਅਰਾਮਦਾਇਕ ਅਤੇ ਸਿਹਤਮੰਦ ਸ਼ੈਡ ਦੀ ਬਣਾਵਟ, ਵੱਖ-ਵੱਖ ਕਿਸਮਾਂ ਦੇ ਸ਼ੈਡਾਂ ਅਤੇ ਪੰਛੀਆਂ ਦੇ ਸੁਚੱਜੇ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ। ਡਾ. ਸੰਦੀਪ ਸਿੰਘ ਧਾਲੀਵਾਲ, ਸਹਾਇਕ ਪ੍ਰੋਫੈਸਰ, ਕਾਲਜ ਆਫ ਵੈਟਰਨਰੀ ਸਾਇੰਸ, ਰਾਮਪੁਰਾ ਫੂਲ ਨੇ ਚਿਕਨ ਦੀ ਗੁਣਵੱਤਾ ਸੁਧਾਰਨ ਅਤੇ ਇਸ ਰਾਹੀਂ ਵਧੇਰੇ ਆਮਦਨ ਪ੍ਰਾਪਤ ਕਰਨ ਦੇ ਤਰੀਕਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸੇ ਤਰ੍ਹਾਂ ਡਾ. ਨਰੇਸ਼ ਮੰਗਲਾ, ਵੈਟਰਨਰੀ ਅਫ਼ਸਰ, ਬਠਿੰਡਾ ਨੇ ਮੁਰਗੀਆਂ ਵਿੱਚ ਟੀਕਾਕਰਨ, ਆਮ ਬਿਮਾਰੀਆਂ ਦੀ ਪਛਾਣ ਅਤੇ ਉਨ੍ਹਾਂ ਦੀ ਰੋਕਥਾਮ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਸਮਾਪਤੀ ਸਮਾਗਮ ਦੌਰਾਨ ਸਿੱਖਿਆਰਥੀਆਂ ਨੇ ਇਸ ਸਿਖਲਾਈ ਨੂੰ ਬਹੁਤ ਹੀ ਲਾਭਕਾਰੀ ਦੱਸਦਿਆਂ ਕਿਹਾ ਕਿ ਇਸ ਰਾਹੀਂ ਉਨ੍ਹਾਂ ਨੂੰ ਮੁਰਗੀ ਪਾਲਣ ਦੇ ਕਿੱਤੇ ਨੂੰ ਵਿਗਿਆਨਕ ਅਤੇ ਵਪਾਰਕ ਢੰਗ ਨਾਲ ਅਪਣਾਉਣ ਲਈ ਲੋੜੀਂਦੀ ਜਾਣਕਾਰੀ ਮਿਲੀ ਹੈ।

# ਆਮ ਆਦਮੀ ਪਾਰਟੀ ਦੇ ਅਨੁਸੂਚਿਤ ਜਾਤੀ ਵਿੰਗ ਦੀ ਇਕ ਅਹਿਮ ਮੀਟਿੰਗ ਸੰਪੰਨ



**ਚੌਕ ਮਹਿਤਾ,12 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਆਮ ਆਦਮੀ ਪਾਰਟੀ ਦੇ ਅਨੁਸੂਚਿਤ ਜਾਤੀ ਵਿੰਗ ਦੀ ਇਕ ਅਹਿਮ ਮੀਟਿੰਗ ਚੰਡੀਗੜ੍ਹ ਵਿਚ ਹੋਈ। ਮੀਟਿੰਗ ਦੀ ਪ੍ਰਧਾਨਗੀ ਗੁਰਪ੍ਰੀਤ ਸਿੰਘ ਜੇ ਪੀ ਪ੍ਰਧਾਨ ਅਨੁਸੂਚਿਤ ਜਾਤੀ ਵਿੰਗ ਪੰਜਾਬ ਨੇ ਕੀਤੀ । ਇਸ ਮੀਟਿੰਗ ਵਿੱਚ ਨਗਰ ਪੰਚਾਇਤ ਰਈਆ ਤੋ ਚੋਣਾ ਵਿੱਚ ਜਿੱਤੇ ਕੋਸਲਰ ਸਰਬਜੀਤ ਸਿੰਘ ਫੋਜੀ ਅਤੇ ਕਾਂਗਰਸ ਪਾਰਟੀ ਦੇ ਉਮੀਦਵਾਰ ਨੂੰ ਹਰਾ ਕੇ ਸਭ ਤੋ ਛੋਟੀ ਉਮਰ ਦੇ ਕੌਂਸਲਰ ਬਣੇ ਅਮਰਵੀਰ ਸਿੰਘ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ਅਤੇ ਪਾਰਟੀ ਦੀਆ ਨੀਤੀਆ ਨੂੰ ਘਰ ਘਰ ਪਹੁੰਚਾਉਣ ਲਈ ਸ਼ੁਭਕਾਮਨਾਵਾ ਦਿੱਤੀਆ ਇਸ ਮੋਕੇ ਰਵਿੰਦਰ ਹੰਸ ਜਨਰਲ ਸੈਕਟਰੀ ਪੰਜਾਬ ਮਾਝਾ ਜੋਨ, ਸੁਖਚੈਨ ਸਿੰਘ ਜਿਲਾ ਪ੍ਰਧਾਨ ਐੱਸ ਸੀ ਵਿੰਗ ਅੰਮ੍ਰਿਤਸਰ ਦਿਹਾਤੀ , ਸਰਪੰਚ ਹਰਜਿੰਦਰ ਸਿੰਘ ਐਸ ਸੀ ਵਿੰਗ ਹਲਕਾ ਬਾਬਾ ਬਕਾਲਾ ਕੁਆਡੀਨੇਟਰ , ਮਨਜੀਤ ਸਿੰਘ ਹਲਕਾ ਕੁਆਡੀਨੇਟਰ ਜੰਡਿਆਲਾ ਗੁਰੂ ਵੀ ਹਾਜ਼ਰ ਸਨ।

# ਮਹਾਰਾਸ਼ਟਰ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਗਿਰੀਸ਼ ਮਹਾਜਨ ਵੱਲੋਂ ਆਪ੍ਰੇਸ਼ਨ ਬਲਿਊ ਸਟਾਰ ਨੂੰ ਕਾਲਾ ਦਿਨ ਦੱਸਣ ਵਾਲੇ ਬਿਆਨ ਦਾ ਸਮਰਥਨ ਕੀਤਾ



**ਚੌਕ ਮਹਿਤਾ, 12 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ ਬੀਤੀ 6 ਜੂਨ ਨੂੰ ਮਹਿਤਾ ਵਿਖੇ ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਮੌਕੇ ਕਰਵਾਏ ਗਏ ਧਾਰਮਿਕ ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਮਹਾਰਾਸ਼ਟਰ ਸਰਕਾਰ ਦੇ ਜਲ ਸ੍ਰੋਤ ਮੰਤਰੀ ਗਿਰੀਸ਼ ਮਹਾਜਨ ਦੇ ਬਿਆਨ 'ਤੇ ਉੱਠੇ ਵਿਵਾਦ ਤੋਂ ਬਾਅਦ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਉਸ ਬਿਆਨ ਦਾ ਸਮਰਥਨ ਕਰਦੇ ਹੋਏ ਕਿਹਾ ਕਿ ਜੂਨ '84 ਦਾ ਆਪ੍ਰੇਸ਼ਨ ਬਲਿਊਸਟਾਰ ਤੇ ਉਸ ਤੋਂ ਬਾਅਦ ਪੰਜਾਬ, ਦਿੱਲੀ ਅਤੇ ਦੇਸ਼ ਦੇ ਹੋਰ ਹਿੱਸਿਆਂ 'ਚ ਸਿੱਖਾਂ ਨਾਲ ਹੋਏ ਅੱਤਿਆਚਾਰ ਤੇ ਕਤਲੇਆਮ ਭਾਰਤ ਦੇ ਇਤਿਹਾਸ ਦਾ ਇਕ ਕਾਲਾ ਅਧਿਆਇ ਹਨ, ਜਿਨ੍ਹਾਂ ਨੂੰ ਕਦੇ ਵੀ ਭੁੱਲਿਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਮੰਤਰੀ ਗਿਰੀਸ਼ ਮਹਾਜਨ ਨੇ ਆਪਣੇ ਸੰਬੋਧਨ ਦੌਰਾਨ ਸਿੱਖ ਕੌਮ ਦੀ ਪ੍ਰਸ਼ੰਸਾ ਕੀਤੀ ਅਤੇ ਦੇਸ਼ ਦੀ ਤਰੱਕੀ, ਵਿਕਾਸ ਅਤੇ ਰਾਸ਼ਟਰੀ ਏਕਤਾ 'ਚ ਸਿੱਖ ਸਮਾਜ ਦੇ ਅਹਿਮ ਯੋਗਦਾਨ ਨੂੰ ਸਨਮਾਨ ਦਿੱਤਾ ਤੇ ਬਿਆਨ 'ਚ ਅਜਿਹਾ ਕੁਝ ਵੀ ਨਹੀਂ ਸੀ ਜਿਸ 'ਤੇ ਵਿਵਾਦ ਖੜ੍ਹਾ ਕੀਤਾ ਜਾਵੇ। ਫੜਨਵੀਸ ਨੇ ਪੰਜਾਬ 'ਚ ਨਸ਼ਿਆਂ ਦੀ ਵਧ ਰਹੀ ਸਮੱਸਿਆ 'ਤੇ ਵੀ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਇਸ ਮਾਰੂ ਰੁਝਾਨ ਤੋਂ ਬਚਾਉਣ ਲਈ ਸਮਾਜ ਤੇ ਸਰਕਾਰ ਨੂੰ ਮਿਲ ਕੇ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਦੱਸਿਆ ਕਿ ਮਹਾਰਾਸ਼ਟਰ ਸਰਕਾਰ ਦੇ ਮੰਤਰੀ ਗਿਰੀਸ਼ ਮਹਾਜਨ ਅਤੇ ਰਾਮੇਸ਼ਵਰ ਨਾਇਕ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਮਹਿਤਾ ਵਿਖੇ ਕਰਾਏ ਗਏ 6 ਜੂਨ ਦੇ ਸ਼ਹੀਦੀ ਸਮਾਗਮ 'ਚ ਬੜੀ ਸ਼ਰਧਾ ਭਾਵਨਾ ਨਾਲ ਸ਼ਾਮਲ ਹੋਏ ਸਨ।

# ਅਧਿਆਪਕਾਂ ਦੀਆਂ ਗੈਰ ਵਿੱਦਿਅਕ ਡਿਊਟੀ ਲਗਾਕੇ ਪਰੇਸ਼ਾਨ ਕਰਨ ਦਾ ਦੋਸ਼, ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਸੰਘਰਸ਼ ਵਿੱਢਣ ਦੀ ਚਿਤਾਵਨੀ

**ਜਲੰਧਰ 12 ਜੂਨ (ਆਵਾਜ਼ਿ ਕੌਮ ਬਿਊਰੋ)**-ਗੋਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸਹਾਇਕ ਪ੍ਰੈਸ ਸਕੱਤਰ ਗਣੇਸ਼ ਭਗਤ, ਜ਼ਿਲਾ ਕਪੂਰਥਲਾ ਦੇ ਸੀਨੀਅਰ ਆਗੂ ਦਲਜੀਤ ਸਿੰਘ ਸੈਣੀ, ਬਲਾਕ ਫਗਵਾੜਾ ਦੇ ਸੀਨੀਅਰ ਆਗੂ ਪਰਮਜੀਤ ਚੌਹਾਨ ਨੇ ਬਿਆਨ ਜਾਰੀ ਕਰਦਿਆਂ ਡਰੱਗ ਅਤੇ ਸਮਾਜਿਕ ਆਰਥਿਕ ਸੈਂਸਸ ਦੇ ਨਾਂ ਤੇ ਪੰਜਾਬ ਸਰਕਾਰ ਅਧਿਆਪਕਾ ਤੋਂ ਜਬਰੀ ਗੈਰ ਵਿੱਤ ਡਿਊਟੀ ਲੈਣ ਦਾ ਦੋਸ਼ ਲਾਇਆ ਹੈ ਉਹਨਾਂ ਨੇ ਕਿਹਾ ਕਿ ਹੁਕਮਰਾਨ ਧਿਰ ਆਪਣੇ ਸਿਆਸੀ ਮੁਫਾਦਾਂ ਨੂੰ ਪੂਰਾ ਕਰਨ ਲਈ ਸਰਕਾਰੀ ਮਸ਼ੀਨਰੀ ਦਾ ਦੁਰਪ੍ਰਯੋਗ ਰਹੀ ਹੈ ਇੱਕ ਪਾਸੇ ਸਰਕਾਰ ਵੱਲੋਂ ਅਖਬਾਰਾਂ ਰਾਹੀਂ ਅਤੇ ਸਾਧਨਾ ਰਾਹੀਂ ਇੱਕ ਸਰਵੇ ਲਈ ਸਵੈ ਇੱਛਕ ਮੁਲਾਜ਼ਮਾਂ ਦੀਆਂ ਡਿਊਟੀਆਂ ਦੀਆਂ ਲਾਉਂਣ ਸਬੰਧੀ ਇਸ਼ਿਤਆਰ ਦਿੱਤੇ ਗਏ ਸਨ। ਦੂਜੇ ਪਾਸੇ ਅਧਿਕਾਰੀਆਂ ਵੱਲੋਂ ਅਧਿਆਪਕਾਂ ਦੀਆਂ ਜਬਰੀ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਈ ਤਕਨੀਕ ਦੀ ਵਰਤੋਂ ਕਰਦਿਆਂ ਆਮ ਲੋਕਾਂ ਤੋਂ ਅਜਿਹੇ ਸਵਾਲ ਕੀਤੇ ਜਾ ਰਹੇ ਹਨ ਜਿਸ ਸਰਕਾਰ ਦੀਆਂ ਸਕੀਮਾਂ ਸਬੰਧੀ ਹੀ ਲੋਕਾਂ ਦੀ ਰਾਏ ਲਈ ਜਾ ਰਹੀ ਹੈ। ਉਹਨਾਂ ਨੇ ਕਿਹਾ ਭਗਵੰਤ ਮਾਨ ਸਰਕਾਰ ਨੇ ਜਨਤਕ ਤੌਰ ਤੇ ਐਲਾਨ ਕੀਤਾ ਸੀ। ਕਿਸੇ ਵੀ ਅਧਿਆਪਕ ਤੋਂ ਗੈਰ ਵਿੱਦਿਅਕ ਦੀ ਡਿਊਟੀ ਨਹੀਂ ਕਰਵਾਈ ਜਾਏਗੀ ।ਇਹੀ ਸਰਕਾਰ ਲਗਾਤਾਰ ਅਧਿਆਪਕਾਂ ਤੋਂ ਵੱਧ ਕੰਮ ਕਰਵਾ ਰਹੀ ਹੈ। ਇਥੋਂ ਤੱਕ ਕਿ ਮਰਦਮ ਸ਼ੁਮਾਰੀ ,ਬੀ.ਐਲ.ਓ ਡਿਊਟੀਆਂ ਇਲੈਕਸ਼ਨ ਡਿਊਟੀਆਂ ਤੋਂ ਇਲਾਵਾ ਡਰੱਗ ਸੈਂਸਸ ਅਤੇ ਹੈਲਥ ਕਾਰਡ ਬਣਾਉਣ ਲਈ ਵੀ ਵੱਡੇ ਪੱਧਰ ਉੱਪਰ ਅਧਿਆਪਕਾਂ ਦੀਆਂ ਡਿਊਟੀਆਂ ਲਾਈ ਜਾਂਦੀ ਰਹੀ ਹੈ ।ਉਹਨਾਂ ਨੇ ਕਿਹਾ ਕਿ ਇਹਨਾਂ ਡਿਊਟੀਆਂ ਨੂੰ ਤੁਰੰਤ ਬੰਦ ਕੀਤਾ ਜਾਣਾ ਚਾਹੀਦਾ ਹੈ । ਜੇਕਰ ਇਸ ਵਿੱਦਿਅਕ ਸੈਸ਼ਨ ਦੀ ਗੱਲ ਕਰੀਏ ਤਾਂ ਪੰਜਾਬ ਭਰ ਵਿੱਚ ਸਿੱਖਿਆ ਦਾ ਮਿਆਰ ਗਿਰਿਆ ਹੈ ਇਸਦਾ ਸਿੱਧਾ ਕਾਰਨ ਇਹ ਹੈ ਅਧਿਆਪਕ ਸਕੂਲਾਂ ਵਿੱਚ ਬੱਚਿਆਂ ਨੂੰ ਪੜ੍ਹਾ ਨਹੀਂ ਪਾ ਰਹੇ ਹਨ ਅਤੇ ਮਾਪੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚੋਂ ਨਾ ਕਟਵਾ ਕੇ ਫਿਰ ਦੁਬਾਰਾ ਪ੍ਰਾਈਵੇਟ ਸਕੂਲਾਂ ਵੱਲ ਰੁਖ ਕਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸਾਬਕਾ ਜਥੇਦਾਰ ਸਰਕਾਰਾਂ ਦੀਆਂ ਝੋਲੀਆਂ ’ਚ ਨਾ ਬੈਠਣ

# ਅਕਾਲ ਤਖ਼ਤ ਦੀ ਸਰਵਉੱਚਤਾ, ਮਰਿਆਦਾ ’ਤੇ ਸਿੱਖਾਂ ਦਾ ਵਿਸ਼ਵਾਸ ਅਟੱਲ



**ਸਿੱਖ** ਕੌਮ ਲਈ ਅਕਾਲ ਤਖ਼ਤ ਸਾਹਿਬ ਸਿਰਫ਼ ਇੱਕ ਧਾਰਮਿਕ ਅਸਥਾਨ ਨਹੀਂ, ਸਗੋਂ ਪੰਥ ਦੀ ਸਰਵਉੱਚ ਸੰਸਥਾ ਹੈ। ਇਹ ਉਹ ਅਸਥਾਨ ਹੈ ਜਿੱਥੋਂ ਸਦੀਆਂ ਤੋਂ ਕੌਮ ਨੂੰ ਰਾਹ-ਦਰਸ਼ਨ ਮਿਲਦਾ ਆਇਆ ਹੈ ਅਤੇ ਜਿੱਥੇ ਲਏ ਗਏ ਫ਼ੈਸਲਿਆਂ ਨੂੰ ਸਿੱਖ ਸੰਗਤ ਨੇ ਸਤਿਕਾਰ ਨਾਲ ਸਵੀਕਾਰ ਕੀਤਾ ਹੈ। ਇਸ ਵਿਸ਼ਵਾਸ ਦੀ ਬੁਨਿਆਦ ਅਕਾਲ ਤਖ਼ਤ ਦੀ ਸੁਤੰਤਰਤਾ, ਨਿਰਪੱਖਤਾ ਅਤੇ ਪੰਥਕ ਮਰਿਆਦਾ ਉੱਤੇ ਟਿਕੀ ਹੋਈ ਹੈ। ਅੱਜ ਜਦੋਂ ਪੰਥਕ ਮਸਲਿਆਂ ਨੂੰ ਲੈ ਕੇ ਵੱਖ-ਵੱਖ ਵਿਵਾਦ ਚੱਲ ਰਹੇ ਹਨ, ਸਭ ਤੋਂ ਵੱਡਾ ਸਵਾਲ ਇਹ ਨਹੀਂ ਕਿ ਕੌਣ ਸਹੀ ਹੈ ਅਤੇ ਕੌਣ ਗਲਤ। ਅਸਲ ਸਵਾਲ ਇਹ ਹੈ ਕਿ ਕੀ ਅਕਾਲ ਤਖ਼ਤ ਸਾਹਿਬ ਅਤੇ ਇਸ ਨਾਲ ਜੁੜੇ ਅਹੁਦੇਦਾਰ ਕਿਸੇ ਵੀ ਤਰ੍ਹਾਂ ਰਾਜਨੀਤਿਕ ਜਾਂ ਸਰਕਾਰੀ ਪ੍ਰਭਾਵ ਤੋਂ ਉੱਪਰ ਰਹਿ ਰਹੇ ਹਨ ? ਕੀ ਸਿੱਖ ਕੌਮ ਦਾ ਸਰਵਉੱਚ ਅਸਥਾਨ ਅੱਜ ਵੀ ਉਸੇ ਨਿਰਪੱਖਤਾ ਅਤੇ ਆਤਮ-ਨਿਰਭਰਤਾ ਨਾਲ ਖੜ੍ਹਾ ਹੈ, ਜਿਸ ਲਈ ਸਾਡੇ ਪੁਰਖਿਆਂ ਨੇ ਕੁਰਬਾਨੀਆਂ ਦਿੱਤੀਆਂ ਸਨ ? ਸਿੱਖ ਇਤਿਹਾਸ ਸਾਨੂੰ ਦੱਸਦਾ ਹੈ ਕਿ ਮੀਰੀ ਅਤੇ ਪੀਰੀ ਇੱਕ ਦੂਜੇ ਦੇ ਪੂਰਕ ਹਨ ਪਰ ਇਸ ਦਾ ਅਰਥ ਕਦੇ ਵੀ ਇਹ ਨਹੀਂ ਰਿਹਾ ਕਿ ਧਾਰਮਿਕ ਅਧਿਕਾਰ ਰਾਜਨੀਤਿਕ ਤਾਕਤਾਂ ਦੇ ਅਧੀਨ ਹੋ ਜਾਣ। ਸਿੱਖ ਪਰੰਪਰਾ ਵਿੱਚ ਰਾਜਨੀਤੀ ਨੂੰ ਧਰਮ ਤੋਂ ਨੈਤਿਕ ਦਿਸ਼ਾ ਮਿਲਦੀ ਹੈ, ਨਾ ਕਿ ਧਰਮ ਨੂੰ ਰਾਜਨੀਤੀ ਤੋਂ ਹੁਕਮ। ਗੁਰੂ ਸਾਹਿਬਾਨ ਨੇ ਕਦੇ ਵੀ ਰਾਜ ਨੂੰ ਧਰਮ ਤੋਂ ਉੱਪਰ ਨਹੀਂ ਮੰਨਿਆ, ਸਗੋਂ ਧਰਮ ਨੂੰ ਇਨਸਾਫ਼ ਅਤੇ ਸੱਚ ਦਾ ਮਾਪਦੰਡ ਬਣਾਇਆ। ਸਿੱਖ ਇਤਿਹਾਸ ਵਿੱਚ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਹੀ ਇਸ ਗੱਲ ਦਾ ਐਲਾਨ ਸੀ ਕਿ ਸਿੱਖ ਕੌਮ ਦੀ ਆਤਮਕ ਅਤੇ ਸੰਸਾਰਕ ਮਰਿਆਦਾ ਕਿਸੇ ਬਾਦਸ਼ਾਹੀ ਜਾਂ ਸਰਕਾਰੀ ਤਖ਼ਤ ਦੀ ਮੁਥਾਜ ਨਹੀਂ ਜਦੋਂ ਦਿੱਲੀ ਦਾ ਤਖ਼ਤ ਉਪ-ਮਹਾਂਦੀਪ ਦੀ ਸਭ ਤੋਂ ਵੱਡੀ ਰਾਜਸੀ ਤਾਕਤ ਦਾ ਪ੍ਰਤੀਕ ਸੀ, ਉਸ ਵੇਲੇ ਅਕਾਲ ਤਖ਼ਤ ਸਾਹਿਬ ਸੱਚ, ਨਿਆਂ ਅਤੇ ਪੰਥਕ ਸਵੈਮਾਨ ਦੇ ਕੇਂਦਰ ਵਜੋਂ ਉਭਰਿਆ। ਦਿੱਲੀ ਦਾ ਤਖ਼ਤ ਰਾਜ ਕਰ ਸਕਦਾ ਸੀ, ਪਰ ਅਕਾਲ ਤਖ਼ਤ ਜ਼ਮੀਰਾਂ ਨੂੰ ਸੇਧ ਦਿੰਦਾ ਸੀ। ਦਿੱਲੀ ਦਾ ਤਖ਼ਤ ਹੁਕਮ ਚਲਾ ਸਕਦਾ ਸੀ, ਪਰ ਅਕਾਲ ਤਖ਼ਤ ਸੱਚ ਅਤੇ ਇਨਸਾਫ਼ ਦਾ ਮਾਪਦੰਡ ਤੈਅ ਕਰਦਾ ਸੀ। ਇਹੀ ਕਾਰਨ ਹੈ ਕਿ ਸਿੱਖਾਂ ਨੇ ਹਰ ਸੰਸਾਰਕ ਤਖ਼ਤ ਨਾਲੋਂ ਅਕਾਲ ਤਖ਼ਤ ਨੂੰ ਉੱਚਾ ਦਰਜਾ ਦਿੱਤਾ। ਇਸੇ ਕਾਰਨ ਜਦੋਂ ਕੋਈ ਵਿਅਕਤੀ ਅਕਾਲ ਤਖ਼ਤ ਸਾਹਿਬ ਅੱਗੇ ਆਪਣੀਆਂ ਭੁੱਲਾਂ ਮੰਨ ਕੇ ਪੰਥਕ ਤਨਖ਼ਾਹ ਕਬੂਲ ਕਰਦਾ ਹੈ, ਤਾਂ ਉਹ ਇੱਕ ਧਾਰਮਿਕ ਪ੍ਰਕਿਰਿਆ ਦਾ ਹਿੱਸਾ ਬਣ ਜਾਂਦਾ ਹੈ। ਭਾਵੇਂ ਉਸ ਉੱਤੇ ਲਗੇ ਦੋਸ਼ਾਂ ਜਾਂ ਉਸ ਦੀ ਰਾਜਨੀਤਿਕ ਭੂਮਿਕਾ ਬਾਰੇ ਲੋਕਾਂ ਦੇ ਵੱਖ-ਵੱਖ ਵਿਚਾਰ ਹੋ ਸਕਦੇ ਹਨ, ਪਰ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋਣਾ ਅਤੇ ਦਿੱਤੀ ਤਨਖ਼ਾਹ ਕਬੂਲ ਕਰਨਾ ਇੱਕ ਪੰਥਕ ਪ੍ਰਕਿਰਿਆ ਹੈ। ਇਸ ਪ੍ਰਕਿਰਿਆ ਦੀ ਪਵਿੱਤਰਤਾ ਅਤੇ ਭਰੋਸੇਯੋਗਤਾ ਉਸ ਵੇਲੇ ਹੀ ਕਾਇਮ ਰਹਿ ਸਕਦੀ ਹੈ ਜਦੋਂ ਇਸ ਨੂੰ ਰਾਜਨੀਤਿਕ ਜਾਂ ਕਾਨੂੰਨੀ ਲੜਾਈਆਂ ਦਾ ਸਾਧਨ ਨਾ ਬਣਾਇਆ ਜਾਵੇ। ਜੇ ਕਿਸੇ ਜਥੇਦਾਰ ਜਾਂ ਸਾਬਕਾ ਜਥੇਦਾਰ ਵੱਲੋਂ ਧਾਰਮਿਕ ਪ੍ਰਕਿਰਿਆਵਾਂ ਨੂੰ ਸਰਕਾਰੀ ਜਾਂਚਾਂ, ਪੁਲਸ ਕਾਰਵਾਈਆਂ ਜਾਂ ਰਾਜਨੀਤਿਕ ਵਾਦ-ਵਿਵਾਦਾਂ ਦਾ ਹਿੱਸਾ ਬਣਾਇਆ ਜਾਂਦਾ ਹੈ, ਤਾਂ ਸੰਗਤ ਦੇ ਮਨ ਵਿੱਚ ਸੁਭਾਵਿਕ ਤੌਰ ’ਤੇ ਸਵਾਲ ਪੈਦਾ ਹੁੰਦੇ ਹਨ। ਲੋਕ ਪੁੱਛਦੇ ਹਨ ਕਿ ਜੇ ਪੰਥਕ ਫ਼ੈਸਲੇ ਹੀ ਬਾਅਦ ਵਿੱਚ ਸਰਕਾਰੀ ਦਲੀਲਾਂ ਦਾ ਆਧਾਰ ਬਣ ਜਾਣ, ਤਾਂ ਫਿਰ ਅਕਾਲ ਤਖ਼ਤ ਦੀ ਸੁਤੰਤਰਤਾ ਕਿੱਥੇ ਰਹਿ ਜਾਂਦੀ ਹੈ ? ਜੇ ਧਾਰਮਿਕ ਮੰਚਾਂ ’ਤੇ ਹੋਈ ਕਾਰਵਾਈ ਨੂੰ ਹੀ ਸਰਕਾਰੀ ਏਜੰਸੀਆਂ ਅੱਗੇ ਸਬੂਤ ਵਜੋਂ ਪੇਸ਼ ਕੀਤਾ ਜਾਣ ਲੱਗ ਪਵੇ, ਤਾਂ ਸਿੱਖ ਸੰਗਤ ਵਿੱਚ ਇਹ ਪ੍ਰਭਾਵ ਜਾ ਸਕਦਾ ਹੈ ਕਿ ਪੰਥਕ ਅਦਾਰਿਆਂ ਦੀ ਖ਼ੁਦਮੁਖ਼ਤਿਆਰੀ ਘਟ ਰਹੀ ਹੈ। ਇਹ ਲੇਖ ਕਿਸੇ ਇੱਕ ਵਿਅਕਤੀ ਦੀ ਹਮਾਇਤ ਜਾਂ ਵਿਰੋਧ ਲਈ ਨਹੀਂ ਹੈ। ਇਹ ਕਿਸੇ ਅਦਾਲਤੀ ਜਾਂ ਕਾਨੂੰਨੀ ਮਾਮਲੇ ਉੱਤੇ ਟਿੱਪਣੀ ਵੀ ਨਹੀਂ। ਇਹ ਸਿਰਫ਼ ਇੱਕ ਸਿਧਾਂਤ ਦੀ ਗੱਲ ਕਰਦਾ ਹੈ ਉਹ ਸਿਧਾਂਤ ਜਿਸ ਨੇ ਸਿੱਖ ਕੌਮ ਨੂੰ ਸਦੀਆਂ ਤੱਕ ਜੋੜ ਕੇ ਰੱਖਿਆ ਹੈ। ਜੇ ਇੱਕ ਮਾਪਦੰਡ ਕਿਸੇ ਇੱਕ ਵਿਅਕਤੀ ਲਈ ਹੈ ਤਾਂ ਉਹੀ ਮਾਪਦੰਡ ਹਰ ਵਿਅਕਤੀ ਲਈ ਹੋਣਾ ਚਾਹੀਦਾ ਹੈ। ਪੰਥਕ ਮਰਿਆਦਾ ਵਿਅਕਤੀਆਂ ਦੇ ਅਨੁਸਾਰ ਨਹੀਂ ਬਦਲ ਸਕਦੀ। ਅਕਾਲ ਤਖ਼ਤ ਸਾਹਿਬ ਦੀ ਤਾਕਤ ਨਾ ਕਿਸੇ ਅਹੁਦੇ ਵਿੱਚ ਹੈ ਅਤੇ ਨਾ ਕਿਸੇ ਵਿਅਕਤੀ ਵਿੱਚ। ਇਸ ਦੀ ਅਸਲ ਤਾਕਤ ਸੰਗਤ ਦੇ ਉਸ ਅਟੁੱਟ ਵਿਸ਼ਵਾਸ ਵਿੱਚ ਹੈ ਜੋ ਇਸ ਨੂੰ ਪੰਥ ਦੀ ਸਰਵਉੱਚ ਅਥਾਰਟੀ ਵਜੋਂ ਸਵੀਕਾਰ ਕਰਦਾ ਹੈ। ਜਥੇਦਾਰ ਆਉਂਦੇ ਹਨ, ਆਪਣੀ ਸੇਵਾ ਨਿਭਾਉਂਦੇ ਹਨ ਅਤੇ ਚਲੇ ਜਾਂਦੇ ਹਨ, ਪਰ ਅਕਾਲ ਤਖ਼ਤ ਦੀ ਮਰਿਆਦਾ ਸਦੀਵੀ ਰਹਿੰਦੀ ਹੈ। ਇਸ ਲਈ ਹਰ ਜਥੇਦਾਰ, ਹਰ ਪੰਥਕ ਆਗੂ ਅਤੇ ਹਰ ਸੰਸਥਾ ਦੀ ਪਹਿਲੀ ਜ਼ਿੰਮੇਵਾਰੀ ਇਹ ਹੋਣੀ ਚਾਹੀਦੀ ਹੈ ਕਿ ਉਹ ਸੰਗਤ ਦੇ ਇਸ ਵਿਸ਼ਵਾਸ ਦੀ ਰਾਖੀ ਕਰੇ। ਕਿਉਂਕਿ ਇੱਕ ਵਾਰ ਜੇ ਸੰਗਤ ਦੇ ਮਨ ਵਿੱਚ ਅਕਾਲ ਤਖ਼ਤ ਦੀ ਨਿਰਪੱਖਤਾ, ਸੁਤੰਤਰਤਾ ਜਾਂ ਸਰਵਉੱਚਤਾ ਬਾਰੇ ਸ਼ੱਕ ਪੈਦਾ ਹੋ ਜਾਵੇ, ਤਾਂ ਉਸ ਵਿਸ਼ਵਾਸ ਨੂੰ ਮੁੜ ਬਹਾਲ ਕਰਨਾ ਬਹੁਤ ਔਖਾ ਹੋ ਜਾਂਦਾ ਹੈ। ਪੰਥਕ ਸੰਸਥਾਵਾਂ ਦੀ ਅਸਲ ਤਾਕਤ ਅਹੁਦਿਆਂ, ਹੁਕਮਨਾਮਿਆਂ ਜਾਂ ਅਧਿਕਾਰਾਂ ਵਿੱਚ ਨਹੀਂ, ਸਗੋਂ ਸੰਗਤ ਦੇ ਭਰੋਸੇ ਵਿੱਚ ਹੁੰਦੀ ਹੈ; ਅਤੇ ਜਦੋਂ ਇਹ ਭਰੋਸਾ ਕਾਇਮ ਰਹਿੰਦਾ ਹੈ, ਤਦੋਂ ਹੀ ਅਕਾਲ ਤਖ਼ਤ ਆਪਣੀ ਸਰਵਉੱਚ ਮਰਿਆਦਾ ਨਾਲ ਕਾਇਮ ਰਹਿੰਦਾ ਹੈ। ਅੱਜ ਲੋੜ ਇਸ ਗੱਲ ਦੀ ਹੈ ਕਿ ਅਕਾਲ ਤਖ਼ਤ ਸਾਹਿਬ ਦੇ ਮੌਜੂਦਾ ਅਤੇ ਸਾਬਕਾ ਜਥੇਦਾਰ, ਅਤੇ ਸਾਰੇ ਪੰਥਕ ਅਹੁਦੇਦਾਰ ਆਪਣੇ ਆਪ ਨੂੰ ਹਰ ਤਰ੍ਹਾਂ ਦੇ ਰਾਜਨੀਤਿਕ ਪ੍ਰਭਾਵ ਤੋਂ ਦੂਰ ਰੱਖਣ। ਉਹ ਨਾ ਕਿਸੇ ਪਾਰਟੀ ਦੇ ਪੱਖ ਵਿੱਚ ਦਿਖਾਈ ਦੇਣ ਅਤੇ ਨਾ ਹੀ ਕਿਸੇ ਸਰਕਾਰ ਦੇ ਸੰਦ ਵਜੋਂ। ਉਨ੍ਹਾਂ ਦੀ ਇਕੋ ਨਿਸ਼ਠਾ ਗੁਰੂ, ਗੁਰਮਤਿ ਅਤੇ ਪੰਥ ਨਾਲ ਹੋਣੀ ਚਾਹੀਦੀ ਹੈ ਕਿਉਂਕਿ ਜਥੇਦਾਰ ਦਾ ਅਹੁਦਾ ਕਿਸੇ ਵਿਅਕਤੀ ਦਾ ਨਹੀਂ, ਸਗੋਂ ਪੰਥ ਦੀ ਸਾਂਝੀ ਅਮਾਨਤ ਹੈ। ਸਿੱਖ ਕੌਮ ਦਾ ਸਰਵਉੱਚ ਅਸਥਾਨ ਤਦ ਹੀ ਸਰਵਉੱਚ ਰਹਿ ਸਕਦਾ ਹੈ ਜਦੋਂ ਉਸ ਦੀ ਮਰਿਆਦਾ ਉੱਤੇ ਕੋਈ ਸਵਾਲ ਨਾ ਉੱਠੇ। ਇਸ ਲਈ ਅੱਜ ਹਰ ਪੰਥਕ ਆਗੂ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਇਹ ਹੈ ਕਿ ਉਹ ਅਕਾਲ ਤਖ਼ਤ ਸਾਹਿਬ ਨੂੰ ਰਾਜਨੀਤਿਕ ਟਕਰਾਵਾਂ ਤੋਂ ਉੱਪਰ ਰੱਖੇ, ਤਾਂ ਜੋ ਸੰਗਤ ਦਾ ਵਿਸ਼ਵਾਸ ਅਟੁੱਟ ਰਹੇ ਅਤੇ ਆਉਣ ਵਾਲੀਆਂ ਪੀੜ੍ਹੀਆਂ ਵੀ ਇਸ ਅਸਥਾਨ ਨੂੰ ਉਸੇ ਸ਼ਰਧਾ ਨਾਲ ਵੇਖਣ ਜਿਸ ਨਾਲ ਸਾਡੇ ਪੁਰਖਿਆਂ ਨੇ ਵੇਖਿਆ ਸੀ। ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਕਿਸੇ ਰਾਜ, ਸਰਕਾਰ ਜਾਂ ਅਹੁਦੇ ਦੀ ਮੋਹਤਾਜ ਨਹੀਂ। ਇਹ ਗੁਰੂ ਸਾਹਿਬ ਦੀ ਬਖ਼ਸ਼ੀ ਹੋਈ ਪੰਥਕ ਮਰਿਆਦਾ ਹੈ। ਜੋ ਇਸ ਦੀ ਰਾਖੀ ਕਰਦਾ ਹੈ, ਉਹ ਕੌਮ ਦੇ ਇਤਿਹਾਸ ਵਿੱਚ ਸਤਿਕਾਰ ਪਾਉਂਦਾ ਹੈ ਪਰ ਜੋ ਇਸ ਨੂੰ ਸਰਕਾਰੀ ਜਾਂ ਰਾਜਨੀਤਿਕ ਪ੍ਰਭਾਵਾਂ ਦੇ ਹਵਾਲੇ ਕਰਦਾ ਹੈ, ਉਹ ਪੰਥ ਦੇ ਵਿਸ਼ਵਾਸ ਨੂੰ ਠੇਸ ਪਹੁੰਚਾਉਂਦਾ ਹੈ। ਇਤਿਹਾਸ ਦੀਆਂ ਬਹੁਤ ਸਾਰੀਆਂ ਭੁੱਲਾਂ ਸਮੇਂ ਦੀ ਧੂੜ ਹੇਠ ਦੱਬ ਜਾਂਦੀਆਂ ਹਨ, ਪਰ ਪੰਥ ਦੀ ਸਰਵਉੱਚ ਮਰਿਆਦਾ ਨਾਲ ਕੀਤਾ ਸਮਝੌਤਾ ਇਤਿਹਾਸ ਦੇ ਪੰਨਿਆਂ ਉੱਤੇ ਸਦਾ ਲਈ ਦਰਜ ਹੋ ਜਾਂਦਾ ਹੈ। ਨਾ ਉਹ ਭੁੱਲਿਆ ਜਾਂਦਾ ਹੈ, ਨਾ ਮਾਫ਼ ਕੀਤਾ ਜਾਂਦਾ ਹੈ। ਸਰਕਾਰਾਂ ਆਉਂਦੀਆਂ ਜਾਂਦੀਆਂ ਰਹਿੰਦੀਆਂ ਹਨ, ਅਹੁਦੇ ਬਦਲਦੇ ਰਹਿੰਦੇ ਹਨ, ਪਰ ਅਕਾਲ ਤਖ਼ਤ ਦੀ ਮਰਿਆਦਾ ਸਦੀਆਂ ਤੱਕ ਅਟੱਲ ਸੀ ਅਟੱਲ ਰਹੇਗੀ। ਜੋ ਇਸ ਮਰਿਆਦਾ ਦੀ ਰਾਖੀ ਕਰਦੇ ਹਨ, ਉਹ ਇਤਿਹਾਸ ਬਣਾਉਂਦੇ ਹਨ ਅਤੇ ਜੋ ਇਸ ਨਾਲ ਸਮਝੌਤਾ ਕਰਦੇ ਹਨ, ਉਹ ਇਤਿਹਾਸ ਦੇ ਕਟਹਿਰੇ ਵਿੱਚ ਖੜ੍ਹੇ ਕੀਤੇ ਜਾਂਦੇ ਹਨ।

### ਦਾਗੀ ਚਿਹਰਿਆਂ ਦੀ ਵਾਪਸੀ ਤੇ

# ਪਰਵਾਸੀ ਸਿੱਖਾਂ ਦੀ ਸਖ਼ਤ ਨਾਰਾਜ਼ਗੀ



**ਲੰਡਨ, 12 ਜੂਨ (ਸਰਬਜੀਤ ਸਿੰਘ ਬਨੂੜ)**- ਪੰਜਾਬ ਦੀ ਸਿਆਸਤ ਵਿੱਚ ਪਰਵਾਸੀ ਸਿੱਖਾਂ ਦੀ ਦਿਲਚਸਪੀ ਅਤੇ ਯੋਗਦਾਨ ਹਮੇਸ਼ਾ ਮਹੱਤਵਪੂਰਨ ਰਿਹਾ ਹੈ। ਭਾਵੇਂ ਉਹ ਕਿਸੇ ਵੀ ਰਾਜਨੀਤਿਕ ਵਿਚਾਰਧਾਰਾ ਜਾਂ ਪਾਰਟੀ ਨਾਲ ਸਬੰਧਤ ਹੋਣ, ਵਿਦੇਸ਼ਾਂ ਵਿੱਚ ਵੱਸਦੇ ਸਿੱਖ ਆਮ ਤੌਰ ’ਤੇ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਪੰਥਕ ਏਕਤਾ ਨੂੰ ਪਹਿਲ ਦਿੰਦੇ ਹਨ। ਇਸੇ ਕਾਰਨ ਉਹ ਅਕਸਰ ਉਹਨਾਂ ਆਗੂਆਂ ਨੂੰ ਤਰਜੀਹ ਦਿੰਦੇ ਹਨ ਜਿਨ੍ਹਾਂ ਦਾ ਜਨਤਕ ਅਕਸ ਸਾਫ਼-ਸੁਥਰਾ ਅਤੇ ਲੋਕ ਭਰੋਸੇ ਵਾਲਾ ਹੋਵੇ।

ਡੇਰਾ ਬਾਬਾ ਨਾਨਕ ਹਲਕੇ ਵੱਲੋ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਮੁੜ ਸ਼ਾਮਲ ਹੋਏ ਸੁੱਚਾ ਸਿੰਘ ਲੰਗਾਹ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ 11 ਲੱਖ ਰੁਪਏ ਦੀ ਥੈਲੀ ਭੇਟ ਕੀਤੇ ਜਾਣ ਦੀ ਘਟਨਾ ਨੇ ਪਰਵਾਸੀ ਸਿੱਖ ਹਲਕਿਆਂ ਵਿੱਚ ਮੁੜ ਚਰਚਾ ਛੇੜ ਦਿੱਤੀ ਹੈ। ਵਿਦੇਸ਼ਾਂ ਵਿੱਚ ਵੱਸਦੇ ਕਈ ਸਿੱਖਾਂ ਦਾ ਮੰਨਣਾ ਹੈ ਕਿ ਵਿਵਾਦਾਂ ਨਾਲ ਜੁੜੇ ਰਹੇ ਚਿਹਰਿਆਂ ਨੂੰ ਦੁਬਾਰਾ ਪਾਰਟੀ ਦੇ ਕੇਂਦਰ ਵਿੱਚ ਲਿਆਉਣਾ ਅਕਾਲੀ ਦਲ ਦੀ ਸਾਖ਼ ਨੂੰ ਹੋਰ ਨੁਕਸਾਨ ਪਹੁੰਚਾ ਸਕਦਾ ਹੈ।

ਇਸ ਦੌਰਾਨ ਵਿਦੇਸ਼ੀ ਦੌਰੇ ’ਤੇ ਆਏ ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਨੂੰ ਐਨ.ਆਰ.ਆਈ. ਸਿੱਖਾਂ ਵੱਲੋਂ ਇਸ ਮਾਮਲੇ ਸਬੰਧੀ ਤਿੱਖੇ ਸਵਾਲਾਂ ਦਾ ਸਾਹਮਣਾ ਵੀ ਕਰਨਾ ਪੈ ਰਿਹਾ ਹੈ। ਕਈ ਥਾਵਾਂ ’ਤੇ ਪੁੱਛੇ ਜਾ ਰਹੇ ਸਵਾਲਾਂ ਦੇ ਸੰਤੋਸ਼ਜਨਕ ਜਵਾਬ ਦੇਣ ਵਿੱਚ ਪਾਰਟੀ ਆਗੂ ਅਸਹਿਜ ਨਜ਼ਰ ਆ ਰਹੇ ਹਨ, ਜਿਸ ਕਾਰਨ ਚਰਚਾ ਹੋਰ ਗਰਮ ਹੋ ਗਈ ਹੈ।

ਪਰਵਾਸੀ ਸਿੱਖਾਂ ਦੇ ਇੱਕ ਵਰਗ ਦਾ ਕਹਿਣਾ ਹੈ ਕਿ ਪੰਜਾਬ ਦੀਆਂ ਪੰਥਕ ਅਤੇ ਰਾਜਨੀਤਿਕ ਧਿਰਾਂ ਪਹਿਲਾਂ ਹੀ ਕਈ ਹਿੱਸਿਆਂ ਵਿੱਚ ਵੰਡੀਆਂ ਹੋਈਆਂ ਹਨ। ਅਜਿਹੇ ਫ਼ੈਸਲੇ ਨਾ ਸਿਰਫ਼ ਪਾਰਟੀ ਤੋਂ ਲੋਕਾਂ ਦੀ ਦੂਰੀ ਵਧਾ ਸਕਦੇ ਹਨ, ਸਗੋਂ ਸਿੱਖ ਭਾਈਚਾਰੇ ਦੀ ਏਕਤਾ ਨੂੰ ਵੀ ਕਮਜ਼ੋਰ ਕਰ ਸਕਦੇ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਸਿੱਖਾਂ ਦੀ ਅੰਦਰੂਨੀ ਵੰਡ ਹਮੇਸ਼ਾ ਉਹਨਾਂ ਤਾਕਤਾਂ ਦੇ ਹੱਕ ਵਿੱਚ ਜਾਂਦੀ ਹੈ ਜੋ ਪੰਜਾਬ ਅਤੇ ਸਿੱਖ ਭਾਈਚਾਰੇ ਦੀ ਸਾਂਝੀ ਆਵਾਜ਼ ਨੂੰ ਕਮਜ਼ੋਰ ਦੇਖਣਾ ਚਾਹੁੰਦੀਆਂ ਹਨ।

ਸਿੱਖ ਭਾਈਚਾਰੇ ਦੇ ਕਈ ਹਿੱਸਿਆਂ ਵਿੱਚ ਇਹ ਭਾਵਨਾ ਵੀ ਮੌਜੂਦ ਹੈ ਕਿ ਕੇਂਦਰ ਸਰਕਾਰ ਨੇ ਇਤਿਹਾਸਕ ਤੌਰ ’ਤੇ ਪੰਜਾਬ ਨਾਲ ਇਨਸਾਫ਼ਪੂਰਕ ਵਿਵਹਾਰ ਨਹੀਂ ਕੀਤਾ। ਇਸ ਕਰਕੇ ਪੰਜਾਬ ਦੇ ਅਧਿਕਾਰਾਂ, ਖੁਦਮੁਖਤਿਆਰੀ ਅਤੇ ਭਵਿੱਖ ਦੇ ਰਾਜਨੀਤਿਕ ਮਾਡਲਾਂ ਬਾਰੇ ਚਰਚਾ ਦੇਸ਼ ਅਤੇ ਵਿਦੇਸ਼ ਦੋਵਾਂ ਵਿੱਚ ਜਾਰੀ ਹੈ। ਹਾਲਾਂਕਿ ਇਸ ਮਸਲੇ ’ਤੇ ਵੱਖ-ਵੱਖ ਵਿਚਾਰ ਮੌਜੂਦ ਹਨ, ਪਰ ਇੱਕ ਗੱਲ ’ਤੇ ਵਿਆਪਕ ਸਹਿਮਤੀ ਦਿਖਾਈ ਦਿੰਦੀ ਹੈ ਕਿ ਪੰਜਾਬ ਦੀ ਤਰੱਕੀ ਲਈ ਇਮਾਨਦਾਰ, ਪਾਰਦਰਸ਼ੀ ਅਤੇ ਭਰੋਸੇਯੋਗ ਲੀਡਰਸ਼ਿਪ ਦੀ ਲੋੜ ਹੈ।

ਸਿਆਸੀ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਜੇਕਰ ਸ਼੍ਰੋਮਣੀ ਅਕਾਲੀ ਦਲ ਆਪਣਾ ਪੁਰਾਣਾ ਜਨ ਅਧਾਰ ਮੁੜ ਹਾਸਲ ਕਰਨਾ ਚਾਹੁੰਦਾ ਹੈ ਤਾਂ ਉਸ ਨੂੰ ਵਿਵਾਦਾਂ ਤੋਂ ਉੱਪਰ ਉੱਠ ਕੇ ਨਵੀਂ ਸੋਚ, ਨਵੇਂ ਚਿਹਰੇ ਅਤੇ ਲੋਕ ਭਰੋਸੇ ਵਾਲੀ ਰਾਜਨੀਤੀ ਨੂੰ ਤਰਜੀਹ ਦੇਣੀ ਪਵੇਗੀ। ਨਹੀਂ ਤਾਂ ਪਰਵਾਸੀ ਸਿੱਖਾਂ ਅਤੇ ਪੰਜਾਬ ਦੇ ਨੌਜਵਾਨਾਂ ਵਿੱਚ ਵਧ ਰਹੀ ਦੂਰੀ ਪਾਰਟੀ ਲਈ ਹੋਰ ਚੁਣੌਤੀਆਂ ਖੜ੍ਹੀਆਂ ਕਰ ਸਕਦੀ ਹੈ। ਰਾਜਨੀਤਿਕ ਹਲਕਿਆਂ ਵਿੱਚ ਇਹ ਚਰਚਾ ਵੀ ਹੈ ਕਿ ਅਜਿਹੇ ਫ਼ੈਸਲਿਆਂ ਦਾ ਪ੍ਰਭਾਵ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਵੇਖਣ ਨੂੰ ਮਿਲ ਸਕਦਾ ਹੈ, ਜਿੱਥੇ ਵੋਟਰਾਂ ਦਾ ਭਰੋਸਾ ਸਭ ਤੋਂ ਵੱਡਾ ਮੁੱਦਾ ਬਣੇਗਾ।

**ਪੰਥਕ ਧਿਰਾਂ ਅਤੇ ਸਿੱਖ ਰਾਜਨੀਤਿਕ ਪਾਰਟੀਆਂ ਸੱਚੇ ਮਨੋਂ ਆਪਸੀ ਗੱਠਜੋੜ ਅਤੇ ਸਾਂਝੇ ਏਜੰਡੇ ਲਈ ਗੰਭੀਰ ਹੋਣ - ਐਨ ਆਰ ਆਈ**

ਐਨ.ਆਰ.ਆਈ. ਸਿੱਖਾਂ ਦੇ ਇੱਕ ਵਰਗ ਦਾ ਮੰਨਣਾ ਹੈ ਕਿ ਜੇਕਰ ਪੰਥਕ ਧਿਰਾਂ ਅਤੇ ਸਿੱਖ ਰਾਜਨੀਤਿਕ ਪਾਰਟੀਆਂ ਸੱਚੇ ਮਨੋਂ ਆਪਸੀ ਗੱਠਜੋੜ ਅਤੇ ਸਾਂਝੇ ਏਜੰਡੇ ਲਈ ਗੰਭੀਰ ਹੋਣ, ਤਾਂ ਪੰਜਾਬ ਨੂੰ ਮੁੜ ਤਰੱਕੀ ਅਤੇ ਖੁਸ਼ਹਾਲੀ ਦੇ ਰਾਹ ’ਤੇ ਲਿਆਂਦਾ ਜਾ ਸਕਦਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਆਪਸੀ ਖਿੱਚੋਤਾਣ, ਧੜੇਬੰਦੀ ਅਤੇ ਸਿਆਸੀ ਵੰਡ ਨੇ ਪੰਥਕ ਤਾਕਤ ਨੂੰ ਕਮਜ਼ੋਰ ਕੀਤਾ ਹੈ। ਉਨ੍ਹਾਂ ਦੇ ਅਨੁਸਾਰ, ਜੇ ਇਹ ਰੁਝਾਨ ਜਾਰੀ ਰਹੇ ਤਾਂ ਸਿੱਖ ਭਾਈਚਾਰੇ ਦੀ ਰਾਜਨੀਤਿਕ, ਸਮਾਜਿਕ ਅਤੇ ਆਰਥਿਕ ਕਮਜ਼ੋਰੀ ਦਾ ਸਿਲਸਿਲਾ ਵੀ ਜਾਰੀ ਰਹਿ ਸਕਦਾ ਹੈ। ਇਸ ਲਈ ਉਹ ਪੰਥਕ ਏਕਤਾ, ਸਾਂਝੀ ਅਗਵਾਈ ਅਤੇ ਪੰਜਾਬ ਦੇ ਮੁੱਦਿਆਂ ਉੱਤੇ ਇੱਕਜੁੱਟ ਹੋਣ ਦੀ ਲੋੜ ’ਤੇ ਜ਼ੋਰ ਦਿੰਦੇ ਹਨ।

## 2027 ਤੋਂ ਪਹਿਲਾਂ ਹੀ ਹਲਕੇ ਵਿੱਚ ਉੱਠੀ ਬਦਲਾਅ ਦੀ ਵੱਡੀ ਲਹਿਰ, ਕ੍ਰਿਸ਼ਨ ਸਿੰਘ ਭਾਗੀਵਾਂਦਰ ਦੇ ਹੱਕ ਵਿੱਚ ਇਕੱਠੇ ਹੋਣ ਲੱਗੇ ਪੁਰਾਣੇ ਕਾਂਗਰਸੀ ਆਗੂ ਤੇ ਵਰਕਰ



**ਤਲਵੰਡੀ ਸਾਬੋ, 12 ਜੂਨ (ਗੁਰਜੰਟ ਸਿੰਘ ਨਥੇਹਾ)**- ਹਲਕੇ ਦੀ ਸਿਆਸਤ ਵਿੱਚ ਇੱਕ ਨਵਾਂ ਮੋੜ ਆਉਂਦਾ ਨਜ਼ਰ ਆ ਰਿਹਾ ਹੈ। 2027 ਦੀਆਂ ਚੋਣਾਂ ਭਾਵੇਂ ਹਾਲੇ ਦੂਰ ਹਨ, ਪਰ ਜ਼ਮੀਨ ’ਤੇ ਬਣ ਰਹੇ ਮਾਹੌਲ ਨੇ ਸਿਆਸੀ ਸਮੀਕਰਨਾਂ ਨੂੰ ਹੁਣ ਤੋਂ ਹੀ ਹਿਲਾਉਣਾ ਸ਼ੁਰੂ ਕਰ ਦਿੱਤਾ ਹੈ। ਪੁਰਾਣੇ ਕਾਂਗਰਸੀ ਆਗੂ, ਵਫ਼ਾਦਾਰ ਵਰਕਰ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਸਥਾਨਕ ਚਿਹਰੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੇ ਹੱਕ ਵਿੱਚ ਡਟ ਕੇ ਖੜ੍ਹਦੇ ਨਜ਼ਰ ਆ ਰਹੇ ਹਨ। ਹਲਕੇ ਦੇ ਪਿੰਡਾਂ, ਗਲੀਆਂ ਅਤੇ ਚੌਰਾਹਿਆਂ ਵਿੱਚ ਇੱਕੋ ਗੱਲ ਦੀ ਚਰਚਾ ਹੈ “ਹਲਕੇ ਦਾ ਪੁੱਤ ਹੀ ਹਲਕੇ ਦੀ ਅਗਵਾਈ ਕਰੇਗਾ।” ਲੋਕਾਂ ਦਾ ਕਹਿਣਾ ਹੈ ਕਿ ਜਿਹੜਾ ਆਗੂ ਹਰ ਸੁੱਖ-ਦੁੱਖ ਵਿੱਚ ਲੋਕਾਂ ਦੇ ਨਾਲ ਖੜ੍ਹਿਆ, ਅੱਜ ਲੋਕ ਵੀ ਉਸ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ। ਰਾਜਨੀਤਿਕ ਹਲਕਿਆਂ ਵਿੱਚ ਇਹ ਚਰਚਾ ਜ਼ੋਰਾਂ ’ਤੇ ਹੈ ਕਿ ਪੁਰਾਣੇ ਕਾਂਗਰਸੀ ਵਰਕਰਾਂ ਅਤੇ ਸੀਨੀਅਰ ਆਗੂਆਂ ਦਾ ਵੱਡਾ ਹਿੱਸਾ ਹੁਣ ਖੁੱਲ੍ਹ ਕੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰ ਰਿਹਾ ਹੈ। ਲੋਕਾਂ ਦਾ ਮੰਨਣਾ ਹੈ ਕਿ ਹਲਕੇ ਨੂੰ ਕਿਸੇ ਬਾਹਰੀ ਨਹੀਂ, ਸਗੋਂ ਆਪਣੇ ਵਿਚੋਂ ਨਿਕਲੇ ਜ਼ਮੀਨੀ ਆਗੂ ਦੀ ਲੋੜ ਹੈ। ਹਰ ਲੰਘਦੇ ਦਿਨ ਨਾਲ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੂੰ ਮਿਲ ਰਹੇ ਸਮਰਥਨ ਨੇ ਸਿਆਸੀ ਵਿਰੋਧੀਆਂ ਦੀ ਚਿੰਤਾ ਵੀ ਵਧਾ ਦਿੱਤੀ ਹੈ। ਪਿੰਡਾਂ ਦੀਆਂ ਸੱਥਾਂ ਤੋਂ ਲੈ ਕੇ ਸ਼ਹਿਰਾਂ ਦੀਆਂ ਬੈਠਕਾਂ ਤੱਕ ਇੱਕੋ ਨਾਮ ਦੀ ਚਰਚਾ ਹੋ ਰਹੀ ਹੈ। ਲੋਕਾਂ ਦਾ ਕਹਿਣਾ ਹੈ ਕਿ ਹੁਣ ਉਹ ਉਸ ਆਗੂ ਨੂੰ ਅੱਗੇ ਲਿਆਉਣਾ ਚਾਹੁੰਦੇ ਹਨ ਜਿਸ ਨੇ ਸਾਲਾਂ ਤੱਕ ਲੋਕਾਂ ਦੇ ਹੱਕਾਂ ਲਈ ਸੰਘਰਸ਼ ਕੀਤਾ ਹੈ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਜੇ ਇਹ ਮਾਹੌਲ ਇਸੇ ਤਰ੍ਹਾਂ ਬਣਿਆ ਰਿਹਾ ਤਾਂ 2027 ਵਿੱਚ ਹਲਕੇ ਦੀ ਸਿਆਸਤ ਵਿੱਚ ਵੱਡਾ ਉਲਟਫੇਰ ਦੇਖਣ ਨੂੰ ਮਿਲ ਸਕਦਾ ਹੈ। ਜਨਤਾ ਦਾ ਰੁਝਾਨ ਸਾਫ਼ ਸੰਕੇਤ ਦੇ ਰਿਹਾ ਹੈ ਕਿ ਇਸ ਵਾਰ ਲੋਕ ਆਪਣੀ ਆਵਾਜ਼ ਨੂੰ ਹੀ ਆਪਣਾ ਨੁਮਾਇੰਦਾ ਬਣਾਉਣ ਦੇ ਮੂਡ ਵਿੱਚ ਹਨ। ਇਸ ਮੌਕੇ ਰਣਵੀਰ ਸਿੰਘ ਸ਼ੇਖਪੁਰਾ ਉਪ ਪ੍ਰਧਾਨ ਜਿਲਾ ਬਠਿੰਡਾ ਦਿਹਾਤੀ, ਰਾਮ ਸਿੰਘ ਲੇਲੇਵਾਲਾ, ਜਗਦੇਵ ਸਿੰਘ ਜੱਜਲ ਸਾਬਕਾ ਸਰਪੰਚ, ਦਿਲਪ੍ਰੀਤ ਸਿੰਘ ਸਾਬਕਾ ਬਲਾਕ ਪ੍ਰਧਾਨ ਜਗਾ ਰਾਮ ਤੀਰਥ, ਜਗਤਾਰ ਸਿੰਘ ਮੈਨੂੰਆਣਾ ਸਾਬਕਾ ਚੇਅਰਮੈਨ, ਦਰਸ਼ਨ ਸਿੰਘ ਤਲਵੰਡੀ, ਗੁਰਪ੍ਰੀਤ ਸਿੰਘ ਲਹਿਰੀ, ਗੁਰਤੇਜ ਸਿੰਘ ਬੱਬੂ, ਰਾਮ ਭਾਗੀਵਾਂਦਰ, ਮਨਪ੍ਰੀਤ ਸਿੰਘ ਤਲਵੰਡੀ ਸਾਬੋ ਆਦਿ ਸਮੇਤ ਹੋਰ ਹਾਜ਼ਰ ਸਨ।

## ਧਿਆਪਕ ਜਥੇਬੰਦੀਆਂ ਦੀ ਡਿਪਟੀ ਕਮਿਸ਼ਨਰ ਨਾਲ ਮੀਟਿੰਗ ਵਿੱਚ ਜ਼ਬਰੀ ਡਰੱਗ ਡਿਊਟੀ ਨਾ ਲਗਾਉਣ ਦਾ ਹੋਇਆ ਫੈਸਲਾ



**ਬਰਨਾਲਾ 12 ਜੂਨ (ਆਵਾਜ਼ਿ ਕੌਮ ਬਿਊਰੋ)**-ਸਮੂਹ ਅਧਿਆਪਕ ਜਥੇਬੰਦੀਆਂ ਜਿਲ੍ਹਾ ਬਰਨਾਲਾ ਦਾ ਇੱਕ ਮਾਸ ਡੈਪੂਟੇਸ਼ਨ ਹਰਿੰਦਰ ਮੱਲ੍ਹੀਆਂ, ਪਰਮਿੰਦਰ ਸਿੰਘ, ਰਾਜੀਵ ਕੁਮਾਰ, ਨਰਿੰਦਰ ਸਹਿਣਾ, ਅਮਰਜੀਤ ਸਿੰਘ ਖਾਲਸਾ , ਸੁਖਬੀਰ ਸਿੰਘ ਛਾਪਾ ਅਤੇ ਪਰਦੀਪ ਕੁਮਾਰ ਦੀ ਅਗਵਾਈ ਵਿੱਚ ਜਬਰੀ ਥੋਪੀਆਂ ਜਾ ਰਹੀਆਂ ਡਰੱਗ ਡਿਊਟੀਆਂ ਦੇ ਸਬੰਧ ਵਿੱਚ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਮਿਲਿਆ। ਇਸ ਮੌਕੇ ਸੈਂਕੜਿਆਂ ਦੀ ਵੱਡੀ ਗਿਣਤੀ ਵਿੱਚ ਅਧਿਆਪਕ ਮੌਜੂਦ ਸਨ। ਇਸ ਮਾਸ ਡੈਪੂਟੇਸ਼ਨ ਦੀ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਬਰਨਾਲਾ ਕੋਲ ਹਰ ਤਰਾਂ ਦੀਆਂ ਗੈਰ- ਵਿੱਦਿਅਕ ਡਿਊਟੀਆਂ ਦਾ ਤਰਕ ਸੰਗਤ ਢੰਗ ਨਾਲ ਵਿਰੋਧ ਦਰਜ ਕਰਵਾਇਆ ਗਿਆ। ਆਗੂਆਂ ਨੇ ਕਿਹਾ ਕਿ ?ਡਰੱਗ ਡਿਊਟੀ ਇੱਕ ਸਵੈ-ਇੱਛੁਕ ਡਿਊਟੀ ਹੈ ਪ੍ਰੰਤੂ ਵੱਖ-ਵੱਖ ਤਹਿਸੀਲਾਂ ਦੇ ਅਧਿਕਾਰੀਆਂ ਵੱਲੋਂ ਇਸ ਸਬੰਧੀ ਡਰਾ ਧਮਕਾ ਕੇ ਜਬਰੀ ਸਹਿਮਤੀ ਲੈਣ ਦਾ ਯਤਨ ਕੀਤਾ ਜਾ ਰਿਹਾ ਹੈ ਜਿਸਦਾ ਜਥੇਬੰਦੀਆਂ ਨੇ ਤਿੱਖਾ ਰੋਸ਼ ਪ੍ਰਗਟਾਇਆ। ਆਗੂਆਂ ਨੇ ਪੂਰੇ ਤਰਕ ਨਾਲ ਇਹ ਵੀ ਕਿਹਾ ਕਿ ?ਇਹ ਡਰੱਗ ਸੈਂਸਜ ਦੀ ਆੜ ਹੇਠ ਇੱਕ ਰਾਜਨੀਤੀ ਤੋਂ ਪ੍ਰੇਰਿਤ ਨਿੱਜੀ ਪਾਰਟੀ ਦਾ ਚੋਣ ਮਨੋਰਥਾਂ ਨੂੰ ਮੁੱਖ ਰੱਖ ਕੇ ਕਰਵਾਇਆ ਜਾ ਰਿਹਾ ਸਰਵੇ ਹੈ ਜੋ ਕਿ ਬਿਲਕੁਲ ਗਲਤ ਹੈ। ਜਿੱਥੇ ਇਹ ਸਿੱਧੇ ਰੂਪ ਵਿੱਚ ਸਰਕਾਰੀ ਖ਼ਜ਼ਾਨੇ ਦੀ ਬੇਕਿਰਕ ਲੁੱਟ ਹੈ , ਉੱਥੇ ਸਰਕਾਰੀ ਮਸੀਨਰੀ ਦੀ ਦੁਰਵਰਤੋਂ ਵੀ ਹੈ। ਜਥੇਬੰਦੀਆਂ ਦੇ ਆਗੂਆਂ ਨੇ ਸਾਰੇ ਮਸਲਿਆਂ ਨੂੰ ਬਹੁਤ ਹੀ ਤਰਕਪੂਰਨ ਤੇ ਵਿਗਿਆਨਕ ਢੰਗ ਨਾਲ ਆਪਣੀ ਗੱਲ ਨੂੰ ਰੱਖਿਆ ਗਿਆ। ਡਿਪਟੀ ਕਮਿਸ਼ਨਰ ਬਰਨਾਲਾ ਜੀ ਨੇ ਜਥੇਬੰਦੀਆਂ ਦੀਆਂ ਦਲੀਲਾਂ ਨੂੰ ਬਹੁਤ ਗੰਭੀਰਤਾ ਨਾਲ ਲਿਆ। ਉਨ੍ਹਾਂ ਜਥੇਬੰਦੀਆਂ ਦੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਕਿਸੇ ਵੀ ਅਧਿਆਪਕ/ ਮੁਲਾਜ਼ਮ ਤੋਂ ਜਬਰੀ ਡਰੱਗ ਸਰਵੇ ਨਹੀਂ ਕਰਵਾਇਆ ਜਾਵੇਗਾ ਅਤੇ ਇਸ ਸਬੰਧੀ ਹੇਠਲੇ ਅਧਿਕਾਰੀਆਂ ਨੂੰ ਤੁਰੰਤ ਜਰੂਰੀ ਹਦਾਇਤਾਂ ਵੀ ਜਾਰੀ ਕਰ ਦਿੱਤੀਆਂ ਜਾਣਗੀਆਂ। ਉਕਤ ਫੈਸਲੇ ਦੀ ਰੌਸ਼ਨੀ ਵਿੱਚ ਅਧਿਆਪਕ ਆਗੂਆਂ ਨੇ ਸਮੂਹ ਅਧਿਆਪਕਾਂ ਨੂੰ ਅਪੀਲ ਕੀਤੀ ਹੈ ਕਿ ਬਿਨ੍ਹਾ ਸਹਿਮਤੀ ਤੋਂ ਕੋਈ ਵੀ ਅਧਿਆਪਕ ਦੀ ਡਿਊਟੀ ਨਹੀਂ ਲਗਾਈ ਜਾ ਸਕਦੀ। ਇਸ ਲਈ ਕਿਸੇ ਵੀ ਨੋਟਿਸ ਤੋਂ ਡਰਨ ਦੀ ਲੋੜ ਨਹੀਂ। ਅਧਿਆਪਕ ਜਥੇਬੰਦੀਆਂ ਇਸ ਸਬੰਧੀ ਪੂਰਨ ਤੌਰ ਤੇ ਪਹਿਰਾ ਦੇ ਰਹੀਆਂ ਹਨ ਤੇ ਨਾਲ ਹੀ ਉਨ੍ਹਾਂ ਕਾਡਰ ਨੂੰ ਵੀ ਹਰ ਸੰਘਰਸ਼ ਲਈ ਤਿਆਰ ਰਹਿਣ ਦੀ ਅਪੀਲ ਕੀਤੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਮਲ ਚੁਹਾਣਕੇ , ਨਿਰਮਲ ਸਿੰਘ ਪੱਖੋ ਕਲਾਂ, ਤੇਜਿੰਦਰ ਸਿੰਘ ਤੇਜੀ, ਜਸਵੀਰ ਸਿੰਘ ਸਹਿਣਾ , ਰਾਜਿੰਦਰ ਗੁਰੂ, ਕੇਵਲ ਸਿੰਘ, ਅਮਰੀਕ ਸਿੰਘ ਭੱਦਲਵੱਡ, ਲਖਵੀਰ ਸਿੰਘ ਠੁੱਲੀਵਾਲ, ਹਰਜੀਤ ਸਿੰਘ ਖੁੱਡੀ, ਰਾਕੇਸ ਕੁਮਾਰ , ਪਰਮਜੀਤ ਸਿੰਘ ਭਦੌੜ ,ਸਤਪਾਲ ਤਪਾ, ਚਮਕੌਰ ਸਿੰਘ ਭੋਤਨਾ , ਅੰਮ੍ਰਿਤ ਪਾਲ ਕੋਦਟੂਨਾ , ਵਿਸ਼ਾਲ ਉੱਪਲ ,ਰਘਵੀਰ ਸਿੰਘ ਵਜੀਦਕੇ ਖੁਰਦ , ਸੁਖਮਿੰਦਰ ਸਿੰਘ ਭੱਦਲਵੱਡ, ਰਘਵੀਰ ਕਰਮਗੜ , ਦਵਿੰਦਰ ਤਲਵੰਡੀ , ਜਸਵੀਰ ਸਿੰਘ ਗੁਰਮ , ਆਤਮਾ ਨੰਦ, ਭਾਰਤ ਭੂਸਨ , ਚਰਨਜੀਤ ਸਿੰਘ ਉਪਲੀ, ਹੈਡਮਾਸਟਰ ਸਾਧੂ ਸਿੰਘ, ਪਾਇਲ ਗਰਗ , ਕਵਿਤਾ ਰਾਣੀ ਆਦਿ ਹਾਜਰ ਸਨ।

‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ

# ਧੂਰੀ ਤੋਂ ਜਾਗਰੂਕਤਾ ਵਾਹਨ ਕੀਤੇ ਰਵਾਨਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਅੱਜ ਧੂਰੀ ਵਿਖੇ ਮੁੱਖ ਮੰਤਰੀ ਸਹਾਇਤਾ ਕੇਂਦਰ ਤੋਂ ਵਿਸ਼ੇਸ਼ ਜਾਗਰੂਕਤਾ ਵਾਹਨਾਂ ਨੂੰ ਰਵਾਨਾ ਕੀਤਾ ਗਿਆ। ਇਨ੍ਹਾਂ ਵਾਹਨਾਂ ਵਿੱਚ ਵਿਸ਼ੇਸ਼ ਸ਼ਿਕਾਇਤ ਬਾਕਸ ਲਗਾਏ ਗਏ ਹਨ, ਜਿਨ੍ਹਾਂ ਰਾਹੀਂ ਆਮ ਲੋਕ ਨਸ਼ਾ ਤਸਕਰੀ ਨਾਲ ਸਬੰਧਤ ਗੁਪਤ ਜਾਣਕਾਰੀ ਅਤੇ ਨਸ਼ੇ ਦੀ ਲਤ ਨਾਲ ਪੀੜਤ ਵਿਅਕਤੀਆਂ ਸਬੰਧੀ ਵੇਰਵੇ ਸਾਂਝੇ ਕਰ ਸਕਣਗੇ। ਇਸ ਮੌਕੇ ਜਾਗਰੂਕਤਾ ਵਾਹਨਾਂ ਨੂੰ ਹਰੀ ਝੰਡੀ ਦਿੰਦਿਆਂ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਅਤੇ ਮੁੱਖ ਮੰਤਰੀ ਸਹਾਇਤਾ ਕੇਂਦਰ ਦੇ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁਲੀ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹ ਤੋਂ ਖਤਮ ਕਰਨ ਲਈ ਦ੍ਰਿੜ੍ਹ ਸੰਕਲਪ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਆਪਣੇ ਪਿੰਡ ਜਾਂ ਇਲਾਕੇ ਵਿੱਚ ਨਸ਼ਾ ਤਸਕਰੀ ਬਾਰੇ ਕੋਈ ਜਾਣਕਾਰੀ ਹੈ ਪਰ ਉਹ ਆਪਣੀ ਪਛਾਣ ਜਨਤਕ ਨਹੀਂ ਕਰਨਾ ਚਾਹੁੰਦਾ ਤਾਂ ਉਹ ਸ਼ਿਕਾਇਤ ਬਾਕਸ ਵਿੱਚ ਲਿਖਤੀ ਰੂਪ ਵਿੱਚ ਸੂਚਨਾ ਦੇ ਸਕਦਾ ਹੈ। ਸੂਚਨਾ ਦੇਣ ਵਾਲੇ ਦੀ ਪਛਾਣ ਨੂੰ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ ਅਤੇ ਦੋਸ਼ੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

**ਨਸ਼ਾ ਤਸਕਰਾਂ ਸਬੰਧੀ ਮਿਲਣ ਵਾਲੀ ਹਰ ਸੂਚਨਾ ’ਤੇ ਹੋਵੇਗੀ ਸਖ਼ਤ ਕਾਰਵਾਈ, ਸੂਚਨਾ ਦੇਣ ਵਾਲੇ ਦੀ ਪਛਾਣ ਰਹੇਗੀ ਗੁਪਤ: ਰਾਜਵੰਤ ਸਿੰਘ ਘੁੱਲੀ**

ਉਨ੍ਹਾਂ ਅੱਗੇ ਕਿਹਾ ਕਿ ਜਿਨ੍ਹਾਂ ਪਰਿਵਾਰਾਂ ਦੇ ਮੈਂਬਰ ਨਸ਼ੇ ਦੀ ਲਤ ਦਾ ਸ਼ਿਕਾਰ ਹਨ, ਉਹ ਵੀ ਆਪਣੀ ਜਾਣਕਾਰੀ ਸਾਂਝੀ ਕਰ ਸਕਦੇ ਹਨ ਤਾਂ ਜੋ ਉਨ੍ਹਾਂ ਨੂੰ ਸਰਕਾਰੀ ਸਹੂਲਤਾਂ ਅਧੀਨ ਮੁਫ਼ਤ ਇਲਾਜ ਅਤੇ ਪੁਨਰਵਾਸ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਇਸ ਜਨ ਅੰਦੋਲਨ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਇਆ ਜਾਵੇ। ਇਸ ਮੌਕੇ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਦੇ ਹਲਕਾ ਕੋਆਰਡੀਨੇਟਰ ਅਤੇ ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਰਛਪਾਲ ਸਿੰਘ ਭੁੱਲਰ ਨੇ ਕਿਹਾ ਕਿ ਪਿਛਲੇ ਲਗਭਗ ਇੱਕ ਸਾਲ ਤੋਂ ਹਲਕਾ ਧੂਰੀ ਦੇ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਲਗਾਤਾਰ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਹੁਣ ਲੋਕਾਂ ਦੀ ਸਿੱਧੀ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨ ਲਈ ਇਹ ਵਿਸ਼ੇਸ਼ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਗਈ ਹੈ।

ਰਛਪਾਲ ਸਿੰਘ ਭੁੱਲਰ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਨਸ਼ਿਆਂ ਖ਼ਿਲਾਫ਼ ਜਾਣਕਾਰੀ ਸਾਂਝੀ ਕਰਨ ਕਿਉਂਕਿ ਸੂਚਨਾ ਦੇਣ ਵਾਲਿਆਂ ਦੀ ਪਛਾਣ ਪੂਰੀ ਤਰ੍ਹਾਂ ਸੁਰੱਖਿਅਤ ਅਤੇ ਗੁਪਤ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਅਤੇ ਤੰਦਰੁਸਤ ਪੰਜਾਬ ਦੀ ਸਿਰਜਣਾ ਲਈ ਸਮਾਜ ਦੇ ਹਰ ਵਰਗ ਦੀ ਸਾਂਝੀ ਭੂਮਿਕਾ ਬਹੁਤ ਜ਼ਰੂਰੀ ਹੈ।

**‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਦੇ ਹਲਕਾ ਵਾਈਸ ਕੋਆਰਡੀਨੇਟਰ**-ਹਰਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਇਹ ਵਾਹਨ ਪਿੰਡ-ਪਿੰਡ ਅਤੇ ਵਾਰਡ-ਵਾਰਡ ਜਾ ਕੇ ਲੋਕਾਂ ਤੋਂ ਗੁਪਤ ਸੂਚਨਾਵਾਂ ਇਕੱਠੀਆਂ ਕਰਨਗੇ, ਜਿਨ੍ਹਾਂ ਨੂੰ ਸਬੰਧਤ ਉੱਚ ਪੁਲਿਸ ਅਧਿਕਾਰੀਆਂ ਅਤੇ ਮੁੱਖ ਮੰਤਰੀ ਦਫ਼ਤਰ ਤੱਕ ਪਹੁੰਚਾਇਆ ਜਾਵੇਗਾ, ਤਾਂ ਜੋ ਨਸ਼ੇ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਲਈ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਸਕੇ। ਇਸ ਮੌਕੇ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਦੇ ਹਲਕਾ ਵਾਈਸ ਕੋਆਰਡੀਨੇਟਰ ਹਰਪ੍ਰੀਤ ਸਿੰਘ ਗਿੱਲ, ਬਲਾਕ ਕੋਆਰਡੀਨੇਟਰ ਗੌਰਵ ਸ਼ਰਮਾ, ਡਾਇਰੈਕਟਰ ਅਨਿਲ ਮਿੱਤਲ, ਮਨਜੀਤ ਸ਼ਰਮਾ, ਹਰਵਿੰਦਰ ਸਿੰਘ, ਕੌਂਸਲਰ ਰਜੀਵ ਵਰਮਾ, ਅਸ਼ਵਨੀ ਧੀਰ, ਮਨੀਸ਼ ਕੁਮਾਰ, ਭੁਪਿੰਦਰ ਸਿੰਘ, ਮਾਣਾ ਗਰੇਵਾਲ ਮ ਹਾਜ਼ਰ ਸਨ।

ਬਸਤੀ ਵਕੀਲਾਂਵਾਲੀ ਦੇ ਕਈ ਪਰਿਵਾਰ

# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵਿੱਚ ਹੋਏ ਸ਼ਾਮਿਲ



**ਫ਼ਿਰੋਜ਼ਪੁਰ, 12 ਜੂਨ (ਮਨੋਹਰ ਲਾਲ) :—** ਪੰਜਾਬ ਦੀ ਸਿਆਸਤ ਵਿੱਚ ਉਥਲ ਪੁਥਲ ਅਤੇ ਪਾਰਟੀਆਂ ਦੇ ਪੁਨਰ ਗਠਨ ਦਾ ਦੌਰ ਲਗਾਤਾਰ ਜਾਰੀ ਹੈ। ਇਸੇ ਕੜੀ ਤਹਿਤ ਫਿਰੋਜ਼ਪੁਰ ਹਲਕੇ ਅੰਦਰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਉਸ ਸਮੇਂ ਇੱਕ ਬਹੁਤ ਵੱਡੀ ਸਫਲਤਾ ਅਤੇ ਮਜ਼ਬੂਤੀ ਮਿਲੀ, ਜਦੋਂ ਬਸਤੀ ਵਕੀਲਾਂਵਾਲੀ ਦੇ ਕਈ ਪ੍ਰਮੁੱਖ ਅਤੇ ਰਸੂਖਦਾਰ ਪਰਿਵਾਰ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਿਲ ਹੋ ਗਏ। ਇਸ ਸਿਆਸੀ ਫ਼ੇਰਬਦਲ ਨਾਲ ਇਲਾਕੇ ਵਿੱਚ ਅਕਾਲੀ ਦਲ ਪੁਨਰ ਸੁਰਜੀਤ ਦਾ ਪਲੜਾ ਹੋਰ ਭਾਰੀ ਹੋ ਗਿਆ ਹੈ।

**ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਇੰਚਾਰਜ ਜਸਵੀਰ ਸਿੰਘ ਭੁੱਲਰ ਦੀ ਅਗਵਾਈ ਹੇਠ ਪਾਰਟੀ ਨੂੰ ਮਿਲੀ ਵੱਡੀ ਮਜ਼ਬੂਤੀ**

ਇਸ ਮੌਕੇ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਮੁੱਖ ਇੰਚਾਰਜ ਜਸਵੀਰ ਸਿੰਘ ਭੁੱਲਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਉਨ੍ਹਾਂ ਨੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਸਾਰੇ ਪਰਿਵਾਰਾਂ ਅਤੇ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ। ਇਕੱਠ ਨੂੰ ਸੰਬੋਧਨ ਕਰਦਿਆਂ ਜਸਵੀਰ ਸਿੰਘ ਭੁੱਲਰ ਨੇ ਆਖਿਆ ਕਿ ਸਥਾਨਕ ਲੋਕ ਮੌਜੂਦਾ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਤੰਗ ਆ ਚੁੱਕੇ ਹਨ ਅਤੇ ਉਹ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਸੋਚ ਤੇ ਮੁੜ ਭਰੋਸਾ ਜਤਾ ਰਹੇ ਹਨ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਿਲ ਹੋਏ ਹਰ ਇੱਕ ਵਰਕਰ ਅਤੇ ਪਰਿਵਾਰ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਮੁੱਖ ਆਗੂਆਂ ਅਤੇ ਪਤਵੰਤੇ ਸੱਜਣਾਂ ਵਿੱਚ ਇਲਾਕੇ ਦੇ ਕਈ ਨਾਮਵਰ ਚਿਹਰੇ ਸ਼ਾਮਿਲ ਸਨ, ਜਿਨ੍ਹਾਂ ਵਿੱਚ ਮੁੱਖ ਤੌਰ ਤੇ ਸੁਰਿੰਦਰ ਸਿੰਘ, ਪਰਮਿੰਦਰ ਸਿੰਘ, ਪਵਿੱਤਰ ਸਿੰਘ, ਨਿਰਮਲ ਸਿੰਘ, ਕਸ਼ਮੀਰ ਸਿੰਘ, ਰਣਜੀਤ ਸਿੰਘ, ਮਨਪ੍ਰੀਤ ਸਿੰਘ, ਪ੍ਰਵੀਨ ਸਿੰਘ ਤੋਂ ਇਲਾਵਾ ਹੋਰਨਾਂ ਪਿੰਡਾਂ ਤੋਂ ਵੀ ਵੱਡੀ ਗਿਣਤੀ ਵਿੱਚ ਸਥਾਨਕ ਆਗੂ ਅਤੇ ਵਰਕਰ ਆਪਣੇ ਸਾਥੀਆਂ ਸਮੇਤ ਇਸ ਸਿਆਸੀ ਪ੍ਰੋਗਰਾਮ ਦਾ ਹਿੱਸਾ ਬਣੇ ਅਤੇ ਅਕਾਲੀ ਦਲ ਪੁਨਰ ਸੁਰਜੀਤ ਦਾ ਪੱਲਾ ਫੜਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਬੇਰੁਜ਼ਗਾਰ ਈ ਟੀ ਟੀ ਅਧਿਆਪਕਾਂ ਦੇ ਘੋਲ ਦੀ ਹਮਾਇਤ



**ਧੂਰੀ ( ਰਣਜੀਤ ਸਿੰਘ ਪੇਧਨੀ )**- ਗੌਰਮਿੰਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਸਬ ਡਿਵੀਜ਼ਨ ਧੂਰੀ ਵੱਲੋਂ ਧੂਰੀ ਵਿਖੇ ਸ਼ਾਂਤਮਈ ਸੰਘਰਸ਼ ਕਰ ਰਹੇ ਬੇਰੁਜ਼ਗਾਰ ਈ ਟੀ ਟੀ ਅਧਿਆਪਕਾਂ ਦੇ ਘੋਲ ਦੀ ਪੂਰਨ ਹਮਾਇਤ ਕੀਤੀ ਗਈ ਹੈ । ਅੱਜ ਪੈਨਸ਼ਨਰਜ ਐਸੋਸੀਏਸ਼ਨ ਦੇ ਵੱਡੇ ਜਥੇ ਨੇ ਪ੍ਰਧਾਨ ਜੈਦੇਵ ਸਰਮਾ , ਸੂਬਾਈ ਮੀਤ ਪ੍ਰਧਾਨ ਹਰਦੇਵ ਸਿੰਘ ਜਵੰਧਾ ਤੇ ਕੁਲਵੰਤ ਸਿੰਘ ਦੀ ਅਗਵਾਈ ਹੇਠ ਸੰਘਰਸ਼ ਕਰ ਰਹੇ ਬੇਰੁਜ਼ਗਾਰ ਅਧਿਆਪਕਾਂ ਦੇ ਧਰਨੇ ਵਿੱਚ ਪਹੁੰਚਕੇ ਇੱਕਜੁਟਤਾ ਪ੍ਰਗਟਾਈ ਤੇ ਪੂਰਨ ਹਮਾਇਤ ਦਾ ਭਰੋਸਾ ਦਿਵਾਇਆ। ਇਸ ਮੌਕੇ ਉਹਨਾਂ ਐਸੋਸ਼ੀਏਸ਼ਨ ਵੱਲੋਂ ਜਿੱਥੇ ਹਰ ਤਰਾਂ ਦੀ ਮੱਦਦ ਕਰਨ ਦਾ ਵਿਸ਼ਵਾਸ ਦਿਵਾਇਆ ਉੱਥੇ ਮੌਕੇ ਤੇ ਹੀ ਪੰਜ ਹਜ਼ਾਰ ਰੁਪਏ ਸੰਘਰਸ਼ ਫੰਡ ਵਿੱਚ ਯੋਗਦਾਨ ਪਾਇਆ।

# ਸਰਕਾਰ ਬੇਰੁਜ਼ਗਾਰ 5994 ਈ ਟੀ ਟੀ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਜਾਰੀ ਕਰੇ ਜਵੰਧਾ



ਧੂਰੀ ( ਰਣਜੀਤ ਸਿੰਘ ਪੇਧਨੀ ) ਅਧਿਆਪਕ ਦਲ ਪੰਜਾਬ ਦੇ ਸੂਬਾ ਸਰਪ੍ਰਸਤ ਹਰਦੇਵ ਸਿੰਘ ਜਵੰਧਾ ਨੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਸਬਦਾਂ ਵਿੱਚ ਮੰਗ ਕੀਤੀ ਹੈ ਕਿ ਪਿਛਲੇ ਲੱਗਭਗ ਚਾਰ ਸਾਲ ਤੋਂ ਨਿਯੁਕਤੀ ਪੱਤਰਾਂ ਦੀ ਉਡੀਕ ਕਰ ਰਹੇ ਬੇਰੁਜ਼ਗਾਰ ਈ ਟੀ ਟੀ ਅਧਿਆਪਕਾਂ ਨੂੰ ਬਿਨਾਂ ਦੇਰੀ ਕੀਤੇ ਨਿਯੁਕਤੀ ਪੱਤਰ ਦਿੱਤੇ ਜਾਣ ।ਉਹਨਾਂ ਕਿਹਾ ਕਿ ਇੱਕ ਪਾਸੇ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਹਜਾਰਾਂ ਪੋਸਟਾਂ ਖਾਲੀ ਪਈਆਂ ਹਨ ਜਦਕਿ ਦੂਜੇ ਪਾਸੇ ਨਿਯਮਤ ਪ੍ਰਣਾਲੀ ਰਾਂਹੀ ਚੁਣੇ ਗਏ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਲੈਣ ਲਈ ਸੰਘਰਸ਼ ਕਰਨਾ ਪੈ ਰਿਹਾ ਹੈ ਪਰ ਫਿਰ ਵੀ ਸਰਕਾਰ ਦੇ ਕੰਨਾਂ ਤੇ ਜੂੰ ਨਹੀਂ ਸਰਕ ਰਹੀ । ਸਕੂਲਾਂ ਵਿੱਚ ਪਿੰਸੀਪਲਾਂ,ਮੁੱਖ ਅਧਿਆਪਕਾਂ, ਅਧਿਆਪਕਾਂ ਅਤੇ ਬਾਕੀ ਅਮਲੇ ਦੀਆਂ ਹਜਾਰਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਅਖੌਤੀ ਸਿੱਖਿਆ ਕ੍ਰਾਂਤੀ ਦੀ ਪੋਲ ਖੋਲ੍ਹ ਰਹੀਆਂ ਹਨ ਅਧਿਆਪਕ ਦਲ ਪੰਜਾਬ ਨੇ ਮੁੱਖ ਮੰਤਰੀ ਦੇ ਹਲਕੇ ਧੂਰੀ ਵਿੱਚ ਰੁਜ਼ਗਾਰ ਲੈਣ ਲਈ ਸੰਘਰਸ਼ ਕਰ ਰਹੇ ਬੇਰੁਜ਼ਗਾਰ ਈ ਟੀ ਟੀ ਅਧਿਆਪਕਾਂ ਦੇ ਘੋਲ ਦੀ ਪੂਰਨ ਰਮਾਇਤ ਕੀਤੀ ਹੈ। ਇਸ ਸਮੇਂ ਉਹਨਾਂ ਨਾਲ ਅਧਿਆਪਕ ਦਲ ਪੰਜਾਬ ਦੇ ਸੀਨੀਅਰ ਸੂਬਾਈ ਆਗੂ ਅਵਤਾਰ ਸਿੰਘ ਢਢੋਗਲ, ਜਿਲਾ ਪ੍ਰਧਾਨ ਨਰਪਿੰਦਰ ਸਿੰਘ, ਜਿਲਾ ਜਨਰਲ ਸਕੱਤਰ ਲਖਵੀਰ ਸਿੰਘ ਸੁਨਾਮ, ਸੀਨੀਅਰ ਆਗੂ ਰਕੇਸ਼ ਕੁਮਾਰ ਗਰਗ, ਤੇਜਵਿੰਦਰ ਸਿੰਘ ਬਿੱਟੂ, ਗੁਰਤੇਜ ਸਿੰਘ ਮਰਾਹੜ, ਬਲਵਿੰਦਰ ਸਿੰਘ, ਮਨਜੀਤ ਸਿੰਘ ਧੰਦੀਵਾਲ, ਗਗਨਦੀਪ ਸਿੰਘ ਬੁਗਰਾ,ਸੁਖਜਿੰਦਰ ਸਿੰਘ ਰਾਜੋਮਾਜਰਾ ਵੀ ਹਾਜ਼ਰ ਸਨ।

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ “ਖੇਤ ਬਚਾਉ ਅਭਿਆਨ” ਤਹਿਤ ਪਿੰਡ ਫ਼ਤਿਹਗੜ੍ਹ ਨੌਂ ਆਬਾਦ ਵਿਖੇ ਜਾਗਰੂਕਤਾ ਕੈਂਪ ਆਯੋਜਿਤ




ਤਲਵੰਡੀ ਸਾਬੋ, 12 ਜੂਨ (ਗੁਰਜੰਟ ਸਿੰਘ ਨਥੇਹਾ)- ਭਾਰਤ ਸਰਕਾਰ ਦੇ ਖੇਤੀ ਮੰਤਰਾਲਾ ਵੱਲੋਂ ਰਾਸ਼ਟਰੀ ਪੱਧਰ ਤੇ ਸ਼ੁਰੂ ਕੀਤੇ “ਖੇਤ ਬਚਾਉ ਅਭਿਆਨ” ਤਹਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟਰ ਪਸਾਰ ਸਿੱਖਿਆ ਵੱਲੋਂ ਫੈਕਲਟੀ ਆਫ਼ ਐਗਰੀਕਲਚਰ ਦੇ ਸਹਿਯੋਗ ਨਾਲ ਪਿੰਡ ਫ਼ਤਿਹਗੜ੍ਹ ਨੌਂ ਆਬਾਦ ਵਿਖੇ ਮਿੱਟੀ ਅਤੇ ਖੇਤਾਂ ਦੀ ਸਾਂਭ ਸੰਭਾਲ ਸੰਬੰਧੀ ਜਾਗਰੂਕਤਾ ਕੈਂਪ ਆਯੋਜਿਤ ਕੀਤਾ ਗਿਆ। ਇਸ ਮੌਕੇ ਵਾਈਸ ਚਾਂਸਲਰ ਪ੍ਰੋ. (ਡਾ.) ਬਲਰਾਜ ਸਿੰਘ ਨੇ ਮੁੱਖ ਮਹਿਮਾਨ ਅਤੇ ਮੁੱਖ ਬੁਲਾਰੇ ਵੱਜੋਂ ਸ਼ਿਰਕਤ ਕੀਤੀ। ਜਦ ਕੇ ਡਾਇਰੈਕਟਰ ਪਸਾਰ ਸਿੱਖਿਆ ਡਾ. ਜਗਦੀਸ਼ ਗਰੋਵਰ ਨੇ ਵਰਸਿਟੀ ਵਿਖੇ ਕਿਸਾਨਾਂ ਦੀ ਭਲਾਈ ਲਈ ਸ਼ੁਰੂ ਕੀਤੇ ਗਏ ਕਾਰਜਾਂ ਸੰਬੰਧੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਪਿੰਡ ਦੇ ਸਰਪੰਚ ਬਲਰਾਜ ਸਿੰਘ, ਪੰਚਾਇਤ ਮੈਂਬਰਾਂ ਅਤੇ ਲਗਭਗ 40 ਕਿਸਾਨ ਹਾਜ਼ਰ ਹੋਏ। ਜਾਗਰੂਕਤਾ ਕੈਂਪ ਮੌਕੇ ਮੁੱਖ ਮਹਿਮਾਨ ਵਾਈਸ ਚਾਂਸਲਰ (ਡਾ.) ਸਿੰਘ ਕਿਹਾ ਕਿ ਹੁਣ ਕਿਸਾਨਾਂ ਨੂੰ ਖੇਤੀ ਦੇ ਨਾਲ-ਨਾਲ ਆਪਣੇ ਕੌਸ਼ਲ ਨੂੰ ਨਿਖਾਰਨ ਵੱਲ ਧਿਆਨ ਦੇਣਾ ਪਵੇਗਾ। ਉਹਨਾਂ ਕਿਹਾ ਕਿ ਨੌਜਵਾਨ ਕਿਸਾਨ ਹੁਣ ਵਿਦੇਸ਼ਾਂ ਵਿੱਚ ਜਾਣ ਦੀ ਬਜਾਏ ਆਪਣੇ ਦੇਸ਼ ਵਿੱਚ ਖੇਤੀ ਸਹਾਇਕ ਧੰਦੇ ਸ਼ੁਰੂ ਕਰਕੇ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ। ਜਿਵੇਂ ਕਿ ਨਵੀਂ ਪੀੜ੍ਹੀ ਚਾਕਲੇਟ, ਪਰੋਟੀਨ ਯੁਕਤ ਖਾਦ ਪਦਾਰਥਾਂ, ਆਦਿ ਤੇ ਅੰਨ੍ਹੇਵਾਹ ਪੈਸਾ ਖਰਚ ਕਰ ਰਹੀ ਹੈ, ਜਿਸ ਦਾ ਫ਼ਾਇਦਾ ਅੰਤਰ-ਰਾਸ਼ਟਰੀ ਕੰਪਨੀਆਂ ਨੂੰ ਹੁੰਦਾ ਹੈ। ਜਦ ਕਿ ਇਹ ਸਭ ਉਤਪਾਦ ਸਥਾਨਕ ਕਿਸਾਨ ਆਪਣੇ ਹੁਨਰ ਰਾਹੀਂ, ਖ਼ੁਦ ਤਿਆਰ ਕਰਕੇ, ਇਹਨਾਂ ਨੂੰ ਬਾਜ਼ਾਰ ਵਿੱਚ ਵੇਚ ਕੇ ਚੰਗਾ ਮੁਨਾਫ਼ਾ ਕਮਾ ਸਕਦੇ ਹਨ। ਉਹਨਾਂ ਕਿਸਾਨਾਂ ਨੂੰ ਦਰਖ਼ਤਾਂ, ਤੇਲ ਬੀਜਾਂ, ਆਦਿ ਦੇ ਬਦਲਵੇਂ ਫ਼ਸਲੀ ਚੱਕਰ ਬਾਰੇ ਜਾਣਕਾਰੀ ਦਿੱਤੀ ਤੇ ਕਿਸਾਨਾਂ ਨੂੰ ਖੇਤੀ ਦਾ ਝਾੜ ਵਧਾਉਣ ਲਈ ਵਰਸਿਟੀ ਦੇ ਖੇਤੀ ਮਾਹਿਰਾਂ ਦੇ ਸਹਿਯੋਗ ਦੀ ਗੱਲ ਆਖੀ। ਇਸ ਮੌਕੇ ਡਾ. ਗਰੋਵਰ ਨੇ ਕਿਹਾ ਕਿ ਕਿਸਾਨਾਂ ਅਤੇ ਧਰਤੀ ਦਾ ਮਾਂ-ਪੁੱਤ ਦਾ ਰਿਸ਼ਤਾ ਹੈ। ਇਸ ਲਈ ਫ਼ਸਲ ਦੀ ਬਚੀ ਰਹਿੰਦ-ਖੂੰਹਦ ਨੂੰ (ਪਰਾਲ਼ੀ) ਨੂੰ ਉਹ ਨਾ ਸਾੜਨ ਤੇ ਉਹਨਾਂ ਪਰਾਲ਼ੀ ਦੀ ਸੁਚੱਜੀ ਸਾਂਭ-ਸੰਭਾਲ ਦੇ ਨੁਕਤੇ ਸਾਂਝੇ ਕੀਤੇ। ਉਹਨਾਂ ਵਰਸਿਟੀ ਵਿਖੇ ਹੋ ਰਹੀ ਖੁੰਭਾਂ ਦੀ ਕਾਸ਼ਤ, ਮੱਧੂ-ਮੱਖੀ ਪਾਲਣ ਅਤੇ ਗੰਡੋਇਆਂ ਦੀ ਖਾਦ ਸੰਬੰਧੀ ਚੱਲ ਰਹੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਵੀ ਦਿੱਤੀ। ਉਹਨਾਂ ਵਰਸਿਟੀ ਵੱਲੋਂ ਕਿਸਾਨਾਂ ਨੂੰ ਵੰਡੇ ਗਏ ਝੋਨੇ ਦੀ ਪੀ ਆਰ-126 ਬੀਜਾਂ ਰਾਹੀਂ ਸਫ਼ਲ ਕਾਸ਼ਤ ਦੀ ਕਹਾਣੀ ਕਿਸਾਨਾਂ ਨਾਲ ਸਾਂਝੀ ਕੀਤੀ। ਪਿੰਡ ਦੇ ਸਰਪੰਚ, ਪੰਚਾਇਤ ਮੈਂਬਰਾਂ ਅਤੇ ਕਿਸਾਨਾਂ ਨੇ ਜੀ.ਕੇ.ਯੂ. ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਕਿਸਾਨਾਂ ਦੀ ਆਮਦਨ ਵਧਾਉਣ ਵਿੱਚ ਸਹਾਈ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਯੁੱਧ ਨਸ਼ਿਆਂ ਵਿਰੁੱਧ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ

# ਨੌਜਵਾਨਾਂ ਨੂੰ ਨਸ਼ਿਆਂ ਖ਼ਿਲਾਫ਼ ਡਟ ਕੇ ਖੜ੍ਹਨ ਦਾ ਦਿੱਤਾ ਸੱਦਾ






**ਜੰਡਿਆਲਾ ਗੁਰੂ, 12 ਜੂਨ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਅੱਜ ਜੰਡਿਆਲਾ ਗੁਰੂ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਵਿਰੋਧੀ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਹੇਠ ਪਿੰਡਾਂ ਦੇ ਸਰਪੰਚਾਂ, ਯੂਥ ਕਲੱਬਾਂ, ਯੂਨੀਅਨਾਂ ਦੇ ਨੁਮਾਇੰਦਿਆਂ ਅਤੇ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਵੀ ਕੀਤੀ ਗਈ ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਸਾਡੇ ਦੇਸ਼ ਅਤੇ ਪੰਜਾਬ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਨਸ਼ਿਆਂ ਦੇ ਖ਼ਿਲਾਫ਼ ਡੱਟ ਕੇ ਖੜ੍ਹਣ ਅਤੇ ਆਪਣੇ ਪਿੰਡਾਂ ਅਤੇ ਇਲਾਕਿਆਂ ਵਿੱਚ ਜਾਗਰੂਕਤਾ ਫੈਲਾਉਣ ਲਈ ਅੱਗੇ ਆਉਣ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਸਾਰੇ ਮਿਲ ਕੇ ਇੱਕਜੁੱਟ ਹੋ ਕੇ ਇਸ ਸਮਾਜਿਕ ਬੁਰਾਈ ਵਿਰੁੱਧ ਸੰਘਰਸ਼ ਕਰੀਏ ਤਾਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦਾ ਸੁਪਨਾ ਜ਼ਰੂਰ ਸਾਕਾਰ ਹੋ ਸਕਦਾ ਹੈ ।ਲੋਕ ਨਿਰਮਾਣ ਮੰਤਰੀ ਨੇ ਸਰਪੰਚਾਂ, ਯੂਨੀਅਨਾਂ ਅਤੇ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਨਸ਼ਾ ਵਿਰੋਧੀ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ, ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਸਮਾਜਿਕ ਕਾਰਜਾਂ ਨਾਲ ਜੋੜਨ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ। ਉਨ੍ਹਾਂ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਹੁਣ ਤੱਕ 60 ਹਜ਼ਾਰ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਅਤੇ 90 ਹਜ਼ਾਰ ਤੋਂ ਵੱਧ ਨਸ਼ਾ ਪੀੜਤ ਵਿਅਕਤੀਆਂ ਦਾ ਇਲਾਜ ਨਸ਼ਾ ਛੁਡਾਉ ਕੇਂਦਰਾਂ ਵਿਖੇ ਸਰਕਾਰ ਵੱਲੋਂ ਮੁਫਤ ਵਿੱਚ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਹਰੇਕ ਪਿੰਡ ਵਿੱਚ ਈ-ਰਿਕਸ਼ਾ ਚਲਾਏ ਗਏ ਹਨ ਜਿੰਨਾਂ ਵਿੱਚ ਇਕ ਸ਼ਿਕਾਇਤ ਬਕਸਾ ਵੀ ਲਗਾਇਆ ਗਿਆ ਹੈ ਜਿਸ ਵਿੱਚ ਲੋਕ ਨਸ਼ਾ ਤਸਕਰਾਂ ਖਿਲਾਫ ਬਿਨਾਂ ਆਪਣੀ ਪਹਿਚਾਣ ਦੱਸੇ ਸ਼ਿਕਾਇਤ ਦਰਜ ਸਕ ਸਕਣਗੇ ।ਉਨ੍ਹਾਂ ਕਿਹਾ ਕਿ ਸ਼ਿਕਾਇਤ ਬਕਸੇ ਵਿੱਚ ਜਿਸ ਵੀ ਨਸ਼ਾ ਤਸਕਰ ਦੀ ਸੂਚਨਾ ਮਿਲੇਗੀ ਦੇ ਖਿਲਾਫ ਤੁਰੰਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਆਮ ਆਦਮੀ ਪਾਰਟੀ ਦਿਹਾਤੀ ਦੇ ਪ੍ਰਧਾਨ ਸ੍ਰ ਗੁਰਪ੍ਰਤਾਪ ਸਿੰਘ ਸੰਧੂ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹਰ ਘਰ ਤੱਕ ਪਹੁੰਚਾਇਆ ਗਿਆ ਹੈ ਅਤੇ ਇਸ ਨੂੰ ਜੜ੍ਹੋ ਖਤਮ ਕਰਕੇ ਹੀ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਇਆ ਜਾਵੇਗੇ। ਉਨ੍ਹਾਂ ਕਿਹਾ ਕਿ ਹੁਣ ਤੱਕ ਇਸ ਮੁਹਿੰਮ ਦੇ ਪੱਖੀ ਨਤੀਜੇ ਵੀ ਸਾਹਮਣੇ ਆਏ ਹਨ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਮੋਰਚਾ ਦਾ ਸਾਰੇ ਵਾਲੰਟੀਅਰਜ਼ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਬਹੁਤ ਵਧੀਆ ਕੰਮ ਕਰ ਰਹੇ ਹਨ। ਇਸ ਮੌਕੇ ਐਸ:ਡੀ:ਐਮ ਮੈਡਮ ਅਲਕਾ ਕਾਲੀਆ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਸੂਬੇ ਨੂੰ ਨਸ਼ਾ ਮੁਕਤ ਕੀਤਾ ਜਾ ਸਕਦਾ ਹੈ ਜੇਕਰ ਲੋਕ ਸਾਥ ਦੇਣ ਤਾਂ ਇਸ ਦੇ ਹੋਰ ਵੀ ਹਾਂ ਪੱਖੀ ਨਤੀਜੇ ਸਾਹਮਣੇ ਆਉਣਗੇ। ਸਮਾਗਮ ਨੂੰ ਸੰਬੋਧਨ ਕਰਦੇ ਹੋਏ ਜੰਡਿਆਲਾ ਗੁਰੂ ਦੇ ਡੀ:ਐਸ:ਪੀ ਸ੍ਰ ਬਲਜੀਤ ਸਿੰਘ ਨੇ ਕਿਹਾ ਕਿ ਜੇਕਰ ਤੁਹਾਡੇ ਪਿੰਡ ਵਿੱਚ ਕੋਈ ਨਸ਼ਾ ਵੇਚਦਾ ਹੈ ਤਾਂ ਉਸ ਦੀ ਸਿੱਧੀ ਸੂਚਨਾ ਮੈਨੂੰ ਦਿਓ, ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ।


> **ਰੰਗਲੇ ਪੰਜਾਬ ਦੀ ਸਿਰਜਣਾ ਲਈ ਯੁੱਧ ਨਸ਼ਿਆਂ ਵਿਰੁੱਧ ਲੜਾਈ ਵਿੱਚ ਲੋਕ ਵੱਡੀ ਤਦਾਦ ਵਿੱਚ ਆਏ ਅੱਗੇ**

ਇਸ ਮੌਕੇ ਹਾਜ਼ਰ ਪਿੰਡਾਂ ਦੇ ਨੁਮਾਇੰਦਿਆਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਮੈਂਬਰਾਂ ਨੇ ਵੀ ਨਸ਼ਿਆਂ ਦੇ ਖਾਤਮੇ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਾਂਝੇ ਯਤਨ ਕਰਨ ਦਾ ਸੰਕਲਪ ਲਿਆ ਇਸ ਮੀਟਿੰਗ ਵਿੱਚ ਨਸ਼ਾ ਮੁਕਤੀ ਮੋਰਚਾ ਦਿਹਾਤੀ ਦੇ ਪ੍ਰਧਾਨ ਸ੍ਰ ਕੁਲਦੀਪ ਸਿੰਘ, ਵਾਈਸ ਪ੍ਰਧਾਨ ਨਿਰਵੈਲ ਸਿੰਘ, ਕੌਂਸਲਰ ਸਤਿੰਦਰ ਸਿੰਘ, ਕੌਂਸਲਰ ਰਾਜ ਕੁਮਾਰ ਮਲਹੋਤਰਾ, ਬੀ:ਡੀ:ਪੀ:ਓ ਸ੍ਰ ਮਲਕੀਤ ਸਿੰਘ, ਚੇਅਰਮੈਨ ਗੁਰਵਿੰਦਰ ਸਿੰਘ, ਸੂਬੇਦਾਰ ਸ਼ਨਾਖ ਸਿੰਘ, ਬਲਾਕ ਪ੍ਰਧਾਨ ਕੇਵਲ ਸਿੰਘ, ਸਰਪੰਚ ਅਮਰੀਕ ਸਿੰਘ, ਤਹਿਸੀਲਦਾਰ ਅਕਵਿੰਦਰ ਕੌਰ, ਐਸ:ਸੀ ਵਿੰਗ ਦੇ ਹਲਕਾ ਇੰਚਾਰਜ ਮਨਜੀਤ ਸਿੰਘ, ਸਮਸ਼ੇਰ ਸਿੰਘ, ਅਜੈਬੀਰ ਸਿੰਘ, ਮੌਲਾ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਲੰਟੀਅਰਜ, ਡਿਫੈਂਸ ਕਮੇਟੀਆਂ ਦੇ ਮੈਂਬਰ ਅਤੇ ਸਰਪੰਚ ਹਾਜਰ ਸਨ।

# 28 ਜੂਨ ਨੂੰ ਫਿਰੋਜ਼ਪੁਰ ਵਿੱਚ ਕਰਵਾਈ ਜਾਵੇਗੀ ਅੰਗਦਾਨ ਅਤੇ ਯੂਰੋ ਕੈਂਸਰ ਜਾਗਰੂਕਤਾ ਮੈਰਾਥਨ

ਫ਼ਿਰੋਜ਼ਪੁਰ, 12 ਜੂਨ (ਮਨੋਹਰ ਲਾਲ) :— ਸਮਾਜ ਵਿੱਚ ਅੰਗਦਾਨ ਅਤੇ ਯੂਰੋ ਕੈਂਸਰ ਪ੍ਰਤੀ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ 28 ਜੂਨ ਨੂੰ ਫਿਰੋਜ਼ਪੁਰ ਵਿੱਚ ਵਿਸ਼ੇਸ਼ ਅੰਗਦਾਨ ਅਤੇ ਯੂਰੋ ਕੈਂਸਰ ਜਾਗਰੂਕਤਾ ਮੈਰਾਥਨ ਕਰਵਾਈ ਜਾਵੇਗੀ। ਇਹ ਪ੍ਰੋਗਰਾਮ ਆਈਕਾਈ ਹਸਪਤਾਲ ਅਤੇ ਆਈਕਾਈ ਇੰਸਟੀਚਿਊਟ ਆਫ ਯੂਰੋ ਓਨਕੋਲੋਜੀ ਐਂਡ ਰੋਬੋਟਿਕ ਕੈਂਸਰ ਸੈਂਟਰ ਲੁਧਿਆਣਾ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਦੇ ਨਾਲ ਹੀ ਸੰਸਥਾ ਵੱਲੋਂ ਯੂਰੋ ਕੈਂਸਰ, ਗੁਰਦਿਆਂ ਦੀਆਂ ਬਿਮਾਰੀਆਂ ਅਤੇ ਅੰਗਦਾਨ ਸਬੰਧੀ ਵਿਸ਼ਾਲ ਜਨ ਜਾਗਰੂਕਤਾ ਮੁਹਿੰਮ ਵੀ ਚਲਾਈ ਜਾਵੇਗੀ। ਗੱਲਬਾਤ ਕਰਦਿਆਂ ਖੰਨਾ ਹਸਪਤਾਲ ਦੇ ਡਾਇਰੈਕਟਰ ਡਾ: ਨਰੇਸ਼ ਖੰਨਾ ਨੇ ਦੱਸਿਆ ਕਿ ਮੈਰਾਥਨ ਦੀ ਸ਼ੁਰੂਆਤ 28 ਜੂਨ ਨੂੰ ਸਵੇਰੇ 7 ਵਜੇ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਫਿਰੋਜ਼ਪੁਰ ਤੋਂ ਹੋਵੇਗੀ। ਇਸ ਮੌਕੇ ਸੀਨੀਅਰ ਪੁਲਿਸ ਕਪਤਾਨ ਭੁਪਿੰਦਰ ਸਿੰਘ ਹਰੀ ਝੰਡੀ ਦਿਖਾ ਕੇ ਮੈਰਾਥਨ ਨੂੰ ਰਵਾਨਾ ਕਰਨਗੇ। ਸਮਾਗਮ ਵਿੱਚ ਵੱਖ—ਵੱਖ ਸਮਾਜਿਕ ਸੰਸਥਾਵਾਂ, ਸਿੱਖਿਆ ਸੰਸਥਾਵਾਂ, ਮੈਡੀਕਲ ਮਾਹਿਰਾਂ, ਪਤਵੰਤੇ ਵਿਅਕਤੀਆਂ ਅਤੇ ਹੋਰ ਸੰਸਥਾਵਾਂ ਦੇ ਨੁਮਾਇੰਦੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਆਈਕਾਈ ਹਸਪਤਾਲ ਅਤੇ ਆਈਕਾਈ ਇੰਸਟੀਚਿਊਟ ਆਫ ਯੂਰੋ ਓਨਕੋਲੋਜੀ ਐਂਡ ਰੋਬੋਟਿਕ ਕੈਂਸਰ ਸੈਂਟਰ ਲੁਧਿਆਣਾ ਦੇ ਚੇਅਰਮੈਨ ਮੁੱਖ ਯੂਰੋਲੋਜਿਸਟ, ਯੂਰੋ ਓਨਕੋਲੋਜਿਸਟ, ਰੋਬੋਟਿਕ ਅਤੇ ਟਰਾਂਸਪਲਾਂਟ ਸਰਜਨ ਡਾ: ਬਲਦੇਵ ਸਿੰਘ ਔਲਖ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਨੂੰ ਗੁਰਦੇ, ਬਲੈਡਰ ਅਤੇ ਪ੍ਰੋਸਟੇਟ ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਪ੍ਰਤੀ ਜਾਗਰੂਕ ਕਰਨਾ ਹੈ।ਉਨ੍ਹਾਂ ਕਿਹਾ ਕਿ ਸਮੇਂ ਸਿਰ ਜਾਂਚ, ਸਹੀ ਇਲਾਜ ਅਤੇ ਜਾਗਰੂਕਤਾ ਰਾਹੀਂ ਇਨ੍ਹਾਂ ਬਿਮਾਰੀਆਂ ਉੱਤੇ ਕਾਫ਼ੀ ਹੱਦ ਤੱਕ ਕਾਬੂ ਪਾਇਆ ਜਾ ਸਕਦਾ ਹੈ। ਡਾ: ਔਲਖ ਨੇ ਕਿਹਾ ਕਿ ਇਸ ਮੁਹਿੰਮ ਦੌਰਾਨ ਲੋਕਾਂ ਨੂੰ ਆਧੁਨਿਕ ਰੋਬੋਟਿਕ ਸਰਜਰੀ, ਮਿਨੀਮਲੀ ਇਨਵੇਸਿਵ ਕੈਂਸਰ ਇਲਾਜ ਤਕਨੀਕਾਂ, ਗੁਰਦਿਆਂ ਦੀ ਸਿਹਤ ਅਤੇ ਅੰਗਦਾਨ ਦੇ ਮਹੱਤਵ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇੱਕ ਬ੍ਰੇਨ ਡੈਡ ਵਿਅਕਤੀ ਵੱਲੋਂ ਕੀਤਾ ਗਿਆ ਅੰਗਦਾਨ ਕਈ ਲੋੜਵੰਦ ਮਰੀਜ਼ਾਂ ਨੂੰ ਨਵਾਂ ਜੀਵਨ ਦੇ ਸਕਦਾ ਹੈ ਅਤੇ ਸਮਾਜ ਵਿੱਚ ਅੰਗਦਾਨ ਪ੍ਰਤੀ ਸਕਾਰਾਤਮਕ ਸੋਚ ਵਿਕਸਿਤ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਤਹਿਤ ਪੁਲਿਸ ਕਰਮਚਾਰੀਆਂ ਲਈ ਮੁਫ਼ਤ ਯੂਰੋ ਕੈਂਸਰ, ਕਿਡਨੀ ਹੈਲਥ ਅਤੇ ਜਨਰਲ ਮੈਡੀਕਲ ਚੈਕਅੱਪ ਕੈਂਪ ਵੀ ਲਗਾਇਆ ਜਾਵੇਗਾ। ਕੈਂਪ ਵਿੱਚ ਪੀ.ਐਸ.ਏ. ਟੈਸਟ, ਬਲੱਡ ਸ਼ੂਗਰ ਟੈਸਟ, ਬਲੱਡ ਪ੍ਰੈਸ਼ਰ ਜਾਂਚ ਅਤੇ ਮਾਹਿਰ ਡਾਕਟਰਾਂ ਨਾਲ ਸਲਾਹ ਮਸ਼ਵਰੇ ਦੀ ਸਹੂਲਤ ਉਪਲਬਧ ਹੋਵੇਗੀ। ਇਸ ਤੋਂ ਇਲਾਵਾ ਕੈਂਸਰ ਦੀ ਸ਼ੁਰੂਆਤੀ ਪਛਾਣ, ਰੋਕਥਾਮ ਅਤੇ ਇਲਾਜ ਸਬੰਧੀ ਮਹੱਤਵਪੂਰਨ ਜਾਣਕਾਰੀ ਵੀ ਦਿੱਤੀ ਜਾਵੇਗੀ। ਆਯੋਜਕਾਂ ਨੇ ਮੀਡੀਆ ਅਦਾਰਿਆਂ, ਸਮਾਜਿਕ ਸੰਸਥਾਵਾਂ, ਸਿੱਖਿਆ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਇਸ ਲੋਕ ਭਲਾਈ ਮੁਹਿੰਮ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਜਾਗਰੂਕਤਾ ਸਮੇਂ ਸਿਰ ਜਾਂਚ ਅਤੇ ਅੰਗਦਾਨ ਪ੍ਰਤੀ ਸਕਾਰਾਤਮਕ ਸੋਚ ਅਪਣਾ ਕੇ ਅਨੇਕਾਂ ਲੋਕਾਂ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਹ ਮੈਰਾਥਨ ਸਿਰਫ਼ ਇੱਕ ਦੌੜ ਨਹੀਂ, ਸਗੋਂ ਤੰਦਰੁਸਤ ਸਮਾਜ ਅਤੇ ਜ਼ਿੰਦਗੀਆਂ ਬਚਾਉਣ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਇੱਕ ਉਪਰਾਲਾ ਹੈ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਮਨਾਇਆ ਵਿਸ਼ਵ ਬਾਲ ਮਜ਼ਦੂਰੀ ਦਿਵਸ



ਫ਼ਿਰੋਜ਼ਪੁਰ, 12 ਜੂਨ (ਮਨੋਹਰ ਲਾਲ) :— ਫਿਰੋਜ਼ਪੁਰ ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਨੇ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਦੇਖ ਰੇਖ ਹੇਠ ਬਾਲ ਮਜ਼ਦੂਰੀ ਵਿਰੁੱਧ ਵਿਸ਼ਵ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ। ਇਸ ਦਿਨ ਦਾ ਉਦੇਸ਼ ਨੌਜਵਾਨ ਪੀੜ੍ਹੀ ਨੂੰ ਬਾਲ ਮਜ਼ਦੂਰੀ ਦੇ ਮੁੱਦੇ ਅਤੇ ਹਰ ਬੱਚੇ ਦੇ ਅਧਿਕਾਰਾਂ ਦੀ ਰੱਖਿਆ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਗਤੀਵਿਧੀ ਦੌਰਾਨ ਵਿਦਿਆਰਥੀਆਂ ਨੂੰ ਬਾਲ ਅਧਿਕਾਰਾਂ ਬਾਰੇ ਜਾਗਰੂਕ ਕੀਤਾ ਗਿਆ, ਜਿਸ ਵਿੱਚ ਸਿੱਖਿਆ ਦਾ ਅਧਿਕਾਰ, ਸ਼ੋਸ਼ਣ ਤੋਂ ਸੁਰੱਖਿਆ ਦਾ ਅਧਿਕਾਰ, ਸਮਾਨਤਾ ਦਾ ਅਧਿਕਾਰ ਅਤੇ ਸੁਰੱਖਿਅਤ ਅਤੇ ਸਿਹਤਮੰਦ ਜੀਵਨ ਦਾ ਅਧਿਕਾਰ ਸ਼ਾਮਲ ਹਨ। ਉਨ੍ਹਾਂ ਨੇ ਸਿੱਖਿਆ ਕਿ ਬਚਪਨ ਸਿੱਖਣ, ਖੇਡਣ ਅਤੇ ਵਧਣ ਫੁੱਲਣ ਲਈ ਹੈ, ਨਾ ਕਿ ਬਾਲ ਮਜ਼ਦੂਰੀ ਅਤੇ ਜ਼ਬਰਦਸਤੀ ਮਜ਼ਦੂਰੀ ਲਈ। ਵਿਦਿਆਰਥੀਆਂ ਨੇ ਭਾਸ਼ਣਾਂ ਅਤੇ ਵਿਚਾਰ ਵਟਾਂਦਰੇ ਵਿੱਚ ਸਰਗਰਮੀ ਨਾਲ ਹਿੱਸਾ ਲਿਆ, ਆਪਣੇ ਅਧਿਕਾਰਾਂ ਦਾ ਆਨੰਦ ਮਾਣ ਰਹੇ ਬੱਚਿਆਂ ਤੇ ਜ਼ਬਰਦਸਤੀ ਮਜ਼ਦੂਰੀ ਕਰਨ ਵਾਲੇ ਬੱਚਿਆਂ ਵਿੱਚ ਅੰਤਰ ਨੂੰ ਉਜਾਗਰ ਕੀਤਾ। ਵਿਦਿਆਰਥੀਆਂ ਨੇ ਇਸ ਬਾਰੇ ਸ਼ਕਤੀਸ਼ਾਲੀ ਸੰਦੇਸ਼ ਵੀ ਸਾਂਝੇ ਕੀਤੇ ਕਿ ਸਿੱਖਿਆ ਕਿਵੇਂ ਜ਼ਿੰਦਗੀਆਂ ਨੂੰ ਬਦਲ ਸਕਦੀ ਹੈ ਅਤੇ ਇੱਕ ਬਿਹਤਰ ਭਵਿੱਖ ਬਣਾਉਣ ਵਿੱਚ ਮਦਦ ਕਰ ਸਕਦੀ ਹੈ। ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਬਾਲ ਮਜ਼ਦੂਰੀ ਇੱਕ ਸਮਾਜਿਕ ਬੁਰਾਈ ਹੈ ਅਤੇ ਹਰੇਕ ਵਿਅਕਤੀ ਨੂੰ ਇੱਕ ਅਜਿਹੀ ਦੁਨੀਆਂ ਬਣਾਉਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ ਜਿੱਥੇ ਸਾਰੇ ਬੱਚੇ ਆਜ਼ਾਦ, ਸਿੱਖਿਅਤ ਅਤੇ ਸੁਰੱਖਿਅਤ ਹੋਣ।

# ਡਰਾਇਵਰਾਂ ਦੀ ਸੁਰੱਖਿਆ ਯਕੀਨੀ ਬਣਾਏ ਸਰਕਾਰ, ਸ਼ਰਾਰਤੀ ਅੰਸਰਾਂ ਨੂੰ ਪਾਈ ਜਾਵੇ ਨੱਥ—ਗਿਆਨੀ ਸੁਖਦੇਵ ਸਿੰਘ ਖਾਲਸਾ




ਫ਼ਿਰੋਜ਼ਪੁਰ, 12 ਜੂਨ (ਮਨੋਹਰ ਲਾਲ) :— ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਗੱਲਬਾਤ ਕਰਦਿਆਂ ਪਿਛਲੇ ਦਿਨੀਂ ਹਰਿਆਣਾ ਵਿਖੇ ਇੱਕ ਦਿੱਲੀ ਦੇ ਰਹਿਣ ਵਾਲੇ ਨਿਹੰਗ ਸਿੰਘ ਬਾਣੇ ਵਿੱਚ ਸਵਾਰ ਟਰੱਕ ਡਰਾਈਵਰ ਅਤੇ ਬੱਸ ਡਰਾਈਵਰ ਵਿਚਾਲੇ ਹੋਏ ਝਗੜੇ ਤੇ ਡੂੰਘੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਦੌਰਾਨ ਟਰੱਕ ਦੀ ਭੰਨ ਤੋੜ ਕੀਤੀ ਗਈ ਅਤੇ ਗੁੱਸੇ ਵਿੱਚ ਆ ਕੇ ਸ਼ਸਤਰ ਕੱਢੇ ਗਏ, ਜਿਸ ਨਾਲ ਕਈ ਲੋਕਾਂ ਦੀ ਜਾਨ ਜੋਖਮ ਵਿੱਚ ਪੈ ਗਈ। ਜਥੇਦਾਰ ਖਾਲਸਾ ਨੇ ਜ਼ੋਰ ਦੇ ਕੇ ਕਿਹਾ ਕਿ ਚਾਹੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਰਾਜਸਥਾਨ ਜਾਂ ਕਿਸੇ ਵੀ ਹੋਰ ਰਾਜ ਦੇ ਡਰਾਈਵਰ ਹੋਣ, ਉਹ ਸਾਰੇ ਦਿਨ ਰਾਤ ਇੱਕ ਸੇਵਕ ਵਜੋਂ ਕੰਮ ਕਰਦੇ ਹਨ। ਇਸ ਲਈ ਹਰ ਇੱਕ ਰਾਜ ਸਰਕਾਰ ਦਾ ਫਰਜ਼ ਬਣਦਾ ਹੈ ਕਿ ਉਹ ਟਰੱਕ, ਬੱਸ ਅਤੇ ਟੈਕਸੀ ਡਰਾਈਵਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਏ। ਉਨ੍ਹਾਂ ਮੰਗ ਕੀਤੀ ਕਿ ਅਜਿਹੀਆਂ ਕੁੱਟਮਾਰ ਦੀਆਂ ਘਟਨਾਵਾਂ ਨੂੰ ਅੰਜਾਮ ਦੇਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਸਖ਼ਤੀ ਨਾਲ ਨੱਥ ਪਾਈ ਜਾਵੇ ਤਾਂ ਜੋ ਡਰਾਈਵਰ ਬਿਨਾਂ ਕਿਸੇ ਖ਼ੌਫ਼ ਦੇ ਆਪਣੀ ਡਿਊਟੀ ਨਿਭਾ ਸਕਣ।

# ਸ੍ਰੀ ਦਰਬਾਰ ਸਾਹਿਬ ਸਮੂਹ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਬੇਅਦਬੀ ਦੀ ਘਟਨਾ ਬਹੁਤ ਮੰਦਭਾਗੀ ਅਤੇ ਨਿੰਦਨਯੋਗ:ਚੇਅਰਮੈਨ ਭੋਮਾ

## ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਲਈ ਫਾਸਟ ਟਰੈਕ ਅਦਾਲਤਾਂ ਕਾਇਮ ਕੀਤੀਆਂ ਜਾਣ



**ਨਵੀਂ ਦਿੱਲੀ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਸਮੂਹ ਸਥਿਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੇ ਸਥਾਨ ਤੇ ਬੇਅਦਬੀ ਦੀ ਘਟਨਾ ਨੂੰ ਮੰਦਭਾਗਾ ਦੱਸਦਿਆਂ ਹੋਇਆ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਹਨਾਂ ਕਿਹਾ ਕਿ ਇਹਨਾਂ ਪੰਥ ਵਿਰੋਧੀ ਸ਼ਰਾਰਤੀ ਅਨਸਰਾਂ ਦੇ ਹੌਸਲੇ ਇੰਨੇ ਵੱਧ ਚੁੱਕੇ ਹਨ ਕਿ ਉਹ 24 ਘੰਟੇ ਸੰਗਤ ਨਾਲ ਭਰਪੂਰ ਰਹਿਣ ਵਾਲੇ ਸਥਾਨਾਂ ਤੇ ਬੇਅਦਬੀ ਕਰਨ ਤੋਂ ਨਹੀ ਡਰਦੇ। ਭੋਮਾ ਨੇ ਕਿਹਾ ਕਿ ਇਹਨਾਂ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇ ਕੇ ਇਹਨਾਂ ਪਿੱਛੇ ਜਿਹੜੀਆਂ ਤਾਕਤਾਂ ਕੰਮ ਕਰਵਾ ਰਹੀਆਂ ਹਨ ਉਹਨਾਂ ਨੂੰ ਜਲਦ ਤੋਂ ਜਲਦ ਸਾਹਮਣੇ ਲਿਆਂਦਾ ਜਾਏ ਤਾਂ ਜੋ ਅੱਗੇ ਤੋਂ ਏਹੋ ਜਿਹੀਆਂ ਘਟਨਾਵਾਂ ਵਾਪਰ ਤੋਂ ਰੋਕਿਆ ਜਾ ਸਕੇ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਇਹਨਾਂ ਦੋਸ਼ੀਆਂ ਵਿਰੁੱਧ ਬਣਾਏ ਗਏ ਕਾਨੂੰਨਾਂ ਦਾ ਵੀ ਇਹਨਾਂ ਉੱਤੇ ਕੋਈ ਅਸਰ ਨਹੀਂ। ਕਿਉਂਕਿ ਇਹਨਾਂ ਨੂੰ ਪਤਾ ਹੈ ਕਿ ਸਾਡੇ ਮਗਰ ਵੱਡੀਆਂ ਤਾਕਤਾਂ ਹਨ ਜਿਨਾਂ ਨੇ ਇਹਨਾਂ ਨੂੰ ਕੁਝ ਨਹੀਂ ਹੋਣ ਦੇਣਾ। ਉਹਨਾਂ ਨੇ ਇਹਨਾਂ ਨੂੰ ਮੰਦ ਬੁੱਧੀ ਜਾਂ ਡਿਪਰੈਸ਼ਨ ਦਾ ਮਰੀਜ਼ ਸਾਬਿਤ ਕਰਕੇ ਜੇਲਾਂ ਚੋਂ ਬਾਹਰ ਕਢਵਾ ਲੈਣਾ ਹੈ। ਭੋਮਾ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਹਨਾਂ ਦੀ ਸਖ਼ਤੀ ਨਾਲ ਤਫਤੀਸ਼ ਕਰਕੇ ਦੋਸ਼ੀਆਂ ਦੀ ਜੜ੍ਹ ਤੱਕ ਪਹੁੰਚਿਆ ਜਾਏ ਤਾਂ ਜੋ ਇਹਨਾਂ ਪਿੱਛੇ ਬੈਠੇ ਵੱਡੇ ਪੰਥ ਵਿਰੋਧੀ ਮਗਰਮੱਛਾਂ ਦਾ ਪਤਾ ਲੱਗ ਸਕੇ ਤੇ ਜਲਦੀ ਉਹਨਾਂ ਨੂੰ ਕਾਬੂ ਕਰਕੇ ਜੇਲਾਂ ਵਿੱਚ ਸੁੱਟਿਆ ਜਾ ਸਕੇ।

ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੇ

# ਸ਼ਹੀਦੀ ਦਿਹਾੜੇ ਸਮਰਪਿਤ ਕਰਵਾਏ ਗਏ ਮਹਾਨ ਗੁਰਮਤਿ ਸਮਾਗਮ

**☛ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਆਲ ਇੰਡੀਆ ਵੱਲੋਂ ਪਹੁੰਚੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਗਿਆ ☛ ਨਾਲ ਹੀ ਸ਼ਹੀਦੀ ਪਰਿਵਾਰਾਂ ਦਾ ਸਨਮਾਨ ਕੀਤਾ ਗਿਆ**














(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਤਰਨਤਾਰਨ, 12 ਜੂਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਜੂਨ 1984 ਦੇ ਘੱਲੂਘਾਰੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਵਿਖੇ 20ਵੀ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿੱਚ ਜੂਝ ਕੇ ਸ਼ਹਾਦਤ ਦਾ ਜਾਮ ਪੀਣ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੀ ਯਾਦ ਵਿੱਚ ਸ਼ਹੀਦੀ ਸਮਾਗਮ ਨਗਰ ਵਾੜਾ ਸ਼ੇਰ ਸਿੰਘ ਜਿਲਾ ਤਰਨ ਤਾਰਨ ਵਿਖੇ ਖਾਲਸਾਈ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ। ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਗ੍ਰਹਿ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਵਿਖੇ ਪੰਡਾਲ ਸਜੇ। ਸ਼ਹੀਦ ਭਾਈ ਸਰਵਣ ਸਿੰਘ ਜੀ ਦਾ ਪੋਤਰਾ ਰਾਗੀ ਭਾਈ ਕਿਰਪਾਲ ਸਿੰਘ ਜੀ ਦੇ ਜੱਥੇ ਵੱਲੋਂ ਮਨੋਹਰ ਬਾਣੀ ਦਾ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਕਥਾ ਵਾਚਕ ਭਾਈ ਦਿਲਬਾਗ ਸਿੰਘ ਜੀ ਬਲੇਰ ਵਾਲਿਆਂ ਨੇ ਸ਼ਹੀਦ ਸਿੰਘਾਂ ਦੇ ਇਤਿਹਾਸ ਨਾਲ ਸੰਗਤਾਂ ਨੂੰ ਜਾਣੂ ਕਰਾਇਆ। ਇਸ ਤੋਂ ਉਪਰੰਤ ਬਾਬਾ ਗੁਰਪ੍ਰੀਤ ਸਿੰਘ ਜੀ ਸੰਗਰੂਰ ਵਾਲਿਆਂ ਨੇ ਸ਼ਬਦ ਧਾਰਨਾ ਰਾਹੀਂ ਨਿਹਾਲ ਕੀਤਾ। ਸਮਾਗਮ ਵਿੱਚ ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੇ ਵਾਲਿਆਂ ਨੇ ਪਹੁੰਚ ਕੇ ਹਾਜ਼ਰੀ ਭਰੀ ਨਾਲ ਹੀ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਜਥੇਦਾਰ ਵਜ਼ੀਰ ਸਿੰਘ ਜੀ ਵਾਂ ਜ਼ਿਲ੍ਹਾ ਪ੍ਰਧਾਨ ਤਰਨਤਾਰਨ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਹਲਕਾ ਇੰਚਾਰਜ ਖੇਮਕਰਨ, ਭਾਈ ਸਤਨਾਮ ਸਿੰਘ ਜੀ ਅਲਗੋ ਖੁਰਦ ਸੀਨੀਅਰ ਮੀਤ ਪ੍ਰਧਾਨ ਤਰਨ ਤਾਰਨ ਧਾਰਮਿਕ ਵਿੰਗ, ਅਤੇ ਸਮੂਹ ਵਰਕਰ ਸਾਹਿਬਾਨਾਂ ਨੇ ਹਾਜ਼ਰੀ ਭਰੀ। ਸਮਾਗਮ ਵਿੱਚ ਪਹੁੰਚੇ ਸ਼ਹੀਦੀ ਪਰਿਵਾਰਾਂ ਦਾ ਸਨਮਾਨ ਕੀਤਾ ਗਿਆ।( ਇਸੇ ਤਰ੍ਹਾਂ ਜਥੇਦਾਰ ਦੇਵਾ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਸਪੁੱਤਰ ਡਾਕਟਰ ਨਿਸ਼ਾਨ ਸਿੰਘ ਜੀ ਵੱਲੋਂ ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਸਪੁੱਤਰ ਬਾਬਾ ਸੱਜਣ ਸਿੰਘ ਜੀ ਅਤੇ ਬਾਬਾ ਦਇਆ ਸਿੰਘ ਜੀ ਦੀਆਂ ਵਡਮੁੱਲੀਆਂ ਸੇਵਾਵਾਂ ਨਿਭਾਉਣ ਬਦਲੇ ਬਹੁਤ ਹੀ ਖੂਬ ਨਾਲ ਸਨਮਾਨ ਕੀਤਾ ਗਿਆ) ਸਮੂਹ ਪੰਥ ਸ਼ਖਸੀਅਤਾਂ ਵੱਲੋਂ ਸ਼ਹੀਦ ਭਾਈ ਸਰਵਣ ਸਿੰਘ ਜੀ ਦੀ ਧਰਮ ਪਤਨੀ ਬੀਬੀ ਗੁਰਵਿੰਦਰ ਕੌਰ ਜੀ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ ਸਟੇਜ ਸੈਕਟਰੀ ਦੀ ਸੇਵਾ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜਰ ਆਲ ਇੰਡੀਆ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਬਹੁਤ ਖੂਬੀ ਨਾਲ ਨਿਭਾਈ ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੁੱਟ ਵਰਤੀਆਂ। ਇਸ ਮੌਕੇ ਸ਼ਹੀਦ ਭਾਈ ਰਸਾਲ ਸਿੰਘ ਜੀ ਆਰਫਕੇ ਵਾਲਿਆਂ ਦੇ ਸਪੁੱਤਰ ਭਾਈ ਨਿਰਮਲ ਸਿੰਘ ਜੀ, ਭਾਈ ਸਤਨਾਮ ਸਿੰਘ ਜੀ ਪ੍ਰਧਾਨ ਰਾਗੀ ਸਭਾ ਮਲੋਟ, ਭਾਈ ਸਤਨਾਮ ਸਿੰਘ ਜੀ ਸਾਉਂਕੇ, ਭਾਈ ਅੰਗਰੇਜ ਸਿੰਘ ਜੀ ਕਲਸੀ ਠੇਕੇਦਾਰ, ਭਾਈ ਦਲੇਰ ਸਿੰਘ ਜੀ ਅਮਰਕੋਟ, ਗੁਰਪ੍ਰੀਤ ਸਿੰਘ ਸੰਗਰੂਰ, ਇੰਦਰਜੀਤ ਸਿੰਘ ਰੋਡੇ ਸ਼ਹੀਦ ਭਾਈ ਸਰਵਣ ਸਿੰਘ ਜੀ ਦਾ ਦੋਹਤਾ, ਬੀਬੀ ਹਰਬੰਸ ਕੌਰ ਅਲਗੋਂ ਵਾਲੇ, ਸ੍ਰ ਕੁਲਵੰਤ ਸਿੰਘ ਮੌਜੂਦਾ ਸਰਪੰਚ, ਸ੍ਰ ਗੁਰਦੇਵ ਸਿੰਘ, ਸ੍ਰ ਗੁਰਦੇਵ ਸਿੰਘ ਘਰਿਆਲਾ, ਸ੍ਰ ਗੁਰਦੇਵ ਸਿੰਘ ਜੀ ਸਰਪੰਚ ਬੱਲਿਆਂ ਵਾਲਾ, ਜਥੇਦਾਰ ਅਰੂੜ ਸਿੰਘ ਜੀ ਭਰਾਤਾ ਸ਼ਹੀਦ ਭਾਈ ਸਰਵਣ ਸਿੰਘ ਜੀ, ਗਗਨਦੀਪ ਸਿੰਘ ਗੰਗਾਨਗਰ ਰਾਜਸਥਾਨ, ਗੁਰਬਖਸ਼ ਸਿੰਘ, ਜਗਜੀਤ ਸਿੰਘ, ਹਰਪ੍ਰੀਤ ਸਿੰਘ, ਜੈਪਾਲ ਸਿੰਘ, ਸਿਮਰਨਜੀਤ ਸਿੰਘ, ਇਕਬਾਲ ਸਿੰਘ ਰੋਡੇ, ਸ੍ਰ ਨਿਸ਼ਾਨ ਸਿੰਘ ਸਭਰਾ, ਅਤੇ ਹੋਰ ਬੇਅੰਤ ਇਲਾਕਾ ਨਿਵਾਸੀ ਅਤੇ ਨਗਰ ਨਿਵਾਸੀ ਦੀਆਂ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੇ

# ਸ਼ਹੀਦੀ ਦਿਹਾੜੇ ਸਮਰਪਿਤ ਕਰਵਾਏ ਗਏ ਮਹਾਨ ਗੁਰਮਤਿ ਸਮਾਗਮ

**☛ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਆਲ ਇੰਡੀਆ ਵੱਲੋਂ ਪਹੁੰਚੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਗਿਆ ☛ ਨਾਲ ਹੀ ਸ਼ਹੀਦੀ ਪਰਿਵਾਰਾਂ ਦਾ ਸਨਮਾਨ ਕੀਤਾ ਗਿਆ**














ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243